22-OCT-PAGE-1.qxd 10/21/2024 10:57 PM Page 1

ਮੰਗਲਵਾਰ, 22 ਅਕਤੂਬਰ, 2024
6 ਕੱਤਕ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 142

ਨਵਾਂ ਜ਼ਮਾਨਾ

DAILY NAWAN ZAMANA • TUESDAY, 22 OCTOBER, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਦੀਪਿਕਾ ਨੇ ਚਾਂਦੀ ਦਾ ਤਮਗਾ ਜਿੱਤਿਆ

ਤਲਾਕਸਕਾਲਾ (ਮੈਕਸੀਕੋ) : ਭਾਰਤੀ ਤੀਰਅੰਦਾਜ਼ ਦੀਪਿਕਾ ਕੁਮਾਰੀ ਨੇ ਤੀਰਅੰਦਾਜ਼ੀ ਵਿਸ਼ਵ ਕੱਪ ਫਾਈਨਲ 'ਚ ਚਾਂਦੀ ਦੇ ਨਾਲ ਛੇਵਾਂ ਵਿਸ਼ਵ ਕੱਪ ਫਾਈਨਲ ਮੈਡਲ ਜਿੱਤਿਆ ਹੈ। ਫਾਈਨਲ 'ਚ ਉਹ ਚੀਨ ਦੀ ਲੀ ਜਿਯਾਮਨ ਤੋਂ 0-6 ਨਾਲ ਹਾਰ ਗਈ। 2010 ਕਾਮਨਵੈਲਥ ਖੇਡਾਂ ਦੀ ਚੈਂਪੀਅਨ ਨੇ ਕੁਆਰਟਰ ਅਤੇ ਸੈਮੀਫਾਈਨਲ 'ਚ ਜ਼ਬਰਦਸਤ ਪ੍ਰਦਰਸ਼ਨ ਕੀਤਾ ਸੀ ਅਤੇ ਕਾਂਸੀ ਤਮਗਾ ਜੇਤੂ ਐਲੇਜ਼ੈਂਡਰਾ ਵੈਲੇਂਸ਼ੀਆ ਨੂੰ ਉਸ ਦੇ ਘਰੇਲੂ ਮੈਦਾਨ 'ਤੇ 6-4 ਨਾਲ ਹਰਾਇਆ ਸੀ। ਦੀਪਿਕਾ ਨੇ ਕਿਹਾ ਕਿ ਇਸ ਵਿਸ਼ਵ ਕੱਪ ਦਾ ਹਿੱਸਾ ਬਣਨਾ ਅਤੇ ਜਿੱਤਣਾ ਮਾਣ ਵਾਲੀ ਗੱਲ ਹੈ। ਹੁਣ ਉਹ ਇਸ ਤੋਂ ਬਾਅਦ ਹੋਰ ਵੀ ਸਖਤ ਮਿਹਨਤ ਕਰੇਗੀ।

ਪਰਾਲੀ ਸਾੜਨ 'ਤੇ 14 ਕਿਸਾਨ ਗ੍ਰਿਫ਼ਤਾਰ ਤੇ ਜ਼ਮਾਨਤ 'ਤੇ ਰਿਹਾਅ

ਚੰਡੀਗੜ੍ਹ : ਹਰਿਆਣਾ ਦੇ ਕੈਥਲ ਜ਼ਿਲ੍ਹੇ ਦੇ ਡੀ ਐੱਸ ਪੀ (ਹੈੱਡਕੁਆਰਟਰ) ਬੀਰਭਾਨ ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਦੌਰਾਨ ਪਰਾਲੀ ਸਾੜਨ ਦੇ ਦੋਸ਼ 'ਚ 14 ਕਿਸਾਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ, ਪਰ ਬਾਅਦ 'ਚ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ, ਕਿਉਂਕਿ ਇਹ ਜੁਰਮ ਜ਼ਮਾਨਤਯੋਗ ਹੈ। ਸੁਪਰੀਮ ਕੋਰਟ ਨੇ ਬੁੱਧਵਾਰ ਪੰਜਾਬ ਅਤੇ ਹਰਿਆਣਾ ਸਰਕਾਰਾਂ ਦੀ ਪਰਾਲੀ ਸਾੜਨ ਦੇ ਦੋਸ਼ੀ ਲੋਕਾਂ 'ਤੇ ਮੁਕੱਦਮਾ ਨਾ ਚਲਾਉਣ 'ਤੇ ਖਿਚਾਈ ਕੀਤੀ ਸੀ।

ਕਰਨ ਜੌਹਰ ਨੇ ਅੱਧੀ ਕੰਪਨੀ ਵੇਚੀ

ਨਵੀਂ ਦਿੱਲੀ : ਮਸ਼ਹੂਰ ਨਿਰਮਾਤਾ-ਨਿਰਦੇਸ਼ਕ ਕਰਨ ਜੌਹਰ ਨੇ ਆਪਣੀ ਕੰਪਨੀ ਧਰਮਾ ਪ੍ਰੋਡਕਸ਼ਨ ਦਾ ਅੱਧਾ ਹਿੱਸਾ ਦਵਾ ਕੰਪਨੀ ਸੀਰਮ ਇੰਸਟੀਚਿਊਟ ਆਫ ਇੰਡੀਆ ਦੇ ਸੀ ਈ ਓ ਅਦਾਰ ਪੂਨਾਵਾਲਾ ਨੂੰ ਇਕ ਹਜ਼ਾਰ ਕਰੋੜ 'ਚ ਵੇਚ ਦਿੱਤਾ ਹੈ। ਹਾਲਾਂਕਿ ਕੰਪਨੀ ਦੀ ਅੱਧੀ ਹਿੱਸੇਦਾਰੀ ਧਰਮਾ ਪ੍ਰੋਡਕਸ਼ਨ ਕੋਲ ਰਹੇਗੀ ਅਤੇ ਕਰਨ ਜੌਹਰ ਐਗਜ਼ੀਕਿਊਟਿਵ ਚੇਅਰਮੈਨ ਬਣੇ ਰਹਿਣਗੇ।

ਚੀਨ ਤੇ ਭਾਰਤ ਲੱਦਾਖ ਦੇ ਦੋ ਖੇਤਰਾਂ 'ਚ ਫੌਜਾਂ ਪਿੱਛੇ ਕਰਨ ਲਈ ਰਾਜ਼ੀ

ਮੋਦੀ ਦੇ ਬ੍ਰਿਕਸ ਸੰਮੇਲਨ ਲਈ ਰੂਸ ਜਾਣ ਦੇ ਮੌਕੇ ਐਲਾਨ

ਨਵੀਂ ਦਿੱਲੀ : ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਸੋਮਵਾਰ ਕਿਹਾ ਕਿ ਭਾਰਤ ਅਤੇ ਚੀਨੀ ਵਾਰਤਾਕਾਰ ਪੂਰਬੀ ਲੱਦਾਖ 'ਚ ਅਸਲ ਕੰਟਰੋਲ ਰੇਖਾ (ਐੱਲ ਏ ਸੀ) ਦੇ ਨਾਲ ਗਸ਼ਤ ਕਰਨ ਲਈ ਇੱਕ ਸਮਝੌਤੇ 'ਤੇ ਪਹੁੰਚ ਗਏ ਹਨ। ਉਨ੍ਹਾ ਕਿਹਾ ਕਿ ਭਾਰਤ ਅਤੇ ਚੀਨੀ ਵਾਰਤਾਕਾਰ ਮੁੱਦਿਆਂ ਨੂੰ ਸੁਲਝਾਉਣ ਲਈ ਪਿਛਲੇ ਕੁੱਝ ਹਫਤਿਆਂ ਤੋਂ ਸੰਪਰਕ 'ਚ ਸਨ। ਮੰਨਿਆ ਜਾ ਰਿਹਾ ਹੈ ਕਿ ਸਮਝੌਤਾ ਡੇਪਸਾਂਗ ਅਤੇ ਡੇਮਚੋਕ ਖੇਤਰਾਂ 'ਚ ਗਸ਼ਤ ਨਾਲ ਸੰਬੰਧਤ ਹੈ। ਸਮਝੌਤੇ ਮੁਤਾਬਕ ਦੋਨੋਂ ਦੇਸ਼ਾਂ ਦੀਆਂ ਫੌਜਾਂ ਡੇਪਸਾਂਗ ਤੇ ਡੇਮਚੋਕ ਖੇਤਰ 'ਚੋਂ ਪਿੱਛੇ ਹਟਣਗੀਆਂ।

ਇਹ ਐਲਾਨ ਬ੍ਰਿਕਸ ਸੰਮੇਲਨ 'ਚ ਹਿੱਸਾ ਲੈਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਰੂਸੀ ਸ਼ਹਿਰ ਕਜ਼ਾਨ ਦੀ ਯਾਤਰਾ ਤੋਂ ਇਕ ਦਿਨ ਪਹਿਲਾਂ ਕੀਤਾ ਗਿਆ ਹੈ। ਹਾਲਾਂਕਿ ਇਸ ਬਾਰੇ ਕੋਈ ਅਧਿਕਾਰਤ ਬਿਆਨ ਸਾਹਮਣੇ ਨਹੀਂ ਆਇਆ ਹੈ, ਪਰ ਮੋਦੀ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਵੱਲੋਂ ਬ੍ਰਿਕਸ ਸੰਮੇਲਨ ਤੋਂ ਇਲਾਵਾ ਦੁਵੱਲੀ ਬੈਠਕ ਬਹੁਤ ਪੇਚੀਦਾ ਰਹੀ। ਉਮੀਦ ਹੈ ਕਿ ਅਸੀਂ ਅਮਨ ਵੱਲ ਵਧ ਰਹੇ ਹਾਂ। ਭਾਰਤ ਤੇ ਚੀਨ ਵਿਚਾਲੇ ਸਹਿਮਤੀ ਬਹੁਤ ਹਾਂ-ਪੱਖੀ ਹੈ। ਦੋਨੋਂ 2020 ਵਿਚ ਗਲਵਾਨ ਝੜਪ ਤੋਂ ਪਹਿਲਾਂ ਵਾਲੀ ਸਥਿਤੀ ਵੱਲ ਜਾ ਰਹੇ ਹਨ। ਇਹ ਦੇਖਣਾ ਦਿਲਚਸਪ ਹੋਵੇਗਾ ਕਿ ਇਸ ਸਹਿਮਤੀ ਦਾ ਅੱਗੇ ਕੀ ਅਸਰ ਹੁੰਦਾ ਹੈ।

ਕਰਨ ਦੇ ਕਿਆਸ ਲਾਏ ਜਾ ਰਹੇ ਹਨ। ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਐੱਨ ਡੀ ਟੀ ਵੀ ਦੇ ਪ੍ਰੋਗਰਾਮ ਵਿਚ ਵਿਦੇਸ਼ ਸਕੱਤਰ ਦੇ ਬਿਆਨ ਦੀ ਪ੍ਰੋੜ੍ਹਤਾ ਕਰਦਿਆਂ ਕਿਹਾ—ਚੀਨ ਨਾਲ ਠਰ੍ਹੰਮੇ ਦੀ ਰਣਨੀਤੀ ਕਾਰਨ ਇਹ ਕਾਮਯਾਬੀ ਮਿਲੀ ਹੈ। ਦੋਨੋਂ ਦੇਸ਼ ਅੱਗੇ ਵਧ ਰਹੇ ਹਨ। ਗੱਲਬਾਤ ਦੀ ਪ੍ਰਕਿਰਿਆ

ਭਾਰਤ ਲੈਣ-ਦੇਣ ਦੇ ਆਧਾਰ 'ਤੇ ਸੰਬੰਧ ਨਹੀਂ ਬਣਾਉਂਦਾ : ਮੋਦੀ

ਨਵੀਂ ਦਿੱਲੀ : ਵਿਸ਼ਵ ਭਾਈਚਾਰੇ ਨਾਲ ਭਾਰਤ ਦੇ ਸੰਬੰਧਾਂ ਦੀ ਬੁਨਿਆਦ ਵਿਸ਼ਵਾਸ ਅਤੇ ਭਰੋਸੇਯੋਗਤਾ ਨੂੰ ਉਜਾਗਰ ਕਰਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਕਿਹਾ ਕਿ ਭਾਰਤ 'ਲੈਣ-ਦੇਣ' ਦੇ ਆਧਾਰ 'ਤੇ ਸੰਬੰਧ ਨਹੀਂ ਬਣਾਉਂਦਾ। ਮੋਦੀ ਨੇ ਚੀਨ ਨੂੰ ਇਸ਼ਾਰੇ ਨਾਲ ਕਿਹਾ—ਸਾਡੀ ਤਰੱਕੀ ਦੁਨੀਆ ਲਈ ਖੁਸ਼ੀ ਲਿਆਉਂਦੀ ਹੈ, ਈਰਖਾ ਨਹੀਂ। ਦੋ-ਰੋਜ਼ਾ 'ਐੱਨ ਡੀ ਟੀ ਵੀ ਵਿਸ਼ਵ ਸੰਮੇਲਨ 2024-ਦਿ ਇੰਡੀਆ ਸੈਂਚੁਰੀ' ਸਮਾਗਮ 'ਚ ਮੁੱਖ ਭਾਸ਼ਣ ਦਿੰਦੇ ਹੋਏ ਮੋਦੀ ਨੇ ਕਿਹਾ ਕਿ ਇਹ ਅਹਿਸਾਸ ਵਧ ਰਿਹਾ ਹੈ ਕਿ ਭਾਰਤ ਇੱਕ ਅਜਿਹਾ ਦੇਸ਼ ਹੈ, ਜਿਸ ਦਾ ਵਿਕਾਸ ਵਿਸ਼ਵ ਭਰ 'ਚ ਜਸ਼ਨ ਲਿਆਉਂਦਾ ਹੈ। ਸਫਲ ਚੰਦਰਯਾਨ ਮਿਸ਼ਨ ਨੂੰ ਮਿਲਿਆ ਕੌਮਾਂਤਰੀ ਸਵਾਗਤ ਅਜਿਹੀ ਹੀ ਇੱਕ ਮਿਸਾਲ ਹੈ। ਗਲੋਬਲ ਅਰਥਵਿਵਸਥਾ ਦੀ ਧਾਰਨਾ ਨੂੰ ਭਾਰਤ ਦਾ ਤੋਹਫਾ ਦੱਸਦੇ ਹੋਏ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ—ਭਾਰਤ ਲੈਣ-ਦੇਣ ਦੇ ਆਧਾਰ 'ਤੇ ਸੰਬੰਧ ਨਹੀਂ ਬਣਾਉਂਦਾ ਹੈ। ਸਾਡੇ ਰਿਸ਼ਤੇ ਭਰੋਸੇ ਅਤੇ ਭਰੋਸੇਯੋਗਤਾ 'ਤੇ ਆਧਾਰਤ ਹਨ ਅਤੇ ਦੁਨੀਆ ਵੀ ਇਸ ਨੂੰ ਮਹਿਸੂਸ ਕਰ ਰਹੀ ਹੈ। ਕੋਵਿਡ ਸੰਕਟ ਨੂੰ ਯਾਦ ਕਰਦਿਆਂ ਉਨ੍ਹਾ ਕਿਹਾ—ਅਸੀਂ ਵੈਕਸੀਨ ਬਣਾਉਣ ਦੀ ਆਪਣੀ ਸਮਰੱਥਾ ਦੀ ਵਰਤੋਂ ਕਰਕੇ ਕਰੋੜਾਂ ਡਾਲਰ ਕਮਾ ਸਕਦੇ ਸੀ, ਇਹ ਭਾਰਤ ਲਈ ਲਾਭਦਾਇਕ ਹੁੰਦਾ, ਪਰ ਮਨੁੱਖਤਾ ਲਈ ਝਟਕਾ ਹੁੰਦਾ। ਸਾਡੀਆਂ ਕਦਰਾਂ-ਕੀਮਤਾਂ ਨੇ ਸਾਨੂੰ ਅਜਿਹਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਅਤੇ ਅਸੀਂ ਸੰਕਟ ਦੌਰਾਨ ਕਈ ਦੇਸ਼ਾਂ ਦੀ ਮਦਦ ਕੀਤੀ। ਦੁਨੀਆ ਨੇ ਇਹ ਵਿਸ਼ਵਾਸ ਕਰਨਾ ਸ਼ੁਰੂ ਕਰ ਦਿੱਤਾ ਹੈ ਕਿ ਭਾਰਤ ਆਫਤ ਦੌਰਾਨ ਭਰੋਸੇਮੰਦ ਸਾਥੀ ਹੈ।

ਲੁਟੇਰੇ ਤੇ ਫਿਰਕੂ ਨਿਜ਼ਾਮ ਨੂੰ ਉਲਟਾਉਣ ਲਈ ਨਛੱਤਰ ਧਾਲੀਵਾਲ ਦੀ ਵਿਚਾਰਧਾਰਾ 'ਤੇ ਚੱਲਣ ਦਾ ਸੱਦਾ

36ਵੀਂ ਬਰਸੀ 'ਤੇ ਕਾਮਰੇਡ ਗਿਰੀ ਤੇ ਸੀਨੀਅਰ ਸੂਬਾਈ ਲੀਡਰਸ਼ਿਪ ਵੱਲੋਂ ਸ਼ਰਧਾਂਜਲੀ

ਮੋਗਾ (ਇਕਬਾਲ ਸਿੰਘ ਖਹਿਰਾ)

ਹਰ ਸਾਲ ਦੀ ਤਰ੍ਹਾਂ ਇੱਥੇ ਸੋਮਵਾਰ ਬੱਸ ਸਟੈਂਡ ਵਿਖੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਵੱਲੋਂ ਕਿਰਤੀ ਵਰਗ ਦੇ ਹਰਮਨ-ਪਿਆਰੇ ਆਗੂ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ 36ਵੀਂ ਬਰਸੀ ਮੌਕੇ ਪੰਡਾਲ ਵਿੱਚ ਜੁੜੇ ਹਜ਼ਾਰਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਏਟਕ ਦੇ ਕੌਮੀ ਸਕੱਤਰ ਵਿੱਦਿਆ ਸਾਗਰ ਗਿਰੀ ਨੇ ਕਿਹਾ ਕਿ ਕਾਮਰੇਡ ਨਛੱਤਰ ਧਾਲੀਵਾਲ ਦੀ ਵਿਚਾਰਧਾਰਾ ਅੱਜ ਵੀ ਸਾਡੀ ਅਗਵਾਈ ਕਰਦੀ ਹੈ। ਉਹਨਾ ਦਾ ਕਿਰਤੀ ਵਰਗ ਦੇ ਹਿੱਤਾਂ ਨੂੰ ਸਮਰਪਿਤ ਅਡੋਲ ਜੀਵਨ ਸਾਡਾ ਮਾਰਗ-ਦਰਸ਼ਨ ਕਰਦਾ ਰਹੇਗਾ। ਉਹਨਾ ਦਾ ਬਲੀਦਾਨ ਦੇਸ਼ ਵਿੱਚ ਫਿਰਕੂ- ਫੁੱਟਪਾਊ ਸ਼ਕਤੀਆਂ ਦੇ ਖ਼ਿਲਾਫ਼ ਕਿਰਤੀਆਂ ਦੀ ਦੇਸ਼ਵਿਆਪੀ ਲਹਿਰ ਨੂੰ ਇੱਕਜੁੱਟ ਕਰਕੇ ਮੁਕਤੀ ਹਾਸਲ ਕਰਨ ਦੇ ਮਾਰਗ ਦੀ ਪ੍ਰੇਰਨਾ ਹੈ। ਅੱਜ ਜਦੋਂ ਦੇਸ਼ ਵਿੱਚ ਭਾਜਪਾ ਸਰਕਾਰ ਲੋਕਾਂ ਨੂੰ ਫਿਰਕੂ, ਫਾਸ਼ੀਵਾਦੀ ਤਰੀਕਿਆਂ ਨਾਲ ਵੰਡ ਰਹੀ ਹੈ। ਦੇਸ਼ ਦੇ ਏਅਰਪੋਰਟ, ਟੈਲੀਕਾਮ, ਸੜਕਾਂ, ਰੇਲਵੇ, ਬੈਂਕਾਂ, ਕੋਲਾ ਖਾਣਾਂ ਸਮੇਤ ਅਨੇਕਾਂ ਪਬਲਿਕ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਨੂੰ ਵੇਚ ਰਹੀ ਹੈ। ਕਿਸਾਨਾਂ ਤੋਂ ਜ਼ਮੀਨਾਂ, ਮੁਲਾਜ਼ਮਾਂ, ਮਜ਼ਦੂਰਾਂ ਤੋਂ ਪੈਨਸ਼ਨ- ਰੁਜ਼ਗਾਰ ਤੇ ਹੋਰ ਸਹੂਲਤਾਂ ਖੋਹ ਰਹੀ ਹੈ। ਦੇਸ਼ ਦੇ ਹਰੇਕ ਵਰਗ ਦੇ ਲੋਕਾਂ ਦੀ ਖੂਨ-ਪਸੀਨੇ ਦੀ ਕਮਾਈ ਨੂੰ ਟੈਕਸਾਂ ਰਾਹੀਂ ਹੜੱਪਿਆ ਜਾ ਰਿਹਾ ਅਤੇ ਪੂੰਜੀਵਾਦੀ ਘਰਾਣਿਆਂ ਨੂੰ ਬੇਹਿਸਾਬੀਆਂ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ, ਅਜਿਹੇ ਮੌਕੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦੀ ਵਿਚਾਰਧਾਰਾ ਦਾ ਸੁਨੇਹਾ ਹੈ ਕਿ ਲੁਟੇਰੇ ਅਤੇ ਫਿਰਕੂ ਨਿਜ਼ਾਮ ਦੀ ਸੱਤਾ ਬਦਲੀ ਜਾਵੇ। ਅਜਿਹੇ ਸਮੇਂ ਨਛੱਤਰ ਧਾਲੀਵਾਲ ਦੀ ਵਿਚਾਰਧਾਰਾ ਸਾਡਾ ਮਾਰਗ-ਦਰਸ਼ਨ ਹੈ ਕਿ ਦੇਸ਼ ਵਿੱਚ ਮਿਹਨਤਕਸ਼ ਅਵਾਮ ਲਈ ਰੁਜ਼ਗਾਰ, ਵਿੱਦਿਆ, ਖੁਰਾਕ, ਰਿਹਾਇਸ਼ ਅਤੇ ਹੋਰ ਸਹੂਲਤਾਂ ਵਾਲਾ ਪ੍ਰਬੰਧ ਸਥਾਪਤ ਕੀਤਾ ਜਾਵੇ। ਆਓ, ਇਸ ਲਈ ਕਿਰਤੀ ਵਰਗ ਨੂੰ ਜੱਥੇਬੰਦ ਕਰੀਏ, ਇਹੀ ਉਹਨਾ ਨੂੰ ਸੱਚੀ ਸ਼ਰਧਾਂਜਲੀ ਹੈ।

ਇਸ ਮੌਕੇ ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਖ਼ਜ਼ਾਨੇ ਵਿੱਚੋਂ ਕਰੋੜਾਂ ਰੁਪਿਆ ਇਸ਼ਤਿਹਾਰਬਾਜ਼ੀ, ਦੂਜੇ ਸੂਬਿਆਂ ਤੇ ਵਿਦੇਸ਼ੀ ਦੌਰਿਆਂ ਉੱਤੇ ਪਾਣੀ ਵਾਂਗ ਰੋੜ੍ਹ ਰਹੀ ਹੈ। ਮੁਲਾਜ਼ਮਾਂ ਤੇ ਪੰਜਾਬ ਦੇ ਆਮ ਲੋਕਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਤੋਂ ਭੱਜ ਗਈ ਹੈ, ਉਲਟਾ ਵਾਅਦੇ ਲਾਗੂ ਕਰਨ ਦੀ ਮੰਗ ਕਰਨ ਵਾਲਿਆਂ ਨੂੰ ਹੀ ਸੜਕਾਂ ਉੱਤੇ ਘੜੀਸਿਆ ਜਾ ਰਿਹਾ ਹੈ। ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ, ਰੋਜ਼ ਹੁੰਦੀਆਂ ਵਾਰਦਾਤਾਂ ਅਤੇ ਲੁੱਟਾਂ-ਖੋਹਾਂ ਨਾਲ ਸਭ ਦੇ ਸਾਹਮਣੇ ਹੈ। ਕਿਸਾਨੀ, ਮਜ਼ਦੂਰਾਂ ਅਤੇ ਜਵਾਨੀ ਦੇ ਮਸਲੇ ਹੱਲ ਕਰਨ ਦੀ ਬਜਾਏ ਪੰਜਾਬ ਸਰਕਾਰ ਸਿਵਾਏ ਚੁਟਕਲਿਆਂ ਤੇ ਲਾਰਿਆਂ ਤੋਂ ਬਗੈਰ ਕੁਝ ਨਹੀਂ ਕਰ ਰਹੀ। ਪੰਜਾਬ ਸਰਕਾਰ ਮੋਦੀ ਸਰਕਾਰ ਦੀ ਤਰਜ਼ ਉੱਤੇ ਮੁਲਾਜ਼ਮਾਂ ਦੀ ਪੈਨਸ਼ਨ ਅਤੇ ਰੈਗੂਲਰ ਭਰਤੀ ਤੋਂ ਟਾਲਾ ਵੱਟ ਰਹੀ ਹੈ। ਪੰਜਾਬ ਵਿੱਚ ਨਿੱਜੀ ਫਰਮਾਂ ਤੋਂ ਨਿਵੇਸ਼ ਕਰਵਾਉਣ ਦਾ ਢੰਡੋਰਾ ਪਿੱਟਿਆ ਜਾ ਰਿਹਾ ਅਤੇ ਦੂਜੇ ਪਾਸੇ ਕਮਾਈ ਦੇ ਸਰਕਾਰੀ ਮਹਿਕਮਿਆਂ ਨੂੰ ਬੰਦ ਕੀਤਾ ਜਾ ਰਿਹਾ ਹੈ। ਫਾਇਨਾਂਸ ਕੰਪਨੀਆਂ ਖੇਤੀ ਤੋਂ ਲੈ ਕੇ ਛੋਟੇ ਕਾਰੋਬਾਰੀਆਂ, ਮਜ਼ਦੂਰਾਂ, ਦੁਕਾਨਦਾਰਾਂ ਨੂੰ ਨਿਚੋੜ ਰਹੀਆਂ ਹਨ, ਲੋਕਾਂ ਦੀ ਖੂਨ-ਪਸੀਨੇ ਦੀ ਕਮਾਈ ਨੂੰ ਮੋਟੇ ਵਿਆਜ ਰਾਹੀਂ ਹੂੰਝਿਆ ਜਾ ਰਿਹਾ ਹੈ। ਕਿਸਾਨੀ ਨੂੰ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਦੀ ਬਜਾਏ ਦੇਸ਼ ਕਾਰਪੋਰੇਟ ਘਰਾਣਿਆਂ ਨੂੰ ● ਬਾਕੀ ਸਫ਼ਾ 2 'ਤੇ

ਦੀਵਾਲੀ ਵਿਸ਼ੇਸ਼ ਸਪਲੀਮੈਂਟ

ਨਿਰਮਲ ਕੁਮਾਰ ਫਿਲੌਰ 98147-04346	ਰਾਜੀਵ ਗੋਇਲ ਭਗਤਾ ਭਾਈਕਾ 92179-00426	ਰਮੇਸ਼ ਕਟਾਰੀਆ ਰਾਜਪੁਰਾ 99880-13675
ਸੁਖਵਿੰਦਰ ਸਫਰੀ ਟੂਟੋਮਜਾਰਾ 99158-16713	ਰਮਨ ਚੱਢਾ ਚੋਹਲਾ ਸਾਹਿਬ 98722-26721	ਇਕਬਾਲ ਸਿੰਘ ਮੋਗਾ 97798-39323
ਅਮਿਤ ਖੰਨਾ ਜਗਰਾਓਂ 99140-20819	ਸੰਜੀਵ ਅਰੋੜਾ ਜਗਰਾਓਂ 98145-56990	ਐਡਵੋਕੇਟ ਸਤੀਸ਼ ਕੁਮਾਰ ਭੀਰੀ (ਜੈਤੋ) 94176-12036
ਇਕਬਾਲ ਸਿੰਘ ਸਮਾਣਾ 98550-29206	ਹਰਬਿੰਦਰ ਸਿੰਘ ਰਾਣਾ ਵੇਰਕਾ 98881-45991	ਗੁਰਪ੍ਰੀਤ ਭੋਗਲ ਭੋਗਪੁਰ 94636-82748

ਦੀਵਾਲੀ ਦੇ ਸ਼ੁੱਭ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

-ਜਨਰਲ ਮੈਨੇਜਰ

ਸੰਜੌਲੀ ਮਸਜਿਦ ਦੀਆਂ ਨਜਾਇਜ਼ ਮੰਜ਼ਲਾਂ ਢਾਹੁਣ ਦਾ ਕੰਮ ਸ਼ੁਰੂ

ਸ਼ਿਮਲਾ : ਇੱਥੇ ਸੰਜੌਲੀ ਵਿਖੇ ਮਸਜਿਦ ਦੀਆਂ ਨਾਜਾਇਜ਼ ਮੰਜ਼ਲਾਂ ਨੂੰ ਢਾਹੁਣ ਦਾ ਕੰਮ ਸ਼ੁਰੂ ਹੋ ਗਿਆ ਹੈ। ਸੰਜੌਲੀ ਮਸਜਿਦ ਕਮੇਟੀ ਦੇ ਪ੍ਰਧਾਨ ਮੁਹੰਮਦ ਲਤੀਫ ਨੇ ਦੱਸਿਆ ਕਿ ਕਮੇਟੀ ਨੂੰ ਮੰਜ਼ਲਾਂ ਢਾਹੁਣ ਲਈ ਹਿਮਾਚਲ ਵਕਫ ਬੋਰਡ ਤੋਂ ਨੋ ਆਬਜੈਕਸ਼ਨ ਸਰਟੀਫਿਕੇਟ (ਐੱਨ ਓ ਸੀ) ਮਿਲ ਗਿਆ ਹੈ। ਉਨ੍ਹਾ ਦੱਸਿਆ ਕਿ ਢਾਹ-ਢੁਆਈ ਬਾਰੇ ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮ ਸ਼ਿਮਲਾ ਤੇ ਐੱਸ ਪੀ ਨੂੰ ਜਾਣੂੰ ਕਰਵਾ ਦਿੱਤਾ ਗਿਆ ਹੈ। ਢਾਹ-ਢੁਆਈ ਨੂੰ ਤਿੰਨ-ਚਾਰ ਮਹੀਨੇ ਲੱਗ ਜਾਣਗੇ, ਕਿਉਂਕਿ ਕਮੇਟੀ ਨੇ ਪੈਸੇ ਆਪਣੇ ਕੋਲੋਂ ਲਾਉਣੇ ਹਨ। ਨਗਰ ਨਿਗਮ ਕਮਿਸ਼ਨਰ ਦੀ ਕੋਰਟ ਨੇ ਨਾਜ਼ਾਇਜ਼ ਉਸਾਰੀ ਢਾਹੁਣ ਦੀ ਹਦਾਇਤ ਕੀਤੀ ਸੀ। ਇਸ ਤੋਂ ਬਾਅਦ ਕਮੇਟੀ ਨੇ ਵਕਫ ਬੋਰਡ ਤੋਂ ਆਗਿਆ ਲਈ, ਕਿਉਂਕਿ ਜਾਇਦਾਦ ਉਸ ਦੀ ਹੈ। ਨਾਜਾਇਜ਼ ਉਸਾਰੀ ਖਿਲਾਫ ਹਿੰਦੂ ਜਥੇਬੰਦੀਆਂ ਨੇ ਅੰਦੋਲਨ ਕੀਤਾ ਸੀ। ਕਮੇਟੀ ਨੇ ਉਦੋਂ ਹੀ ਕਹਿ ਦਿੱਤਾ ਸੀ ਕਿ ਉਹ ਨਾਜਾਇਜ਼ ਉਸਾਰੀ ਕਮਿਸ਼ਨਰ ਦੇ ਕਹਿਣ 'ਤੇ ਖ

22-OCT-PAGE-1.qxd 10/21/2024 10:58 PM Page 2

ਤਲਵੰਡੀ ਭੰਗੇਰੀਆਂ ਨੂੰ ਪੰਜਾਬ ਸਰਕਾਰ ਵੱਧ ਤੋਂ ਵੱਧ ਗਰਾਂਟ ਦੇਵੇ : ਨਿਹਾਲ ਸਿੰਘ ਭੁੱਲਰ

ਅਜੀਤਵਾਲ (ਨਛੱਤਰ ਸੰਧੂ)-ਪਿੰਡ ਤਲਵੰਡੀ ਭੰਗੇਰੀਆਂ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਪੰਚ ਬਣੀ ਬੀਬੀ ਪਰਮਜੀਤ ਕੌਰ ਨੂੰ ਵਧਾਈ ਦਿੰਦਿਆਂ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਸਰਪੰਚ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆ ਨੇ ਕਿਹਾ ਕਿ ਬੀਬੀ ਪਰਮਜੀਤ ਕੌਰ ਦੇ ਸਰਪੰਚ ਬਣਨ ਨਾਲ ਪਿੰਡ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਉਨ੍ਹਾ ਕਿਹਾ ਕਿ ਬੀਬੀ ਜੀ ਬਹੁਤ ਹੀ ਪੜ੍ਹੇ ਲਿਖੇ ਤੇ ਸੂਝਵਾਨ ਸ਼ਖਸੀਅਤ ਹਨ, ਜਿਨ੍ਹਾਂ ਦੇ ਬਣਨ ਨਾਲ ਪਿੰਡ ਦੇ ਵਿਕਾਸ ਦੇ ਕੰਮ ਜੰਗੀ ਪੱਧਰ 'ਤੇ ਹੋਣਗੇ। ਉਨ੍ਹਾ ਕਿਹਾ ਕਿ ਬੜੇ ਮਾਣ ਦੀ ਗੱਲ ਹੈ ਕਿ ਬੀਬੀ ਨੇ ਸੱਤਾਧਾਰੀ ਧਿਰ ਦੇ ਉਮੀਦਵਾਰ ਨੂੰ ਵੀ ਮਾਤ ਦੇ ਕੇ ਬੜੇ ਵੱਡੇ ਫਰਕ ਨਾਲ ਇਹ ਚੋਣ ਜਿੱਤ ਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾ ਕਿਹਾ ਕਿ ਸਾਡੀ ਸਮੁੱਚੀ ਟੀਮ ਉਨ੍ਹਾ ਨਾਲ ਡੱਟ ਕੇ ਖੜੀ ਹੈ, ਜਿੱਥੇ ਕਿਤੇ ਵੀ ਇਨ੍ਹਾਂ ਨੂੰ ਸਾਡੀ ਲੋੜ ਹੋਵੇਗੀ, ਅਸੀਂ ਹਮੇਸ਼ਾ ਉਨ੍ਹਾ ਦੇ ਨਾਲ ਖੜੇ ਹੋਵਾਂਗੇ। ਉਨ੍ਹਾ ਕਿਹਾ ਕਿ ਪਿੰਡ ਦੇ ਹਾਲੇ ਬਹੁਤ ਸਾਰੇ ਅਧੂਰੇ ਕਾਰਜ ਪਏ ਹਨ, ਜਿਨ੍ਹਾਂ ਨੂੰ ਬੜੀ ਜਲਦੀ ਕਰਨਾ ਜ਼ਰੂਰੀ ਹੈ। ਅਖੀਰ ਵਿੱਚ ਉਨ੍ਹਾ ਸਮੁੱਚੀ ਗਰਾਮ ਪੰਚਾਇਤ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਪਿੰਡ ਨੂੰ ਹੋਰ ਵੀ ਸੋਹਣਾ ਬਣਾਉਣ ਲਈ ਵੱਧ ਤੋਂ ਵੱਧ ਗਰਾਂਟ ਦਿੱਤੀ ਜਾਵੇ।

ਰੋਟਰੀ ਕਲੱਬ ਨੇ ਰਿਆਸਤ-ਏ-ਰਾਣਾ 'ਚ ਕਰਵਾ ਚੌਥ ਮਨਾਇਆ

ਸਰਹਿੰਦ (ਪ੍ਰਮੋਦ ਭਾਰਦਵਾਜ)-ਕਰਵਾ ਚੌਥ ਦੇ ਸ਼ੁਭ ਅਵਸਰ 'ਤੇ ਰੋਟਰੀ ਕਲੱਬ ਸਰਹਿੰਦ ਦੀਆਂ ਬੀਬੀਆਂ ਨੇ ਰਿਆਸਤ-ਏ-ਰਾਣਾ ਸਰਹਿੰਦ ਵਿਖੇ ਇਕੱਤਰ ਹੋ ਕੇ ਤਿਉਹਾਰ ਨੂੰ ਬੜੇ ਉਤਸ਼ਾਹ, ਮੌਜ-ਮਸਤੀ ਤੇ ਡਾਂਸ ਨਾਲ ਮਨਾਇਆ।ਸ਼ਾਮ ਹਾਸੇ, ਪ੍ਰੰਪਰਾਗਤ ਗੀਤਾਂ ਤੇ ਡਾਂਸ ਨਾਲ ਭਰੀ ਹੋਈ ਸੀ, ਜਿਸ ਨੇ ਇੱਕ ਯਾਦਗਾਰੀ ਮਾਹੌਲ ਸਿਰਜਿਆ, ਜੋ ਏਕਤਾ ਤੇ ਤਿਉਹਾਰ ਦੀ ਭਾਵਨਾ ਨੂੰ ਉਜਾਗਰ ਕਰਦਾ ਸੀ।ਕਰਵਾ ਚੌਥ ਭਾਰਤੀ ਪ੍ਰੰਪਰਾ ਵਿੱਚ ਇੱਕ ਮਹੱਤਵਪੂਰਨ ਤਿਉਹਾਰ ਹੈ, ਜੋ ਵਿਆਹੀਆਂ ਔਰਤਾਂ ਦੁਆਰਾ ਮਨਾਇਆ ਜਾਂਦਾ ਹੈ, ਜੋ ਆਪਣੇ ਪਤੀ ਦੀ ਸਿਹਤ, ਤੰਦਰੁਸਤੀ ਤੇ ਲੰਬੀ ਉਮਰ ਲਈ ਇੱਕ ਦਿਨ ਦਾ ਵਰਤ ਰੱਖਦੀਆਂ ਹਨ।ਇਹ ਰਸਮ ਪਿਆਰ, ਸਮਰਪਣ ਤੇ ਵਿਆਹੁਤਾ ਖੁਸ਼ਹਾਲੀ ਦੇ ਬੰਧਨ ਦਾ ਪ੍ਰਤੀਕ ਹੈ।ਚੰਦ ਦੇ ਦਰਸ਼ਨ ਕਰਨ ਤੋਂ ਬਾਅਦ ਵਰਤ ਤੋੜਿਆ ਜਾਂਦਾ ਹੈ, ਇਸ ਤੋਂ ਬਾਅਦ ਖੁਸ਼ਹਾਲੀ ਤੇ ਏਕਤਾ ਲਈ ਪ੍ਰਾਰਥਨਾਵਾਂ ਹੁੰਦੀਆਂ ਹਨ।ਰਿਆਸਤ-ਏ-ਰਾਣਾ ਵਿਖੇ ਸਮਾਗਮ ਸਾਰੇ ਹਾਜ਼ਰੀਨ ਦੀ ਜੀਵੰਤ ਭਾਗੀਦਾਰੀ ਦੁਆਰਾ ਦਰਸਾਇਆ ਗਿਆ ਸੀ, ਜੋ ਕਿਰਪਾ ਤੇ ਉਤਸ਼ਾਹ ਨਾਲ ਕਰਵਾ ਚੌਥ ਦੇ ਰੀਤੀ-ਰਿਵਾਜਾਂ ਦਾ ਸਨਮਾਨ ਕਰਨ ਲਈ ਇਕੱਠੇ ਹੋਏ ਸਨ।ਇਹ ਜਸ਼ਨ ਪ੍ਰੰਪਰਾ ਤੇ ਆਧੁਨਿਕਤਾ ਦਾ ਇੱਕ ਸੁੰਦਰ ਸੁਮੇਲ ਸੀ, ਜੋ ਮਜ਼ਬੂਤ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਦਰਸਾਉਂਦਾ ਹੈ ਤੇ ਭਾਈਚਾਰੇ ਨੂੰ ਇਕੱਠੇ ਬੰਨ੍ਹਦੇ ਹਨ।

ਵਿਦਿਆਰਥੀਆਂ ਨੂੰ ਸੇਬੀ ਬਾਰੇ ਦਿੱਤੀ ਜਾਣਕਾਰੀ

ਸੁਨਾਮ (ਅਸ਼ੋਕ ਬਾਂਸਲ, ਹਾਕਮ ਸਿੰਘ ਭੱਟੀ)-ਸੁਨਾਮ ਊਧਮ ਸਿੰਘ ਸਰਕਾਰੀ ਕਾਲਜ ਵਿਖੇ ਪ੍ਰਿੰਸੀਪਲ (ਡਾ.) ਸੁਖਵਿੰਦਰ ਸਿੰਘ ਦੀ ਅਗਵਾਈ ਅਧੀਨ ਕਾਮਰਸ ਤੇ ਇਕਨਾਮਿਕਸ ਵਿਭਾਗ ਵੱਲੋਂ ਦੋ ਰੋਜ਼ਾ ਸੈਮੀਨਾਰ 16/10/24 ਤੋਂ 18/10/24 ਨੂੰ ਕਰਵਾਇਆ ਗਿਆ, ਜਿਸ ਵਿੱਚ ਨੈਸ਼ਨਲ ਇੰਸਟੀਚਿਊਟ ਫਾਰ ਸਕਿਉਰਟੀਜ਼ ਮਾਰਕੀਟਿਕ ਦੇ ਰਿਸੋਰਸ ਪਰਸਨ ਸ੍ਰੀ ਅਸ਼ੋਕ ਸਿੰਗਲਾ ਨੇ ਵਿਦਿਆਰਥੀਆਂ ਨੂੰ ਸੇਬੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸਟਾਕ ਮਾਰਕੀਟ ਵਿੱਚ ਨਿਵੇਸ਼ ਕਰਨ ਦੇ ਵੱਖ-ਵੱਖ ਤਰੀਕਿਆਂ ਤੋਂ ਜਾਣੂ ਕਰਵਾਇਆ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਸਕਿਉਰਟੀਜ਼ ਮਾਰਕੀਟ ਵਿੱਚ ਉਪਲਬਧ ਵੱਖ ਵੱਖ ਨੌਕਰੀਆਂ ਦੇ ਮੌਕੇ ਬਾਰੇ ਵੀ ਜਾਗਰੂਕ ਕੀਤਾ।ਇਸ ਮੌਕੇ ਪ੍ਰਿੰਸੀਪਲ ਸਾਹਿਬ ਵੱਲੋਂ ਵਿਦਿਆਰਥੀਆਂ ਨੂੰ ਸਟਾਕ ਮਾਰਕੀਟ ਵਿੱਚ ਠੀਕ ਢੰਗ ਤੇ ਸੋਚ ਸਮਝ ਕੇ ਨਿਵੇਸ਼ ਕਰਨ ਦੀ ਜਾਣਕਾਰੀ ਦਿੱਤੀ।ਡਾ. ਮਨੀਤਾ ਜੋਸ਼ੀ ਨੇ ਅਸ਼ੋਕ ਸਿੰਗਲਾ ਨੂੰ ਕਾਲਜ ਵਿੱਚ ਆਉਣ 'ਤੇ ਜੀ ਆਇਆਂ ਕਿਹਾ ਤੇ ਡਾ. ਪਰਮਿੰਦਰ ਕੌਰ ਨੇ ਅਸ਼ੋਕ ਸਿੰਗਲਾ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਪ੍ਰੋ. ਸਿਮਰਨਜੀਤ ਕੌਰ, ਪ੍ਰੋ. ਮਨਪ੍ਰੀਤ ਖੁਰਮੀ ਹਾਜ਼ਰ ਸਨ।

ਸਰਬੱਤ ਦਾ ਭਲਾ ਟਰੱਸਟ ਨੇ 220 ਲੋੜਵੰਦਾਂ ਨੂੰ ਦਿੱਤੀ ਸਹਾਇਤਾ ਰਾਸ਼ੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਕੁਲਭੂਸ਼ਨ ਚਾਵਲਾ)-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਡੇਰਾ ਭਾਈ ਮਸਤਾਨ ਸਿੰਘ ਸ੍ਰੀ ਮੁਕਤਸਰ ਸਾਹਿਬ ਵਿਖੇ 220 ਲੋੜਵੰਦ ਪਰਵਾਰਾਂ ਨੂੰ ਮਹੀਨਾਵਾਰ ਸਹਾਇਤਾ ਰਾਸ਼ੀ ਦੇ ਚੈੱਕ ਮਹੰਤ ਕਸ਼ਮੀਰ ਸਿੰਘ ਦੀ ਹਾਜ਼ਰੀ ਵਿੱਚ ਤਕਸੀਮ ਕੀਤੇ ਗਏ ਅਤੇ ਸ਼ਮਿੰਦਰਜੀਤ ਸਿੰਘ ਬਰਾੜ ਲੱਖੇਵਾਲੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਹ ਸਹਾਇਤਾ ਰਾਸ਼ੀ ਕੰਮ ਕਰਨ ਤੋਂ ਅਸਮਰਥ ਬਜ਼ੁਰਗਾਂ, ਬੇਸਹਾਰਾ ਬਜ਼ੁਰਗਾਂ, ਬੱਚਿਆਂ, ਆਰਥਿਕ ਤੌਰ 'ਤੇ ਕਮਜ਼ੋਰ ਵਿਧਵਾਵਾਂ ਨੂੰ ਹਰ ਮਹੀਨੇ ਦਿੱਤੀ ਜਾਂਦੀ ਹੈ।ਇਸ ਤੋਂ ਇਲਾਵਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਨੌਜਵਾਨ ਲੜਕੇ-ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਮੁਫ਼ਤ ਸਿਖਲਾਈ ਸੈਂਟਰ (ਕੰਪਿਊਟਰ, ਬਿਊਟੀ ਪਾਰਲਰ, ਸਿਲਾਈ) ਖੋਲ੍ਹੇ ਜਾ ਰਹੇ ਹਨ ਤਾਂ ਜੋ ਇਹ ਨੌਜਵਾਨ ਅਪਣੇ ਪੈਰਾਂ 'ਤੇ ਖੜੇ ਹੋ ਸਕਣ।ਇਸ ਤੋਂ ਇਲਾਵਾ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਨੂੰ ਪੜ੍ਹਾਈ ਜਾਰੀ ਰੱਖਣ ਲਈ ਬਹੁਤ ਵੱਡੇ ਪੱਧਰ ਤੇ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੌਕੇ ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ, ਮਲਕੀਤ ਸਿੰਘ ਰਿਟਾਇਰਡ ਬੈਂਕ ਮੈਨੇਜਰ ਮੀਤ ਪ੍ਰਧਾਨ, ਬਲਵਿੰਦਰ ਸਿੰਘ ਬਰਾੜ ਰਿਟਾ. ਪ੍ਰਿੰਸੀਪਲ ਸਕੱਤਰ, ਗੁਰਪਾਲ ਸਿੰਘ ਪਾਲੀ, ਗੁਰਜੀਤ ਸਿੰਘ ਜੀਤਾ, ਬਲਜੀਤ ਸਿੰਘ ਮਾਨ ਰਿਟਾਇਰਡ ਪ੍ਰਿੰਸੀਪਲ, ਗੁਰਚਰਨ ਸਿੰਘ ਆਸਟ੍ਰੇਲੀਆ ਵਾਲੇ, ਅਸ਼ੋਕ ਕੁਮਾਰ, ਸੋਮਨਾਥ, ਮਾਸਟਰ ਰਜਿੰਦਰ ਸਿੰਘ, ਬਰਨੇਕ ਸਿੰਘ ਰਿਟਾਇਰਡ ਲੈਕਚਰਾਰ, ਜਸਬੀਰ ਸਿੰਘ ਰਿਟਾਇਰਡ ਏ ਐੱਸ ਆਈ ਆਦਿ ਹਾਜ਼ਰ ਸਨ।

ਮਨਦੀਪ ਕੰਗ ਵਿਰੋਧੀ ਨੂੰ 221 ਵੋਟਾਂ ਨਾਲ ਹਰਾ ਕੇ ਸਰਪੰਚ ਬਣੇ

ਸਮਰਾਲਾ (ਸੁਰਜੀਤ ਸਿੰਘ)-ਪੰਚਾਇਤੀ ਚੋਣਾਂ ਵਿੱਚ ਨਜ਼ਦੀਕੀ ਪਿੰਡ ਕੋਟਲਾ ਸਮਸ਼ਪੁਰ ਵਿਖੇ ਸਰਬਸਾਂਝੇ ਉਮੀਦਵਾਰ ਮਨਦੀਪ ਸਿੰਘ ਕੰਗ ਪਿੰਡ ਦੇ ਸਰਪੰਚ ਚੁਣੇ ਗਏ, ਜਿਨ੍ਹਾਂ ਨੇ ਆਪਣੇ ਵਿਰੋਧੀ ਉਮੀਦਵਾਰ ਸੁਖਵਿੰਦਰ ਸਿੰਘ ਨੂੰ 221 ਵੋਟਾਂ ਦੇ ਵੱਡੇ ਫਰਕ ਨਾਲ ਹਰਾ ਕੇ ਮਾਤ ਦਿੱਤੀ।ਚੋਣ ਦੌਰਾਨ ਕੁੱਲ 633 ਵੋਟਾਂ ਪੋਲ ਹੋਈਆਂ, ਜਿਨ੍ਹਾਂ ਵਿੱਚ ਮਨਦੀਪ ਸਿੰਘ ਕੰਗ ਨੂੰ 427 ਵੋਟਾਂ ਪਈਆਂ ਅਤੇ ਸੁਖਵਿੰਦਰ ਸਿੰਘ ਨੂੰ 206 ਵੋਟਾਂ ਹੀ ਮਿਲੀਆਂ।ਇਸ ਚੋਣ ਵਿੱਚ 7 ਮੈਂਬਰੀ ਪੰਚਾਇਤ ਵਿੱਚ ਕੇਵਲ 7 ਨੰਬਰ ਵਾਰਡ ਵਿੱਚ ਵੋਟਾਂ ਪਈਆਂ, ਬਾਕੀ 6 ਵਾਰਡਾਂ ਵਿੱਚ ਸਰਬਸੰਮਤੀ ਨਾਲ ਪੰਚਾਇਤ ਮੈਂਬਰ ਚੁਣੇ ਗਏ, ਜਿਨ੍ਹਾਂ ਵਿੱਚ ਬੀਬੀ ਮਨਦੀਪ ਕੌਰ, ਅਵਤਾਰ ਸਿੰਘ, ਜਸਮੀਤ ਸਿੰਘ, ਸੁਖਜਿੰਦਰਜੀਤ ਸਿੰਘ, ਸੁਖਮਿੰਦਰ ਕੌਰ, ਜਸਵਿੰਦਰ ਕੌਰ ਕੰਗ ਤੇ ਰਣਜੀਤ ਸਿੰਘ ਕ੍ਰਮਵਾਰ 7 ਪੰਚਾਇਤ ਮੈਂਬਰ ਚੁਣੇ ਗਏ।ਜੇਤੂ ਸਰਪੰਚ ਤੇ ਸਮੁੱਚੀ ਪੰਚਾਇਤ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਸ਼ੁਕਰਾਨਾ ਕੀਤਾ ਗਿਆ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਸਿਰਪਾਓ ਪਾ ਕੇ ਸਨਮਾਨ ਕੀਤਾ ਗਿਆ।ਸਰਪੰਚ ਮਨਦੀਪ ਸਿੰਘ ਕੰਗ ਨੇ ਸਮੂਹ ਨਗਰ ਨਿਵਾਸੀਆਂ ਦਾ ਧੰਨਵਾਦ ਕਰਦੇ ਹੋਏ ਵਾਅਦਾ ਕੀਤਾ ਕਿ ਉਹ ਬਿਨਾਂ ਭੇਦ-ਭਾਵ, ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦੇ ਕੰਮ ਪਹਿਲ ਦੇ ਅਧਾਰ 'ਤੇ ਕਰਵਾਉਣਗੇ।ਇਸ ਮੌਕੇ ਰਵਜੋਤ ਸਿੰਘ (ਰਵੀ) ਕੰਗ, ਬਲਜਿੰਦਰ ਸਿੰਘ ਬਿੱਲਾ, ਸੁੱਖਾ ਕੰਗ, ਹਰਮਨ ਸਿੰਘ ਮਾਨ, ਸੁੱਖਾ ਸੰਧੂ, ਦਵਿੰਦਰ ਸਿੰਘ ਕੰਗ, ਸਾਬਕਾ ਸਰਪੰਚ ਕੁਲਦੀਪ ਸਿੰਘ ਕੰਗ ਆਦਿ ਤੋਂ ਇਲਾਵਾ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

ਟਿਕਟ ਮਿਲਣ 'ਤੇ ਡਿੰਪੀ ਢਿੱਲੋਂ ਵੱਲੋਂ ਹਾਈ ਕਮਾਂਡ ਦਾ ਧੰਨਵਾਦ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ, ਸੰਦੀਪ ਪਾਠਕ, ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦੀ ਹਾਂ, ਜਿਨ੍ਹਾਂ ਨੇ ਮੇਰੇ 'ਤੇ ਵਿਸ਼ਵਾਸ ਕਰਦਿਆਂ ਮੈਨੂੰ ਗਿੱਦੜਬਾਹਾ ਜ਼ਿਮਨੀ ਚੋਣ ਤੋਂ ਪਾਰਟੀ ਟਿਕਟ ਦੇ ਕੇ ਨਿਵਾਜਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਟਿਕਟ ਮਿਲਣ ਉਪਰੰਤ ਆਪਣੇ ਦਫਤਰ ਗਿੱਦੜਬਾਹਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਡਿੰਪੀ ਢਿੱਲੋਂ ਨੇ ਕਿਹਾ ਕਿ ਉਹ ਹਲਕਾ ਗਿੱਦੜਬਾਹਾ ਦੀ ਸੰਗਤ ਦੇ ਸਹਿਯੋਗ ਨਾਲ ਹੀ ਸੀਟ ਜਿੱਤ ਕੇ ਆਮ ਆਦਮੀ ਪਾਰਟੀ ਦੀ ਝੋਲੀ ਪਾਉਣਗੇ, ਕਿਉਂਕਿ ਹਲਕਾ ਗਿੱਦੜਬਾਹਾ ਦੇ ਲੋਕ ਮੇਰਾ ਪਰਵਾਰ ਹੈ ਤੇ ਮੈਨੂੰ ਆਪਣੇ ਪਰਵਾਰ 'ਤੇ ਪੂਰਾ ਵਿਸ਼ਵਾਸ ਹੈ। ਉਨ੍ਹਾਂ ਕਿਹਾ ਕਿ ਗਿੱਦੜਬਾਹਾ ਹਲਕੇ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਭ ਤੋਂ ਪਹਿਲਾਂ ਲੋਕਾਂ ਨੂੰ ਪੀਣ ਵਾਲਾ ਸਾਫ ਤੇ ਸ਼ੁੱਧ ਪਾਣੀ ਮੁਹੱਈਆ ਕਰਵਾਉਣਾ ਸਿਹਤ ਸਹੂਲਤਾਂ ਸ਼ਹਿਰ ਦੇ ਸੀਵਰੇਜ ਦੀ ਸਮੱਸਿਆਵਾਂ ਨੂੰ ਹੱਲ ਕਰਕੇ ਲੋਕਾਂ ਨੂੰ ਨਰਕ ਭਰੀ ਜ਼ਿੰਦਗੀ ਤੋਂ ਨਿਜਾਤ ਦਿਵਾਉਣਾ ਹੋਵੇਗਾ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਛੱਪੜਾਂ ਦੀ ਸਫਾਈ, ਪੀਣ ਵਾਲਾ ਸਾਫ ਪਾਣੀ, ਪਿੰਡਾਂ ਵਿੱਚ ਪਾਰਕ, ਨੌਜਵਾਨਾਂ ਦੇ ਖੇਡਣ ਲਈ ਖੇਡ ਸਟੇਡੀਅਮ ਤੇ ਖੇਡਾਂ ਦਾ ਸਾਮਾਨ ਮੁਹੱਈਆ ਕਰਾਉਣ ਨੂੰ ਪਹਿਲ ਦਿੱਤਾ ਜਾਵੇਗੀ।

ਪਾਵਰਕਾਮ ਦੇ ਐਕਸੀਅਨ ਕੰਵਲਪ੍ਰੀਤ ਸਿੱਧੂ ਨੂੰ ਸਦਮਾ

ਸਮਰਾਲਾ (ਸੁਰਜੀਤ ਸਿੰਘ)-ਪਾਵਰਕਾਮ ਦੇ ਐਕਸੀਅਨ ਦਫ਼ਤਰ ਘੁਲਾਲ ਵਿਖੇ ਤਾਇਨਾਤ ਕੰਵਲਪ੍ਰੀਤ ਸਿੰਘ ਸਿੱਧੂ ਵਧੀਕ ਨਿਗਰਾਨ ਇੰਜੀਨੀਅਰ ਨੂੰ ਉਸ ਵੇਲੇ ਭਾਰੀ ਸਦਮਾ ਲੱਗਾ, ਜਦੋਂ ਬੀਤੀ ਰਾਤ ਉਨ੍ਹਾਂ ਦੇ ਪਿਤਾ ਸ੍ਰ. ਗੁਰਤੇਜ ਸਿੰਘ ਸਿੱਧੂ ਵਧੀਕ ਨਿਗਰਾਨ ਇੰਜੀਨੀਅਰ (ਰਿਟਾ.) ਅਚਾਨਕ ਅਕਾਲ ਚਲਾਣਾ ਕਰ ਗਏ।ਸ੍ਰ. ਸਿੱਧੂ ਦੀ ਹੋਈ ਬੇਵਕਤੀ ਮੌਤ 'ਤੇ ਪਾਵਰਕਾਮ ਦੇ ਸਟਾਫ, ਅਧਿਕਾਰੀਆਂ ਤੋਂ ਇਲਾਵਾ ਸਮਾਜ ਦੇ ਵੱਖ ਵੱਖ ਵਰਗਾਂ ਦੀਆਂ ਸ਼ਖਸੀਅਤਾਂ, ਜਿਨ੍ਹਾਂ ਵਿੱਚ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਜਗਜੀਵਨ ਸਿੰਘ ਖੀਰਨੀਆਂ, ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੇ ਵਿਧਾਨ ਸਭਾ ਹਲਕਾ ਸਮਰਾਲਾ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਕਾਂਗਰਸ ਪਾਰਟੀ ਦੇ ਇਲਾਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਸੰਨੀ ਦੁਆ, ਸਰਪੰਚ ਜਤਿੰਦਰ ਸਿੰਘ ਜੋਗਾ ਬਲਾਲਾ, ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ, ਨਗਰ ਕੌਂਸਲ ਸਮਰਾਲਾ ਦੇ ਪ੍ਰਧਾਨ ਕਰਨਬੀਰ ਸਿੰਘ ਢਿੱਲੋਂ, ਸੰਤਾ ਸਿੰਘ ਉਮੈਦਪੁਰੀ, ਭਾਰਤੀ ਕਿਸਾਨ ਯੂਨੀਅਨ ਦੇ ਕੌਮੀ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ, ਸੁਖਵਿੰਦਰ ਸਿੰਘ ਮੀਤ ਪ੍ਰਧਾਨ ਬੀ ਕੇ ਯੂ (ਰਾਜੇਵਾਲ) ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਕੌਮੀ ਪ੍ਰਧਾਨ ਹਰਿਦਰ ਸਿੰਘ ਲੱਖੋਵਾਲ, ਜਨਰਲ ਸਕੱਤਰ ਪਰਮਿੰਦਰ ਸਿੰਘ ਪਾਲਮਜਰਾ, ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੇ ਸਰਪ੍ਰਸਤ ਕਮਾਂਡੈਂਟ ਰਛਪਾਲ ਸਿੰਘ, ਪ੍ਰਧਾਨ ਜਥੇਦਾਰ ਅਮਰਜੀਤ ਸਿੰਘ ਬਾਲਿਓਂ ਐਡਵੋਕੇਟ ਪਰਮਿੰਦਰ ਸਿੰਘ ਗਿੱਲ, ਐਡਵੋਕੇਟ ਦਲਜੀਤ ਸਿੰਘ ਸ਼ਾਹੀ ਤੇ ਪੱਤਰਕਾਰ ਸੁਰਜੀਤ ਸਿੰਘ ਵਿਸ਼ਾਦ ਨੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਵਿੱਛੜੀ ਆਤਮਾ ਲਈ ਸ਼ਾਂਤੀ ਦੀ ਦੁਆ ਕੀਤੀ।

ਪੁਲਸ ਯਾਦਗਾਰੀ ਦਿਵਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ

ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਪੁਲਸ ਤੇ ਅਰਧ ਸੈਨਿਕ ਬਲਾਂ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪੁਲਸ ਲਾਈਨ ਵਿਖੇ ਪੁਲਸ ਯਾਦਗ

22-Oct-PAGE-3.qxd 10/21/2024 11:08 PM Page 1

ਡਾ. ਬਿਕਰਮਜੀਤ ਸਿੰਘ ਰੰਧਾਵਾ ਸ਼ਾਮਨਗਰ ਤੋਂ ਸਰਪੰਚ ਬਣੇ

ਮਜੀਠਾ (ਸੋਇਮ ਆਨੰਦ)-ਬਲਾਕ ਮਜੀਠਾ ਪੈਂਦੀ ਗ੍ਰਾਮ ਪੰਚਾਇਤ ਸ਼ਾਮ ਨਗਰ ਤੋਂ ਡਾ. ਬਿਕਰਮਜੀਤ ਸਿੰਘ ਰੰਧਾਵਾ ਸਰਪੰਚ ਦੀ ਚੋਣ ਜਿੱਤ ਗਏ।ਉਨ੍ਹਾਂ ਨੇ ਆਪਣੇ ਨਿਕਟ ਵਿਰੋਧੀ ਗੁਰਭੇਜ ਸਿੰਘ ਸਿੱਧੂ ਨੂੰ ਵੋਟਾਂ ਦੇ ਵੱਡੇ ਫਰਕ 252 ਵੋਟਾਂ ਨਾਲ ਹਰਾਇਆ।ਉਨ੍ਹਾਂ ਦੇ ਨਾਲ ਪੰਚਾਇਤ ਵਿਚ ਹਰਜੋਤ ਕੌਰ ਰੰਧਾਵਾ, ਰਣਜੀਤ ਕੌਰ, ਸੁਪ੍ਰੀਤ ਸਿੰਘ ਸਿੱਧੂ, ਨਰਿੰਦਰ ਸਿੰਘ, ਕਵਲਜੀਤ ਕੌਰ ਮੈਂਬਰ ਪੰਚਾਇਤ ਚੁਣੇ ਗਏ। ਨਵੇਂ ਚੁਣੇ ਗਏ ਸਰਪੰਚ ਡਾ. ਬਿਕਰਮਜੀਤ ਸਿੰਘ ਰੰਧਾਵਾ ਨੇ ਸਮੂਹ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਵਾਅਦਾ ਕੀਤਾ ਕਿ ਚੋਣਾਂ ਤੋਂ ਪਹਿਲਾਂ ਪਿੰਡ ਵਾਸੀਆਂ ਨਾਲ ਕੀਤੇ ਸਾਰੇ ਵਾਅਦੇ ਬਿਨਾਂ ਕਿਸੇ ਪੱਖਪਾਤ ਪੂਰੇ ਕੀਤੇ ਜਾਣਗੇ। ਇਸ ਮੌਕੇ ਪਿੰਡ ਵਾਸੀਆਂ ਨੇ ਸਰਪੰਚ ਅਤੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਸਨਮਾਨਤ ਕੀਤਾ ਅਤੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਨੇਪਰੇ ਚੜ੍ਹਾਉਣ ਵਿਚ ਪੂਰਨ ਸਹਿਯੋਗ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਜੋਗਿੰਦਰ ਸਿੰਘ ਰੰਧਾਵਾ, ਸੁਰਿੰਦਰ ਸਿੰਘ, ਪ੍ਰਭਜੀਤ ਸਿੰਘ, ਰਾਜਿੰਦਰ ਸਿੰਘ ਸਿੱਧੂ, ਨੰਬਰਦਾਰ ਗੁਰਦੇਵ ਸਿੰਘ, ਸੰਦੀਪ ਸਿੰਘ ਸਿੱਧੂ, ਕਸ਼ਮੀਰ ਸਿੰਘ, ਸਵਿੰਦਰ ਕੌਰ, ਰਾਜਵਿੰਦਰ ਸਿੰਘ ਡਿੰਪਲ, ਬਲਦੇਵ ਸਿੰਘ ਸਾਬੀ, ਆਕਾਸ਼ਦੀਪ ਸਿੰਘ ਭੰਗੂ, ਠੇਕੇਦਾਰ ਸਵਿੰਦਰ ਸਿੰਘ, ਸਿਮਰਨਜੀਤ ਸਿੰਘ ਬੰਟੀ, ਗੁਰਬੀਰ ਸਿੰਘ ਬੋਪਾਰਾਏ, ਅਵਤਾਰ ਸਿੰਘ ਸਿੱਧੂ, ਬਿਕਰਮਜੀਤ ਸਿੰਘ, ਵਿਸ਼ਾਲਜੀਤ ਸਿੰਘ ਆਦਿ ਹਾਜ਼ਰ ਸਨ।

ਯੂਥ ਕਲੱਬਾਂ ਦੀ ਮਦਦ ਕਰੇਗੀ ਪੰਜਾਬ ਸਰਕਾਰ : ਡਿਪਟੀ ਕਮਿਸ਼ਨਰ

ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ)-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯੁਵਕ ਸੇਵਾਵਾਂ ਵਿਭਾਗ ਨਾਲ ਸਬੰਧਤ ਯੂਥ ਕਲੱਬਾਂ ਨੂੰ ਉਤਸ਼ਾਹਤ ਕਰਨ ਲਈ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਵਿਭਾਗ ਨਾਲ ਐਫਲੀਏਟਡ ਸਰਗਰਮ ਯੂਥ ਕਲੱਬ, ਜੋ ਸਹਾਇਤਾ ਲੈਣ ਦੇ ਇੱਛੁਕ ਹਨ, ਉਹ ਆਪਣੀ 2 ਸਾਲਾਂ ਦੀ ਪ੍ਰਗਤੀ ਰਿਪੋਰਟ 15 ਨਵੰਬਰ ਤੱਕ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ, ਅੰਮ੍ਰਿਤਸਰ (ਕਮਰਾ ਨੰ 218, ਦੂਜੀ ਮੰਜ਼ਿਲ , ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਅੰਮ੍ਰਿਤਸਰ) ਦੇ ਦਫ਼ਤਰ ਵਿਚ ਜਮ੍ਹਾਂ ਕਰਵਾਉਣ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਬਣਾਈ ਗਈ ਜ਼ਿਲ੍ਹਾ ਪੱਧਰੀ ਕਮੇਟੀ ਇਨ੍ਹਾਂ ਕਲੱਬਾਂ ਦੇ ਕੰਮ ਦਾ ਮੁਲਾਂਕਣ ਕਰਕੇ ਅਗਲੇਰੀ ਕਾਰਵਾਈ ਕਰੇਗੀ। ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਅੰਮ੍ਰਿਤਸਰ ਪ੍ਰੀਤ ਕੋਹਲੀ ਨਾਲ ਮੋਬਾਈਲ ਨੰਬਰ 98158-81016 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਯੁਵਕ ਸੇਵਾਵਾਂ ਕਲੱਬਾਂ ਵੱਲੋਂ ਪਿੰਡ ਅਤੇ ਵਾਰਡ ਪੱਧਰ 'ਤੇ ਸਮਾਜ ਸੇਵੀ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ, ਜਿਸ ਵਿਚ ਪਿੰਡਾਂ ਅਤੇ ਵਾਰਡਾਂ ਵਿਚ ਸਫ਼ਾਈ ਮੁਹਿਮ, ਖ਼ੂਨਦਾਨ ਕੈਂਪ, ਵੱਖ-ਵੱਖ ਸਰਕਾਰੀ ਜਾਗਰੂਕਤਾ ਮੁਹਿਮਾਂ ਅਤੇ ਰਚਨਾਤਮਕ ਕਾਰਜ, ਖੇਡਾਂ ਅਤੇ ਹੋਰ ਵੱਖ-ਵੱਖ ਕੈਂਪਾਂ ਵਿਚ ਉਨ੍ਹਾਂ ਦੀ ਸ਼ਮੂਲੀਅਤ, ਸ਼ਾਮਲ ਹਨ। ਉਨ੍ਹਾਂ ਨੇ ਯੁਵਕ ਸੇਵਾਵਾਂ ਵਿਭਾਗ ਨਾਲ ਸਬੰਧਤ ਯੁਵਕ ਕਲੱਬਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਆਪਣੇ 2 ਸਾਲਾਂ ਦੀ ਵਿਸਥਾਰਤ ਰਿਪੋਰਟ ਪੇਸ਼ ਕਰਨ ਤਾਂ ਜੋ ਉਨ੍ਹਾਂ ਨੂੰ ਸਰਕਾਰ ਵੱਲੋਂ ਮਿਲਣ ਵਾਲੀ ਮਦਦ ਜਲਦੀ ਤੋਂ ਜਲਦੀ ਮੁਹੱਈਆ ਕਰਵਾਈ ਜਾ ਸਕੇ।

ਮਾਤਾ ਸਾਹਿਬ ਕੌਰ ਮਾਡਰਨ ਸੈਕੰਡਰੀ ਸਕੂਲ ਭਰੋਵਾਲ 'ਚ ਕਰਵਾਇਆ ਕਾਰਨੀਵਲ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਪ੍ਰੀਖਿਆਵਾਂ ਤੋਂ ਬਾਅਦ ਵਿਦਿਆਰਥੀਆਂ ਨੂੰ ਮਾਨਸਿਕ ਰਾਹਤ ਦੇਣ ਦੇ ਮੰਤਵ ਨਾਲ ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਭਰੋਵਾਲ ਵਿਖੇ ਕਾਰਨੀਵਲ ਕਰਵਾਇਆ ਗਿਆ। ਜਿਸ ਵਿੱਚ ਸਮੂਹ ਮੈਨੇਜਮੈਂਟ ਕਮੇਟੀ, ਸੈਕਟਰੀ ਬਨਵੀਰ ਸਿੰਘ, ਸੰਗੀਤ ਕੌਰ ਅਤੇ ਪ੍ਰਿੰਸੀਪਲ ਨਵਜੋਤੀ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਦੌਰਾਨ ਖੇਡਾਂ ਦੇ ਸਟਾਲ, ਦਿਲਚਸਪ ਰਾਈਡਜ਼, ਮੈਜਿਕ ਸ਼ੋਅ ਅਤੇ ਮਿਊਜ਼ਿਕ ਪਾਰਟੀ ਆਦਿ ਖਿੱਚ ਦਾ ਮੁੱਖ ਕੇਂਦਰ ਰਹੇ । ਕਿਡਸ ਕਰਨੀਵਲ ਵਿੱਚ ਝੂਲੇ ਬੱਚਿਆਂ ਦੇ ਆਕਰਸ਼ਣ ਦਾ ਮੁੱਖ ਕੇਂਦਰ ਸਨ। ਹਰ ਉਮਰ ਦੇ ਬੱਚਿਆਂ ਦੇ ਉਨ੍ਹਾਂ ਦੀ ਰੁਚੀ ਅਨੁਸਾਰ ਝੂਲਿਆਂ ਦੀ ਭਰਮਾਰ ਸੀ , ਜਿਸ ਵਿੱਚ ਵੱਖ-ਵੱਖ ਤਰ੍ਹਾਂ ਦੇ ਬਾਊਂਸੀ ਬਾਊਂਸ, ਮੈਰੀ ਗੋ ਰਾਊਂਡ, ਟਰੇਨ ਰਾਈਡ ਆਦਿ ਝੂਲੇ ਲਗਾਏ ਗਏ । ਇਸ ਤੋਂ ਇਲਾਵਾ ਬੱਚਿਆਂ ਨੇ ਮੈਜਿਕ ਸ਼ੋਅ ਅਤੇ ਮਿਊਜ਼ਿਕ ਪਾਰਟੀ ਦਾ ਵੀ ਖੂਬ ਆਨੰਦ ਮਾਣਿਆ ਅਤੇ ਰਿੰਗ ਟੋਸ ਅਤੇ ਬੈਲੂਨ ਸ਼ੂਟਿੰਗ ਗੇਮ ਵਿੱਚ ਆਪਣੀ ਕਲਾ ਦੇ ਜੌਹਰ ਵਿਖਾਏ । ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਨਵਜੋਤੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਚਿੰਤਾ ਮੁਕਤ ਕਰਨ ਲਈ ਅਜਿਹੀਆਂ ਗਤੀਵਿਧੀਆਂ ਕਰਵਾਈਆਂ ਜਾਣੀਆਂ ਜ਼ਰੂਰੀ ਹਨ। ਇਨ੍ਹਾਂ ਨਾਲ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਅਤੇ ਆਪਸੀ ਏਕਤਾ ਦੀ ਭਾਵਨਾ ਪੈਦਾ ਹੁੰਦੀ ਹੈ। ਇਸ ਪ੍ਰੋਗਰਾਮ ਨੂੰ ਸਮੂਹ ਮੈਨੇਜਮੈਂਟ ਕਮੇਟੀ ਅਤੇ ਸਟਾਫ ਵੱਲੋਂ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ ਗਿਆ।

ਫੇਰੀ ਵਾਲਿਆਂ ਦੇ ਲਾਊਡ ਸਪੀਕਰਾਂ ਤੋਂ ਵਿਦਿਆਰਥੀ ਤੇ ਲੋਕ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)- ਪਿੰਡਾਂ ਵਿਚ ਸਮਾਨ ਵੇਚਣ ਲਈ ਫੇਰੀ ਲਗਾਉਣ ਵਾਲਿਆਂ ਵਲੋਂ ਪ੍ਰਸ਼ਾਸਨ ਦੀ ਬਿਨਾਂ ਇਜਾਜ਼ਤ ਤੋਂ ਚਲਾਏ ਜਾ ਰਹੇ ਵੱਡੇ-ਵੱਡੇ ਲਾਊਡ ਸਪੀਕਰਾਂ ਤੋਂ ਆਮ ਲੋਕਾਂ ਅਤੇ ਪੜ੍ਹਨ ਵਾਲੇ ਵਿਦਿਆਰਥੀ ਡਾਢੇ ਪ੍ਰੇਸ਼ਾਨ ਹਨ। ਨਸੀਬ ਸਿੰਘ, ਮੱਖਣ ਸਿੰਘ ਆਦਿ ਨੇ ਦੱਸਿਆ ਕਿ ਹਰ ਪਿੰਡ ਵਿਚ ਕਈ ਸਾਮਾਨ ਵੇਚਣ ਵਾਲੇ ਜਿਵੇਂ ਸਬਜ਼ੀ, ਮਨਿਆਰੀ, ਕੱਪੜੇ, ਕਬਾੜੀਆ ਇੱਥੋਂ ਤੱਕ ਕਿ ਮੰਗਣ ਵਾਲੇ ਵੀ ਆਪਣਾ ਖ਼ੁਦ ਦਾ ਲਾਊਡ ਸਪੀਕਰ ਉੱਚੀ ਆਵਾਜ਼ ਵਿਚ ਲਗਾ ਕੇ ਕਈ ਚੱਕਰ ਲਗਾਉਂਦੇ ਹਨ ਜਿਸ ਨਾਲ ਆਵਾਜ਼ ਪ੍ਰਦੂਸ਼ਣ ਤਾਂ ਵਧ ਹੀ ਰਿਹਾ ਹੈ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਵਿਚ ਵਿਘਨ ਪੈ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਨ੍ਹਾਂ ਫੇਰੀ ਵਾਲਿਆਂ ਨੂੰ ਇੰਨੇ ਵੱਡੇ ਪੱਧਰ 'ਤੇ ਲਾਊਡ ਸਪੀਕਰਾਂ ਦੀ ਇਜਾਜ਼ਤ ਕਿਸੇ ਥਾਣੇ, ਉਪ ਮੰਡਲ ਅਧਿਕਾਰੀਆਂ ਜਾਂ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀਆਂ ਵਲੋਂ ਨਹੀਂ ਦਿੱਤੀ ਗਈ। ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਘਰਾਂ ਲਾਗੇ ਵੀ ਇਹ ਸ਼ੋਰ ਪ੍ਰਦੂਸ਼ਣ ਪੂਰੇ ਜ਼ੋਰਾਂ 'ਤੇ ਹੈ। ਲੋਕਾਂ ਦਾ ਕਹਿਣਾ ਹੈ ਕਿ ਕੀ ਪ੍ਰਸ਼ਾਸਨ ਆਪਣੀ ਕੁੰਭਕਰਨੀ ਨੀਂਦ ਤੋਂ ਜਾਗ ਕੇ ਇਲਾਕੇ ਦੀ ਇਸ ਵੱਡੀ ਸਮੱਸਿਆ ਦੇ ਹੱਲ ਲਈ ਜਲਦੀ ਕੋਈ ਠੋਸ ਕਦਮ ਚੁੱਕੇਗਾ? ਲੋਕਾਂ ਦੀ ਮੰਗ ਹੈ ਕਿ ਪਿੰਡਾਂ, ਸ਼ਹਿਰਾਂ ਵਿਚ ਅਜਿਹੇ ਫੇਰੀ ਲਗਾਉਣ ਵਾਲਿਆਂ ਨੂੰ ਲਾਊਡ ਸਪੀਕਰਾਂ ਦੀ ਦੁਰਵਰਤੋਂ ਕਰਨ ਤੋਂ ਰੋਕਿਆ ਜਾਵੇ।

ਬਾਬਾ ਗੁਰਮੁਖ ਸਿੰਘ ਬਾਬਾ ਉੱਤਮ ਸਿੰਘ ਸਕੂਲ ਨੂੰ ਐਥਲੈਟਿਕਸ ਮੀਟ 'ਚ 58 ਮੈਡਲ ਹਾਸਲ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਕਾਰ ਸੇਵਾ ਖਡੂਰ ਸਾਹਿਬ ਬਾਬਾ ਸੇਵਾ ਸਿੰਘ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਾਬਾ ਗੁਰਮੁਖ ਸਿੰਘ ਬਾਬਾ ਉੱਤਮ ਸਿੰਘ ਸੀਨੀਅਰ ਸੈਕੰਡਰੀ ਸਕੂਲ ਖਡੂਰ ਸਾਹਿਬ ਨੇ ਸਿੱਖਿਆ ਵਿਭਾਗ ਵੱਲੋਂ ਕਰਵਾਏ ਗਏ ਜ਼ੋਨ ਪੱਧਰੀ ਐਥਲੈਟਿਕਸ ਮੀਟ 'ਚ ਸ਼ਾਨਦਾਰ ਪ੍ਰਦਰਸ਼ਨ ਰਿਹਾ ਤੇ ਦੌੜਾਂ ਤੇ ਫੀਲਡ, ਥ੍ਰੋਅ ਈਵੈਂਟ 'ਚ 58 ਮੈਡਲ ਪ੍ਰਾਪਤ ਕੀਤੇ। ਇਸ ਮੌਕੇ ਪ੍ਰਿੰਸੀਪਲ ਮਮਤਾ ਕੌਰ ਨੇ ਸ਼ਾਨਦਾਰ ਪ੍ਰਾਪਤੀ 'ਤੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵਧਾਈ ਦਿੱਤੀ।ਇਸ ਮੌਕੇ ਡੀ ਪੀ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਜ਼ੋਨ ਐਥਲੈਟਿਕਸ ਮੀਟ ਕਰਵਾਈ ਗਈ, ਜਿਸ 'ਚ ਸਕੂਲ ਦੇ ਖਿਡਾਰੀਆਂ ਦਾ ਵੱਖ-ਵੱਖ ਉਮਰ ਵਰਗਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 19 ਗੋਲਡ 13 ਸਿਲਵਰ 26 ਕਾਂਸੀ ਦੇ ਮੈਡਲ ਹਾਸਲ ਕੀਤੇ। ਇਸ ਮੌਕੇ ਪ੍ਰਿੰਸੀਪਲ ਮਮਤਾ ਕੌਰ ਨੇ ਵਿਦਿਆਰਥੀਆਂ ਨੂੰ ਦਿਲਚਸਪੀ ਮੁਤਾਬਕ ਖੇਡਾਂ 'ਚ ਸ਼ਾਮਲ ਹੋਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਤੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਅਗਲੇ ਟੂਰਨਾਮੈਂਟਾਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਹਨ। ਇਸ ਮੌਕੇ ਸਕੂਲ ਦੀ ਮੈਨੇਜਮੈਂਟ ਕਮੇਟੀ ਸਕੱਤਰ ਅਵਤਾਰ ਸਿੰਘ ਬਾਜਵਾ, ਬਾਬਾ ਬਲਦੇਵ ਸਿੰਘ ਤੇ ਸਕੱਤਰ ਭਾਈ ਵਰਿਆਮ ਸਿੰਘ ਨੇ ਵਿਦਿਆਰਥੀਆਂ ਨੂੰ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ ।

ਬਿਨਾਂ ਲਾਇਸੈਂਸ ਮਜੀਠਾ 'ਚ ਆਤਿਸ਼ਬਾਜ਼ੀ ਨਹੀਂ ਵਿਕਣ ਦਿੱਤੀ ਜਾਵੇਗੀ : ਐੱਸ ਐੱਚ ਓ

ਮਜੀਠਾ (ਸੋਇਮ ਆਨੰਦ) - ਇਸ ਵਾਰ ਦੀਵਾਲੀ ਦੇ ਤਿਉਹਾਰ 'ਤੇ ਪੁਲਸ ਥਾਣਾ ਮਜੀਠਾ ਅਧੀਨ ਪੈਂਦੇ ਇਲਾਕੇ 'ਚ ਬਿਨਾਂ ਲਾਇਸੈਂਸ ਗੈਰ ਕਨੂੰਨੀ ਢੰਗ ਨਾਲ ਆਤਿਸ਼ਬਾਜ਼ੀ ਨਹੀਂ ਵਿਕਣ ਦਿੱਤੀ ਜਾਵੇਗੀ। ਇਸ ਸਬੰਧੀ ਪੁਲਸ ਥਾਣਾ ਮਜੀਠਾ ਦੇ ਐਸ ਐਚ ਓ ਇੰਸਪੈਕਟਰ ਪ੍ਰਭਜੀਤ ਸਿੰਘ ਨੇ ਗੱਲ ਕਰਦਿਆਂ ਕਿਹਾ ਕਿ ਦੀਵਾਲੀ ਦੇ ਤਿਉਹਾਰ ਮੌਕੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਪੁਲਸ ਵਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਦੀਵਾਲੀ ਮੌਕੇ ਆਤਿਸ਼ਬਾਜ਼ੀ ਵੇਚਣ ਲਈ ਦੁਕਾਨਦਾਰਾਂ ਨੂੰ ਆਪਣੇ ਲਾਇਸੈਂਸ ਬਣਾਉਣੇ ਪੈਣਗੇ। ਉਨ੍ਹਾਂ ਕਿਹਾ ਕਿ ਲਾਇਸੰਸ ਹੋਲਡਰ ਪਟਾਕਾ ਵਪਾਰੀ ਨੂੰ ਹੀ ਸ਼ਰਤਾਂ ਅਨੁਸਾਰ ਪਟਾਕੇ ਵੇਚਣ ਦੀ ਇਜਾਜ਼ਤ ਦਿੱਤੀ ਜਾਵੇਗੀ ਤੇ ਕੋਈ ਵੀ ਦੁਕਾਨਦਾਰ ਬਿਨਾਂ ਲਾਇਸੈਂਸ ਪਟਾਕੇ ਵੇਚਦਾ ਪਾਇਆ ਗਿਆ ਤਾਂ ਉਸ ਖਿਲਾਫ ਢੁਕਵੀਂ ਕਾਰਵਾਈ ਕੀਤੀ ਜਾਵੇਗੀ।

ਸੀਤਲ ਸਿੰਘ ਗੁੰਨੋਪੁਰੀ ਪ੍ਰੋ. ਕਿਰਪਾਲ ਸਿੰਘ ਯਾਦਗਾਰੀ ਸਨਮਾਨ ਨਾਲ ਸਨਮਾਨਤ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬੀ ਸਾਹਿਤ ਸਭਾ ਗੁਰਦਾਸਪੁਰ ਵਲੋਂ ਸਥਾਨਕ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਭਵਨ ਵਿੱਚ ਮਰਹੂਮ ਪ੍ਰੋਫ਼ੈਸਰ ਕਿਰਪਾਲ ਸਿੰਘ ਯੋਗੀ ਦੀ ਯਾਦ ਵਿੱਚ ਤੀਸਰਾ ਸਨਮਾਨ ਸਮਾਰੋਹ ਕਰਵਾਇਆ ਗਿਆ। ਪ੍ਰਸਿੱਧ ਗ਼ਜ਼ਲਗੋ ਸੀਤਲ ਸਿੰਘ ਗੁੰਨੋਪੁਰੀ ਨੂੰ ਪ੍ਰੋ.ਕਿਰਪਾਲ ਸਿੰਘ ਯਾਦਗਾਰੀ ਸਨਮਾਨ ਨਾਲ ਸਨਮਾਨਿਆ ਗਿਆ। ਸਭ ਤੋਂ ਪਹਿਲਾਂ ਸਭਾ ਦੇ ਪ੍ਰਧਾਨ ਤਰਸੇਮ ਸਿੰਘ ਭੰਗੂ ਨੇ ਆਏ ਸਾਹਿਤਕਾਰਾਂ ਅਤੇ ਸਾਹਿਤ ਪ੍ਰੇਮੀਆਂ ਨੂੰ ਨਿੱਘੀ 'ਜੀ ਆਇਆਂ' ਕਹਿ ਕੇ ਸਵਾਗਤ ਕੀਤਾ। ਪ੍ਰੋਫ਼ੈਸਰ ਕਿਰਪਾਲ ਸਿੰਘ ਯੋਗੀ ਨੂੰ ਸ਼ਰਧਾਂਜਲੀ ਦੇ ਰੂਪ ਵਿੱਚ ਗੀਤਕਾਰ ਬਲਦੇਵ ਸਿੰਘ ਸਿੱਧੂ ਦੇ ਲਿਖੇ ਖ਼ੂਬਸੂਰਤ ਗੀਤ ਨਾਲ ਕਵੀ ਦਰਬਾਰ ਦੀ ਸ਼ੁਰੂਆਤ ਕੀਤੀ ਗਈ। ਕਿਰਤੀ ਕਿਸਾਨ ਵਲੋਂ ਧਨੀ ਬਾਣੀਏ ਨੂੰ ਚੋਭਾਂ ਲਾਉਂਦਾ ਗੀਤ ਵਿਜੇ ਅਗਨੀਹੋਤਰੀ ਨੇ ਗੀਤ ਪੇਸ਼ ਕੀਤਾ। ਰਜਨੀਸ਼ ਵਸ਼ਿਸ਼ਟ, ਰਾਜਨ ਤਰੇੜੀਆ, ਸੁਨੀਲ ਕੁਮਾਰ, ਹਰਪਾਲ ਬੈਂਸ, ਪ੍ਰੀਤ ਰਾਣਾ, ਹਰਪ੍ਰੀਤ ਸਿੰਮੀ, ਗੋਪਾਲ ਸ਼ਰਮਾ ਅਤੇ ਵਿਜੇ ਤਾਲਿਬ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਸਭਾ ਦੇ ਕਨਵੀਨਰ ਸੁਭਾਸ਼ ਦੀਵਾਨਾ ਨੇ ਪ੍ਰੋਫ਼ੈਸਰ ਯੋਗੀ ਦੇ ਜੀਵਨ ਬਾਰੇ ਅਤੇ ਉਨ੍ਹਾਂ ਦੀ ਯਾਦ ਵਿੱਚ ਦਿੱਤੇ ਜਾ ਰਹੇ ਸਨਮਾਨ ਨਾਲ ਸਨਮਾਨਤ ਹੋ ਰਹੇ ਗ਼ਜ਼ਲਕਾਰ ਸੀਤਲ ਸਿੰਘ ਗੁੰਨੋਪੁਰੀ ਬਾਰੇ ਵੀ ਸੰਖੇਪ ਜਾਣਕਾਰੀ ਦਿੱਤੀ, ਜਿਸ ਉਪਰੰਤ ਸੀਤਲ ਸਿੰਘ ਗੁੰਨੋਪੁਰੀ ਦਾ ਸਨਮਾਨ ਕੀਤਾ ਗਿਆ। ਇਸ ਤੋਂ ਬਾਅਦ ਮੱਖਣ ਕੁਹਾੜ, ਡਾ. ਲੇਖ ਰਾਜ, ਸੁਰਿੰਦਰ ਮੋਹਨ ਸ਼ਰਮਾ, ਕਾਮਰੇਡ ਰਘਬੀਰ ਸਿੰਘ ਨੇ ਪ੍ਰੋ. ਯੋਗੀ ਦੀਆਂ ਯਾਦਾਂ ਸਾਂਝੀਆਂ ਕੀਤੀਆਂ। ਕਵੀ ਦਰਬਾਰ ਦੇ ਦੂਜੇ ਦੌਰ ਵਿਚ ਜੱਗੀ ਠਾਕੁਰ ਨੇ ਪ੍ਰਤਾਪ ਪਾਰਸ ਦਾ ਗੀਤ ਅਤੇ ਅਜੀਤ ਕਮਲ, ਸੁਲਤਾਨ ਭਾਰਤੀ, ਜਸਵੰਤ ਹਾਂਸ, ਬਲਬੀਰ ਕਲਸੀ, ਪ੍ਰਤਾਪ ਪਾਰਸ, ਸੁਭਾਸ਼ ਦੀਵਾਨਾ, ਰਾਜ ਗੁਰਦਾਸਪੁਰੀ, ਰਣਬੀਰ ਆਕਾਸ਼, ਬੂਟਾ ਰਾਮ, ਮੰਗਤ ਚੰਚਲ, ਪਾਲ ਗੁਰਦਾਸਪੁਰੀ ਦੀਆਂ ਰਚਨਾਵਾਂ ਨਾਲ ਪ੍ਰੋਗਰਾਮ ਨੇ ਸਿਖ਼ਰਾਂ ਛੂਹ ਲਈਆਂ। ਇਸ ਮੌਕੇ ਸਭਾ ਦੇ ਪ੍ਰਧਾਨ ਤਰਸੇਮ ਸਿੰਘ ਭੰਗੂ ਦੀ ਲਿਖੀ ਬਾਲ ਪੁਸਤਕ "ਬਾਲਾਂ ਦੇ ਅੰਗ-ਸੰਗ" ਵੀ ਰਿਲੀਜ਼ ਕੀਤੀ ਗਈ। ਸਭਾ ਦੇ ਜਨਰਲ ਸਕੱਤਰ ਪ੍ਰਤਾਪ ਪਾਰਸ ਨੇ ਸਟੇਜ ਦੀ ਕਾਰਵਾਈ ਬਾਖ਼ੂਬੀ ਨਿਭਾਈ। ਅੰਤ ਵਿੱਚ ਸਭਾ ਦੇ ਮੁੱਖ ਸਲਾਹਕਾਰ ਪ੍ਰੋਫ਼ੈਸਰ ਰਾਜ ਕੁਮਾਰ ਨੇ ਪ੍ਰੋਗਰਾਮ ਵਿੱਚ ਆਏ ਲੇਖਕਾਂ ਅਤੇ ਸਾਹਿ

22-Oct-PAGE-4.qxd 10/21/2024 11:07 PM Page 1

ਨਵਾਂ ਜ਼ਮਾਨਾ
ਮੰਗਲਵਾਰ, 22 ਅਕਤੂਬਰ 2024

ਦੱਖਣ ਦੀ ਚਿੰਤਾ

ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਚੰਦਰਬਾਬੂ ਨਾਇਡੂ ਨੇ ਐਲਾਨ ਕੀਤਾ ਹੈ ਕਿ ਉਨ੍ਹਾ ਦੀ ਸਰਕਾਰ ਅਜਿਹਾ ਕਾਨੂੰਨ ਲਿਆਉਣ ਦੀ ਯੋਜਨਾ ਬਣਾ ਰਹੀ ਹੈ, ਜਿਸ ਤਹਿਤ ਦੋ ਜਾਂ ਉਸ ਤੋਂ ਵੱਧ ਬੱਚਿਆਂ ਵਾਲੇ ਹੀ ਲੋਕਲ ਬਾਡੀਜ਼ ਤੇ ਪੰਚਾਇਤ ਚੋਣਾਂ ਲੜ ਸਕਣਗੇ। ਸੂਬਾ ਸਰਕਾਰ ਨੇ ਦੋ ਜਾਂ ਦੋ ਤੋਂ ਵੱਧ ਬੱਚਿਆਂ ਵਾਲਿਆਂ ਦੇ ਚੋਣ ਲੜਨ 'ਤੇ ਰੋਕ ਲਾਉਂਦੇ ਪਹਿਲੇ ਕਾਨੂੰਨ ਨੂੰ ਰੱਦ ਕਰ ਦਿੱਤਾ ਹੈ। ਨਾਇਡੂ ਦਾ ਕਹਿਣਾ ਹੈ ਕਿ ਭਾਰਤ ਦੀ ਔਸਤ ਆਬਾਦੀ ਵਾਧਾ ਦਰ 1950 ਦੇ ਦਹਾਕੇ 'ਚ 6.2 ਫੀਸਦੀ ਤੋਂ ਘਟ ਕੇ 2021 'ਚ 2.1 ਫੀਸਦੀ ਹੋ ਗਈ ਹੈ ਅਤੇ ਆਂਧਰਾ 'ਚ ਇਹ 1.6 ਫੀਸਦੀ ਰਹਿ ਗਈ ਹੈ। ਜੇ ਇਹੀ ਹਾਲਤ ਰਹੀ ਤਾਂ ਆਂਧਰਾ ਨੂੰ 2047 ਤੱਕ ਬਜ਼ੁਰਗਾਂ ਦੀ ਗੰਭੀਰ ਸਮੱਸਿਆ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਲਈ ਹਾਲਤ ਨਾਲ ਨਿੱਬੜਨ ਲਈ ਹੁਣੇ ਕਦਮ ਚੁੱਕਣੇ ਪੈਣਗੇ। ਨਾਇਡੂ ਨੇ ਇਸ ਮਾਮਲੇ ਵਿਚ ਜਾਪਾਨ, ਚੀਨ ਤੇ ਕਈ ਯੂਰਪੀਨ ਦੇਸ਼ਾਂ ਦਾ ਵੀ ਹਵਾਲਾ ਦਿੱਤਾ ਹੈ, ਜਿੱਥੇ ਘੱਟ ਬੱਚੇ ਪੈਦਾ ਕਰਨ ਦੇ ਰੁਝਾਨ ਕਾਰਨ ਬੁੱਢਿਆਂ ਦੀ ਗਿਣਤੀ ਵਧ ਗਈ ਹੈ।

ਦਰਅਸਲ ਨਾਇਡੂ ਦੀ ਬਜ਼ੁਰਗਾਂ ਦੀ ਗਿਣਤੀ ਵਧਣ ਤੇ ਨੌਜਵਾਨਾਂ ਦੀ ਘਟਣ ਦੀ ਚਿੰਤਾ ਪਿੱਛੇ ਇੱਕ ਮੁੱਖ ਕਾਰਨ ਇਹ ਵੀ ਹੈ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਆਬਾਦੀ ਦੇ ਹਿਸਾਬ ਨਾਲ ਲੋਕ ਸਭਾ ਲਈ ਨਵੀਂ ਹਲਕਾਬੰਦੀ ਕਰਨ ਦੀ ਯੋਜਨਾ ਬਣਾ ਰਹੀ ਹੈ। ਇਹ ਯੋਜਨਾ ਅਮਲ ਵਿੱਚ ਆਉਣ ਨਾਲ ਵੱਧ ਆਬਾਦੀ ਵਾਲੇ ਯੂ ਪੀ ਤੇ ਬਿਹਾਰ ਵਰਗੇ ਸੂਬਿਆਂ ਦੇ ਹਲਕੇ ਵਧ ਜਾਣਗੇ, ਜਦਕਿ ਪਰਵਾਰ ਨਿਯੋਜਨ 'ਤੇ ਸੰਜੀਦਗੀ ਨਾਲ ਅਮਲ ਕਰਨ ਵਾਲੇ ਦੱਖਣੀ ਸੂਬਿਆਂ ਦੇ ਮੁਕਾਬਲਤਨ ਘਟ ਜਾਣਗੇ। ਦੱਖਣੀ ਭਾਰਤ 'ਚ ਪੈਰ ਜਮਾਉਣ 'ਚ ਅਜੇ ਤੱਕ ਨਾਕਾਮ ਚੱਲੀ ਆ ਰਹੀ ਭਾਜਪਾ ਲਈ ਇਹ ਸਥਿਤੀ ਕਾਫੀ ਫਾਇਦੇਮੰਦ ਰਹੇਗੀ ਅਤੇ ਦੱਖਣੀ ਸੂਬਿਆਂ ਦੀ ਕੇਂਦਰੀ ਸੱਤਾ 'ਚ ਪੁੱਛ-ਪ੍ਰਤੀਤ ਘਟ ਜਾਵੇਗੀ। ਦੱਖਣੀ ਸੂਬਿਆਂ ਦੇ ਆਗੂ ਇਸ 'ਤੇ ਕਾਫੀ ਚਿੰਤਤ ਹਨ। ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਨੇ ਤਾਂ ਇੱਥੋਂ ਤੱਕ ਵਿਚਾਰ ਪੇਸ਼ ਕਰ ਦਿੱਤਾ ਹੈ ਕਿ ਦੋ ਬੱਚੇ ਹੀ ਕਿਉਂ 16 ਕਿਉਂ ਨਾ ਪੈਦਾ ਕੀਤੇ ਜਾਣ। ਉਨ੍ਹਾ ਤਾਮਿਲ ਕਹਾਵਤ 'ਪਧਿਨਾਰੁਮ ਪੇਤਰੂ ਪੇਰੂ ਵਝਵੂ ਵਝਗਾ' ਦਾ ਹਵਾਲਾ ਦਿੱਤਾ ਹੈ, ਜਿਸ ਦਾ ਅਰਥ ਹੈ—ਲੋਕਾਂ ਕੋਲ 16 ਵੱਖ-ਵੱਖ ਤਰ੍ਹਾਂ ਦੀ ਸੰਪਤੀ ਹੋਣੀ ਚਾਹੀਦੀ ਹੈ। ਸਟਾਲਿਨ ਨੇ ਆਬਾਦੀ ਦੇ ਹਿਸਾਬ ਨਾਲ ਹਲਕਾਬੰਦੀ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਹੈ—ਸਾਨੂੰ ਖੁਦ ਨੂੰ ਘੱਟ ਬੱਚੇ ਪੈਦਾ ਕਰਨ ਤੱਕ ਸੀਮਤ ਕਿਉਂ ਰਹਿਣਾ ਚਾਹੀਦਾ ਹੈ? 16 ਬੱਚਿਆਂ ਦਾ ਟੀਚਾ ਕਿਉਂ ਨਹੀਂ ਰੱਖਣਾ ਚਾਹੀਦਾ?

ਜਿੱਥੋਂ ਤੱਕ ਵੱਧ ਬੱਚੇ ਪੈਦਾ ਕਰਨ ਦੀ ਗੱਲ ਹੈ, ਇਹ ਭਾਰਤ ਵਿਚ ਪਸਰੀ ਗਰੀਬੀ ਤੇ ਵਧ ਰਹੀ ਬੇਰੁਜ਼ਗਾਰੀ ਕਾਰਨ ਸੰਭਵ ਨਹੀਂ, ਕਿਉਂਕਿ ਬੱਚਿਆਂ ਨੂੰ ਪਾਲੇਗਾ ਕੌਣ? ਉਨ੍ਹਾਂ ਲੋਕਾਂ ਤੋਂ ਹੀ ਵੱਧ ਬੱਚੇ ਪੈਦਾ ਕਰਵਾਏ ਜਾ ਸਕਦੇ ਹਨ, ਜਿਨ੍ਹਾਂ ਕੋਲ ਉਨ੍ਹਾਂ ਨੂੰ ਪੜ੍ਹਾਉਣ-ਲਿਖਵਾਉਣ ਦੇ ਵਸੀਲੇ ਹਨ ਤੇ ਜਿਹੜੇ ਰੁਜ਼ਗਾਰ ਨਾ ਮਿਲਣ 'ਤੇ ਘਰ ਬੈਠੇ ਬੱਚਿਆਂ ਨੂੰ ਰੋਟੀ ਦੇ ਸਕਦੇ ਹਨ। ਆਬਾਦੀ ਦਾ ਆਰਥਕ ਸਥਿਤੀਆਂ ਨਾਲ ਤਾਲਮੇਲ ਰੱਖਣਾ ਬਹੁਤ ਜ਼ਰੂਰੀ ਹੈ। ਇਸ ਲਈ ਲੋਕ ਸਭਾ ਦੀ ਨਵੀਂ ਹਲਕਾਬੰਦੀ ਆਬਾਦੀ ਦੇ ਹਿਸਾਬ ਨਾਲ ਕਰਨ ਦੀ ਥਾਂ ਖੇਤਰਫਲ ਤੇ ਆਬਾਦੀ ਵਿਚਾਲੇ ਤਾਲਮੇਲ ਕਰਕੇ ਕਰਨੀ ਹੀ ਸਮਝਦਾਰੀ ਹੋਵੇਗੀ। ਇਹ ਨਾ ਆਬਾਦੀ ਦੇ ਹਿਸਾਬ ਨਾਲ ਠੀਕ ਰਹਿਣੀ ਹੈ ਤੇ ਨਾ ਖੇਤਰਫਲ ਦੇ ਹਿਸਾਬ ਨਾਲ। ਖੇਤਰਫਲ ਦੇ ਹਿਸਾਬ ਨਾਲ ਲੱਦਾਖ ਦੀਆਂ ਸੀਟਾਂ ਵਧ ਜਾਣੀਆਂ ਹਨ ਤੇ ਉਸ ਹਿਸਾਬ ਨਾਲ ਪੰਜਾਬ ਦੀਆਂ ਘਟ ਜਾਣੀਆਂ ਹਨ। ਵਰਤਮਾਨ ਹਲਕਾਬੰਦੀ ਨਾਲ ਬਹੁਤੀ ਛੇੜਛਾੜ ਉੱਤਰ ਤੇ ਦੱਖਣ ਵਿਚਾਲੇ ਟਕਰਾਅ ਦਾ ਸਬੱਬ ਹੀ ਬਣੇਗੀ।

ਬੜੀ ਵਿਲੱਖਣ ਹੋਵੇਗੀ ਭਵਿੱਖ ਦੀ ਦੁਨੀਆ

ਗੁਰਚਰਨ ਸਿੰਘ ਨੂਰਪੁਰ

ਮਾਨਵ ਜਾਤ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਣ ਲੱਗਾ ਹੈ ਕਿ ਇਸ ਸਮੇਂ ਦੁਨੀਆ ਵਿੱਚ ਜੋ ਬਹੁਤ ਮਹੱਤਵਪੂਰਨ ਹੈ, ਇਸ ਵਿੱਚੋਂ ਬਹੁਤ ਕੁਝ ਅਰਥਹੀਣ ਹੋ ਜਾਵੇਗਾ। ਬੀਤੇ ਦੀ ਬਾਤ ਬਣ ਜਾਵੇਗਾ।

ਤੇਜ਼ੀ ਨਾਲ ਬਦਲ ਰਹੀ ਇਹ ਦੁਨੀਆ ਇਸ ਸਮੇਂ ਇੱਕ ਵੱਡੇ ਮੁਕਾਮ 'ਤੇ ਆ ਖੜ੍ਹੀ ਹੋਈ ਹੈ। ਪਿਛਲੇ ਸਮੇਂ ਦੌਰਾਨ ਬਹੁਤ ਚੀਜ਼ਾਂ ਸਾਡੇ ਦੌਰ ਵਿੱਚ ਆਈਆਂ ਤੇ ਅਲੋਪ ਹੋ ਗਈਆਂ। ਅੱਜ ਦੇ ਬੱਚਿਆਂ 'ਚੋਂ ਬਹੁਤਿਆਂ ਨੂੰ ਸ਼ਾਇਦ ਇਹ ਪਤਾ ਵੀ ਨਹੀਂ ਹੋਵੇਗਾ ਸੀ ਡੀ ਪਲੇਅਰ ਕਿਸ ਤਰ੍ਹਾਂ ਦਾ ਹੁੰਦਾ ਸੀ? ਵੀ ਸੀ ਆਰ ਕੀ ਸੀ? ਪੇਜਰ ਕੀ ਸੀ? ਤੇਜ਼ੀ ਨਾਲ ਵਾਪਰ ਰਹੀਆਂ ਤਬਦੀਲੀਆਂ ਦੇ ਇਸ ਦੌਰ ਵਿੱਚ ਹੁਣ ਇੱਕ ਦਮ ਬਹੁਤ ਕੁਝ ਤਬਦੀਲ ਹੋਣ ਜਾ ਰਿਹਾ ਹੈ।

ਭਵਿੱਖ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਮਸਨੂਈ ਸਮਝ) ਦੁਨੀਆ ਨੂੰ ਪੂਰੀ ਤਰ੍ਹਾਂ ਦਬਦੀਲ ਕਰ ਦੇਵੇਗੀ। ਜ਼ਰਾ ਸੋਚੋ ਕਿ ਮਨੁੱਖ ਦੀ ਥਾਂ ਸੋਚ ਵਿਚਾਰ ਕਰਨ, ਫੈਸਲੇ ਲੈਣ ਅਤੇ ਉਹਨਾਂ ਫੈਸਲਿਆਂ 'ਤੇ ਅਮਲ ਵਰਗੇ ਕੰਮ ਜੇਕਰ ਮਸ਼ੀਨ ਕਰਨ ਲੱਗ ਪਵੇਗੀ ਤਾਂ ਇਸ ਦੌਰ ਵਿੱਚ ਮਨੁੱਖ ਦੀ ਹੈਸੀਅਤ ਕੀ ਹੋਵੇਗੀ? ਕਲਾਕਾਰ ਇੱਕ ਚਿੱਤਰ ਬਣਾਉਂਦਾ ਹੈ, ਕਵੀ ਕਵਿਤਾ, ਗੀਤਕਾਰ ਗੀਤ, ਕਹਾਣੀਕਾਰ ਕਹਾਣੀ ਲਿਖਦਾ ਹੈ। ਫਿਲਮ ਲੇਖਕ ਫਿਲਮਾਂ ਦੀ ਕਹਾਣੀ ਤੇ ਡਾਇਲਾਗ ਲਿਖਦੇ ਹਨ। ਕਿੰਨੀ ਹੈਰਾਨੀ ਦੀ ਗੱਲ ਹੈ ਕਿ ਇਹ ਸਭ ਕੁਝ 'ਏ ਆਈ' ਕਰਨ ਲੱਗ ਜਾਵੇਗੀ। ਇਸ ਤੋਂ ਵੀ ਅਗਾਂਹ ਫਿਲਮਾਂ ਵਿੱਚ ਵਿਖਾਏ ਜਾਣ ਵਾਲੇ ਦ੍ਰਿਸ਼, ਨਾਇਕ, ਨਾਇਕਾਵਾਂ ਤੇ ਖਲਨਾਇਕ ਇਹ ਸਭ ਕੁਝ ਆਰਟੀਫੀਸ਼ਲ ਹੋਵੇਗਾ ਅਤੇ ਇਹ ਸਭ ਕੁਝ ਹਕੀਕਤ ਵਰਗਾ ਹੀ ਹੋਵੇਗਾ। ਇੱਕ ਨਵੀਂ ਫਿਲਮ ਬਣਾਉਣ ਲਈ ਤੁਸੀਂ ਮਨਪਸੰਦ ਚਾਰ ਫਿਲਮਾਂ ਬਾਰੇ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਦੱਸਦੇ ਹੋ ਤਾਂ ਉਹ ਤੁਹਾਨੂੰ ਕੁਝ ਹੀ ਸਮੇਂ ਬਾਅਦ ਪੰਜਵੀ ਫਿਲਮ ਤਿਆਰ ਕਰ ਦੇਵੇਗਾ। ਇਸੇ ਤਰ੍ਹਾਂ ਤੁਸੀਂ ਘਰ, ਦਫਤਰ, ਲਾਅਨ ਦਾ ਡਿਜ਼ਾਇਨ ਚਾਹੁੰਦੇ ਹੋ ਤਾਂ ਕਈ ਤਰ੍ਹਾਂ ਦੇ ਡਿਜ਼ਾਇਨ ਤੁਹਾਡੇ ਸਾਹਮਣੇ ਪਈ ਸਕਰੀਨ 'ਤੇ ਖੁੱਲ੍ਹ ਜਾਣਗੇ, ਕਿਤੇ ਜਾਣ ਦੀ ਲੋੜ ਨਹੀਂ ਹੋਵੇਗੀ। ਹਰ ਤਰ੍ਹਾਂ ਦੀਆਂ ਵੱਡੀਆਂ-ਛੋਟੀਆਂ ਗੱਡੀਆਂ ਡਰਾਈਵਰ ਰਹਿਤ ਹੋਣਗੀਆਂ। ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਚੱਲਣ ਲੱਗਣਗੀਆਂ। ਪੂਰੀ ਦੁਨੀਆ ਵਿੱਚ ਦਫਤਰਾਂ ਵਿੱਚ ਕੰਮ ਕਰਦੇ ਕਰਮਚਾਰੀਆਂ, ਮੁਲਾਜ਼ਮਾਂ ਦੀ ਛਾਂਟੀ ਹੋਣ ਲੱਗੇਗੀ। ਸਭ ਤਰ੍ਹਾਂ ਦੇ ਦਫਤਰਾਂ ਦੇ ਕੰਮ ਏ ਆਈ ਮਸ਼ੀਨਾਂ ਸਾਂਭ ਲੈਣਗੀਆਂ। 'ਏ ਆਈ' ਤਕਨੀਕ ਕਿਸੇ ਪੁਰਾਣੀ ਤੋਂ ਪੁਰਾਣੀ ਤਸਵੀਰ ਨੂੰ ਵੀਡੀਓ ਵਿੱਚ ਤਬਦੀਲ ਕਰ ਸਕਦੀ ਹੈ। ਅੰਦਾਜ਼ਾ ਕਰੋ ਭਵਿੱਖ ਦੀ ਦੁਨੀਆ ਕਿਹੋ ਜਿਹੀ ਹੋਣ ਵਾਲੀ ਹੈ।

ਦੁਨੀਆ 'ਤੇ ਸਰਦਾਰੀ ਕਰਨ ਵਾਲੀਆਂ ਸਾਫਟਵੇਅਰ ਬਣਾਉਣ ਵਾਲੀਆਂ ਕੰਪਨੀਆਂ ਬਾਰੇ ਕਦੇ ਕਿਸੇ ਨੇ ਨਹੀਂ ਸੋਚਿਆ ਹੋਣਾ ਕਿ ਇਸ ਸਭ ਕੁਝ ਨੂੰ ਇੱਕ ਦਿਨ 'ਏ ਆਈ' ਨਾਂਅ ਦਾ ਇੱਕੋ ਸਾਫਟਵੇਅਰ ਨਿਗਲ ਲਵੇਗਾ। 'ਏ ਆਈ' ਅਜਿਹੀ ਆਧੁਨਿਕ ਤਕਨੀਕ ਹੈ, ਜਿਸ ਤੋਂ ਤਕਨੀਕੀ ਦੁਨੀਆ ਦੇ ਮਾਹਰ ਵੀ ਡਰਨ ਲੱਗ ਪਏ ਹਨ।

ਇਸ ਤਕਨੀਕ ਨਾਲ ਖੇਤੀਬਾੜੀ ਵਿੱਚ ਇੱਕ ਅਜਿਹਾ ਇਨਕਲਾਬ ਆਵੇਗਾ, ਜਿਸ ਦਾ ਅਸੀਂ ਕਦੇ ਕਿਆਸ ਤੱਕ ਵੀ ਨਹੀਂ ਕੀਤਾ। ਭਵਿੱਖ ਵਿੱਚ ਏ ਆਈ ਮਸ਼ੀਨਾਂ ਸਾਨੂੰ ਦੱਸਣਗੀਆਂ ਕਿ ਤੁਹਾਡੇ ਦੁਆਰਾ ਬੀਜੀ ਜਾ ਰਹੀ ਫਸਲ ਦਾ ਹੁਣ ਤੱਕ ਬਾਜ਼ਾਰ ਵਿੱਚ ਕਿੰਨਾ ਬੀਜ ਵਿਕਿਆ ਹੈ ਅਤੇ ਇਹ ਕਿਸ ਦੇਸ਼ ਵਿੱਚ ਕਿੰਨੀ ਮਿਕਦਾਰ ਵਿੱਚ ਬੀਜੀ ਜਾ ਰਹੀ ਹੈ। ਇਸ ਫਸਲ ਲਈ ਮੌਸਮ ਕਿਸ ਤਰ੍ਹਾਂ ਦਾ ਰਹਿਣ ਵਾਲਾ ਹੈ, ਇਸ ਦਾ ਬਾਜ਼ਾਰ ਵਿੱਚ ਮੁੱਲ ਕੀ ਪਵੇਗਾ? ਕਾਫੀ ਹੱਦ ਤੱਕ ਫਸਲਾਂ ਵਿੱਚ ਕੀਤੇ ਜਾਂਦੇ ਕੀਟ ਨਾਸ਼ਕਾਂ ਦੀ ਵਰਤੋਂ ਘੱਟ ਹੋਵੇਗੀ। ਫਸਲ 'ਤੇ ਕਿਸੇ ਕੀੜੇ ਦੇ ਹਮਲੇ ਦਾ ਤੁਰੰਤ ਪਤਾ ਚੱਲੇਗਾ ਅਤੇ ਜਿੱਥੇ ਕਿਤੇ ਜਿਸ ਬੂਟੇ ਵਿੱਚ ਬਿਮਾਰੀ ਦੀ ਲਾਗ ਹੋਵੇਗੀ, ਉੱਥੇ ਉਸ ਜਗਾਹ 'ਤੇ ਹੀ ਉਸ ਦਾ ਤੁਰੰਤ ਇਲਾਜ ਕੀਤਾ ਜਾ ਸਕੇਗਾ। ਪੂਰੀ ਜ਼ਮੀਨ ਵਿੱਚ ਕੀਟ ਨਾਸ਼ਕ ਦਵਾਈ ਦੀ ਵਰਤੋਂ ਕਰਨ ਦੀ ਲੋੜ ਤਾਂ ਦੂਰ, ਕਿਸੇ ਇੱਕ ਪੂਰੇ ਪੌਦੇ ਨੂੰ ਵੀ ਕੀਟ ਨਾਸ਼ਕ ਦੇਣ ਦੀ ਲੋੜ ਨਹੀਂ ਰਹੇਗੀ। ਜ਼ਮੀਨ ਵਿੱਚ ਕਿੱਥੇ ਕਿਸ ਤੱਤ ਦੀ ਘਾਟ ਹੈ, ਇਸ ਸੰਬੰਧੀ ਏ ਆਈ ਦੀਆਂ ਜਾਣਕਾਰੀਆਂ ਫਸਲਾਂ ਲਈ ਲਾਹੇਵੰਦ ਸਾਬਤ ਹੋਣਗੀਆਂ। ਏ ਆਈ ਮਸ਼ੀਨਾਂ ਕੇਵਲ ਪੱਕੇ ਫਲਾਂ ਦੀ ਤੋੜਾਈ, ਪੁਟਾਈ ਕਰਨਗੀਆਂ ਅਤੇ ਇਸ ਤਰ੍ਹਾਂ ਫਸਲਾਂ ਖਾਸ ਕਰਕੇ ਫਲਾਂ ਦੇ ਝਾੜ ਵਿੱਚ ਸੁਧਾਰ ਤੇ ਵਾਧਾ ਹੋਣਾ ਸ਼ੁਰੂ ਹੋ ਜਾਵੇਗਾ।

ਦਵਾਈਆਂ ਦੇ ਮਾਲੀਕਿਊਲ ਬਣਾਉਣ ਵਿੱਚ ਮਦਦ ਮਿਲੇਗੀ। ਬਿਮਾਰੀਆਂ ਨੂੰ ਸਮਝਣ ਵਿੱਚ ਵੱਡਾ ਇਨਕਲਾਬ ਆਵੇਗਾ ਅਤੇ ਬਿਮਾਰਾਂ ਦੀ ਸਾਂਭ-ਸੰਭਾਲ ਕਰਨ ਵਿੱਚ ਏ ਆਈ ਵੱਡੀ ਮਦਦਗਾਰ ਸਾਬਿਤ ਹੋਵੇਗੀ। ਜਿਵੇਂ ਖਦਸ਼ਾ ਪਰਗਟ ਕੀਤਾ ਜਾ ਰਿਹਾ ਹੈ ਏ ਆਈ ਬਹੁਤ ਸਾਰੀਆਂ ਨੌਕਰੀਆਂ ਨੂੰ ਖਤਮ ਕਰ ਦੇਵੇਗੀ, ਤਾਂ ਕੁਝ ਲੋਕਾਂ ਨੂੰ ਇਹ ਵਿਸ਼ਵਾਸ ਹੈ ਕਿ ਨਵੀਂ ਤਕਨਾਲੋਜੀ ਦੇ ਆਉਣ ਨਾਲ ਨੌਕਰੀਆਂ ਘਟਦੀਆਂ ਨਹੀਂ, ਬਲਕਿ ਵਧਦੀਆਂ ਹਨ, ਜਿਵੇਂ ਕੰਪਿਊਟਰ ਦੇ ਆਉਣ ਨਾਲ ਸੋਚਿਆ ਜਾ ਰਿਹਾ ਸੀ ਕਿ ਦਫਤਰਾਂ ਦੇ ਕੰਮ ਜਦੋਂ ਕੰਪਿਊਟਰ ਕਰਨ ਲੱਗਣਗੇ ਤਾਂ ਬੰਦਿਆਂ ਦੀ ਲੋੜ ਨਹੀਂ ਰਹੇਗੀ, ਇਸ ਲਈ ਕੰਪਿਊਟਰ ਦਾ ਵਿਰੋਧ ਵੀ ਹੋਇਆ, ਪਰ ਕੰਪਿਊਟਰ ਦੇ ਆਉਣ ਨਾਲ ਰੋਜ਼ਗਾਰ ਵਿੱਚ ਵੱਖਰੀਆਂ ਤੇ ਵੱਡੀਆਂ ਸੰਭਾਵਨਾਵਾਂ ਪੈਦਾ ਹੋਈਆਂ। ਇਸ ਲਈ ਕੁਝ ਲੋਕਾਂ ਦਾ ਖਿਆਲ ਹੈ ਕਿ ਨਵੀਂ ਤਕਨੀਕ ਆਉਣ ਨਾਲ ਰੋਜ਼ਗਾਰ ਦੇ ਬੂਹੇ ਹੋਰ ਮੋਕਲੇ ਹੋਣਗੇ। ਇੱਥੇ ਸਾਨੂੰ ਥੋੜ੍ਹਾ ਜਿਹਾ ਸੋਚ-ਵਿਚਾਰ ਕਰਨ ਦੀ ਲੋੜ ਹੈ। ਹੁਣ ਤੱਕ ਜੋ ਵੀ ਤਕਨੀਕੀ ਵਿਕਾਸ ਹੁੰਦਾ ਆਇਆ ਹੈ, ਉਹ ਵਸਤਾਂ ਦਾ ਵਿਕਾਸ ਸੀ। ਨਵੀਆਂ ਵਸਤਾਂ, ਨਵੇਂ ਸਾਧਨ, ਨਵੇਂ ਸਾਫਟਵੇਅਰ ਆਦਿ ਬਣਦੇ ਆਏ ਹਨ, ਜਿਹਨਾਂ ਨੂੰ ਮਨੁੱਖ ਪੈਦਾ ਕਰਦੇ ਤੇ ਮਨੁੱਖ ਆਪਣੇ ਹੱਥਾਂ ਨਾਲ ਇਹਨਾਂ ਨੂੰ ਜ਼ਿੰਦਗੀ ਨੂੰ ਸੁਖਾਲਾ ਬਣਾਉਣ ਲਈ ਵਰਤਦਾ ਆਇਆ ਹੈ ਅਤੇ ਵਰਤ ਰਿਹਾ ਹੈ, ਪਰ ਆਰਟੀਫੀਸ਼ੀਅਲ ਇੰਟੈਲੀਜੈਂਸ ਇਸ ਤੋਂ ਬਿਲਕੁਲ ਵੱਖਰੀ ਚੀਜ਼ ਹੈ, ਇਹ ਅਜਿਹੀ ਬਣਾਉਟੀ ਸਮਝ ਹੈ ਜੋ ਹਰ ਪਲ ਵਧ ਰਹੀ ਹੈ। ਹਰ ਪਲ ਹੋਰ ਬੁਲੰਦ ਹੁੰਦੀ ਜਾਵੇਗੀ। ਮਾਨਵ ਜਾਤ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਣ ਲੱਗਾ ਹੈ ਕਿ ਮਨੁੱਖ ਦੀ ਵਰਤੋਂ ਲਈ ਇੱਕ ਵਿਸ਼ਾਲ ਦਿਮਾਗ ਉਸ ਦੇ ਸਾਹਮਣੇ ਹੋਵੇਗਾ, ਜਿਸ ਵਿੱਚ ਲੱਖਾਂ ਦਿਮਾਗਾਂ ਜਿੰਨੀ ਸਮਝ ਹੋਵੇਗੀ ਅਤੇ ਇਹ ਸਮਝ ਮਨੁੱਖੀ ਬੁੱਧੀ ਤੋਂ ਕਿਤੇ ਵੱਧ ਤੇਜ਼ੀ ਨਾਲ ਵਿਕਸਤ ਹੁੰਦੀ ਜਾਵੇਗੀ, ਕਿਉਂਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਮਨੁੱਖ ਤੋਂ ਹੀ ਸਿੱਖ ਕੇ ਹਰ ਪਲ ਆਪਣੀ ਸਮਝ ਵਧਾ ਰਿਹਾ ਹੈ ਅਤੇ ਮਨੁੱਖ ਜੋ ਕੰਮ ਕੁਝ ਮਹੀਨਿਆਂ, ਦਿਨਾਂ ਜਾਂ ਘੰਟਿਆਂ ਵਿੱਚ ਕਰਨਾ ਹੁੰਦਾ ਹੈ, ਇਹ ਉਸ ਕੰਮ ਨੂੰ ਪਲਾਂ ਵਿੱਚ ਕਰਨ ਦੇ ਸਮਰੱਥ ਹੋਵੇਗਾ। ਕਿੰਨੀ ਵਚਿੱਤਰ ਹੋਵੇਗੀ ਭਵਿੱਖ ਦੀ ਦੁਨੀਆ ਜ਼ਰਾ ਕਿਆਸ ਕਰੋ।

ਬੇਸ਼ੱਕ ਏ ਆਈ ਨਾਲ ਮਨੁੱਖ ਦੇ ਜ਼ਿਹਨੀ ਤੇ ਸਰੀਰਕ ਕੰਮ ਘਟ ਜਾਣਗੇ, ਰੋਜ਼ਗਾਰ, ਨੌਕਰੀਆਂ ਘਟ ਜਾਣਗੀਆਂ, ਆਮ ਲੋਕਾਂ ਅਤੇ ਖਾਸ ਕਰਕੇ ਗਰੀਬ ਦੇਸ਼ਾਂ ਦੇ ਵਾਸੀਆਂ ਲਈ ਇਹ ਸਥਿਤੀ ਬੇਹੱਦ ਭਿਆਨਕ ਹੋ ਸਕਦੀ ਹੈ। ਏ ਆਈ ਦੇ ਦੌਰ ਤੋਂ ਪਹਿਲਾਂ ਹੀ ਦੁਨੀਆ ਅਜਿਹੇ ਦੌਰ ਵਿੱਚੋਂ ਗੁਜ਼ਰ ਰਹੀ ਹੈ, ਜਿੱਥੇ ਆਮ ਬੰਦੇ ਦੇ ਰੋਜ਼ਗਾਰ ਵੱਲ ਸਰਕਾਰਾਂ ਦਾ ਬਿਲਕੁਲ ਹੀ ਧਿਆਨ ਨਹੀਂ, ਨੌਕਰੀਆਂ ਦੇ ਮੌਕੇ ਘਟ ਰਹੇ ਹਨ। ਸਰਕਾਰਾਂ ਨੇ ਅਜਿਹੀ ਸਥਿਤੀ ਪੈਦਾ ਕੀਤੀ ਕਿ ਵੱਡੀ ਗਿਣਤੀ ਲੋਕਾਂ ਨੇ ਆਪਣੇ ਆਪ ਨੂੰ ਆਟੇ-ਦਾਲ ਵਰਗੀਆਂ ਖੈਰਾਤਾਂ ਲਈ ਸਮਰਪਤ ਕਰ ਦਿੱਤਾ ਹੈ। ਹੁਣ ਤੱਕ ਹਰ ਨਵੀਂ ਤਕਨੀਕ ਦਾ ਸਭ ਵੱਧ ਫਾਇਦਾ ਸਰਮਾਏਦਾਰ ਲੈਂਦੇ ਰਹੇ ਹਨ। ਅਜਿਹੀ ਸਥਿਤੀ ਵਿੱਚ ਜਦੋਂ ਏ ਆਈ ਦਾ ਪ੍ਰਵੇਸ਼ ਹੋਣ ਜਾ ਰਿਹਾ ਹੈ ਤਾਂ ਆਮ ਬੰਦੇ ਲਈ ਇਹ ਸਥਿਤੀ ਹੋਰ ਭਿਆਨਕ ਹੋ ਜਾਵੇਗੀ। ਨੌਕਰੀਆਂ, ਰੋਜ਼ਗਾਰ ਹੋਰ ਵੀ ਘਟ ਹੋਣਗੇ। ਵਿਹਲਾ ਮਨ ਸ਼ੈਤਾਨ ਦਾ ਘਰ ਵਾਂਗ ਸਮਾਜ ਵਿੱਚ ਬੁਰਾਈਆਂ ਫੈਲਣ ਦਾ ਖਤਰਾ ਹੋਰ ਵਧ ਜਾਵੇਗਾ। ਦੂਜੇ ਪਾਸੇ ਏ ਆਈ ਦੀ ਸਮਝ ਏਨੀ ਵਿਸਥਾਰ ਲੈ ਲਵੇਗੀ ਕਿ ਉਸ ਕੋਲ ਲੱਖਾਂ, ਕਰੋੜਾਂ ਬੰਦਿਆਂ ਦੀਆਂ ਹਰ ਤਰ੍ਹਾਂ ਦੀਆਂ ਜਾਣਕਾਰੀਆਂ ਹੋਣਗੀਆਂ, ਕਿਸੇ ਦੀ ਕੈਮਰੇ ਵਿੱਚ ਤਸਵੀਰ ਵੇਖ ਕੇ ਉਸ ਨੂੰ ਝੱਟ ਲੱਭਿਆ ਜਾ ਸਕੇਗਾ। ਹੋ ਸਕਦਾ ਹੈ ਇਸ ਨਾਲ ਮਨੁੱਖ ਕੁਝ ਹੋਰ ਚੰਗਾ ਸਿਰਜਣ ਦੇ ਸਮਰੱਥ ਵੀ ਹੋ ਜਾਵੇ।

ਏ ਆਈ ਨੂੰ ਬਣਾਉਣ ਵਾਲੇ 75 ਸਾਲਾ ਨਿਟੋਨਇਸ ਦੇ ਨਤੀਜਿਆਂ ਨੂੰ ਸਮਝਦਿਆਂ ਖੁਦ ਡਰੇ ਹੋਏ ਹਨ। ਉਹਨਾ ਦਾ ਕਹਿਣਾ ਹੈ ਕਿ ਜੇਕਰ ਮੈਂ ਇਸ ਨੂੰ ਨਾ ਬਣਾਉਂਦਾ ਤਾਂ ਹੋ ਸਕਦਾ ਹੈ

22-OCT-PAGE-5.qxd 10/21/2024 11:03 PM Page 1

ਜ਼ਿਮਨੀ ਚੋਣਾਂ 'ਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਝੰਡਾ ਮਾਰਚ ਕਰਨ ਦਾ ਫੈਸਲਾ

3,7,9 ਤੇ 10 ਨਵੰਬਰ ਨੂੰ ਹੋਣਗੇ ਝੰਡਾ ਮਾਰਚ : ਸ਼ੁਭੇਗ ਸਿੰਘ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਵੱਲੋਂ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਗੁਰਪ੍ਰੀਤ ਸਿੰਘ ਗੱਡੀ ਵਿੰਡ ਦੀ ਪ੍ਰਧਾਨਗੀ ਹੇਠ ਸੂਬਾ ਪੱਧਰੀ ਮੀਟਿੰਗ ਹੋਈ।ਮੀਟਿੰਗ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਦਾ ਐਲਾਨ ਕਰਦੇ ਹੋਏ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੇ ਉਲੀਕੇ ਪ੍ਰੋਗਰਾਮ 13 ਨਵੰਬਰ ਨੂੰ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਹੋ ਰਹੀਆਂ ਜ਼ਿਮਨੀ ਚੋਣਾਂ ਤੋਂ ਪਹਿਲਾਂ ਚਾਰਾ ਵਿਧਾਨ ਸਭਾ ਹਲਕਿਆਂ ਵਿੱਚ ਕਾਲੇ ਝੰਡਿਆਂ ਨਾਲ ਵਿਸ਼ਾਲ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ, ਜਿਸ ਅਨੁਸਾਰ ਝੰਡਾ ਮਾਰਚ ਦੀ ਇੱਕ ਤਰੀਕ ਵਿੱਚ ਤਬਦੀਲੀ ਕਰਦੇ ਹੋਏ ਪੈਨਸ਼ਨਰ ਜੁਆਇੰਟ ਫਰੰਟ ਦੇ ਫੈਸਲੇ 'ਤੇ ਫੁੱਲ ਚੜ੍ਹਾਉਂਦਿਆਂ 3 ਨਵੰਬਰ ਨੂੰ ਹਲਕਾ ਚੱਬੇਵਾਲ, 7 ਨੂੰ ਗਿੱਦੜਬਾਹਾ, 9 ਨੂੰ ਡੇਰਾ ਬਾਬਾ ਨਾਨਕ ਤੇ 10 ਨਵੰਬਰ ਨੂੰ ਬਰਨਾਲਾ ਹਲਕੇ ਵਿੱਚ ਝੰਡਾ ਮਾਰਚ ਕਰਨ ਦਾ ਫੈਸਲਾ ਕੀਤਾ।ਇਸ ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਜ਼ਿਲ੍ਹੇ ਪੱਧਰ ਤੇ 25-26 ਅਕਤੂਬਰ ਨੂੰ ਮੀਟਿੰਗਾਂ ਕਰਨ ਉਪਰੰਤ ਜ਼ਿਲ੍ਹਾ ਤਹਿਸੀਲ ਪੱਧਰ 'ਤੇ 28-29 ਅਕਤੂਬਰ ਨੂੰ ਭਗਵੰਤ ਮਾਨ ਸਰਕਾਰ ਦੀ ਵਾਅਦਾ ਖਿਲਾਫੀ, ਮੀਟਿੰਗਾਂ ਤੋਂ ਵਾਰ ਵਾਰ ਭੱਜਣ ਕਰਨ ਵਰਗੇ ਕੁਕਰਮਾ ਕਰਕੇ ਮੁੱਖ ਮੰਤਰੀ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ।ਸਾਂਝੇ ਫਰੰਟ ਵਿੱਚ ਸ਼ਾਮਲ ਸਾਰੀਆਂ ਜਥੇਬੰਦੀਆਂ ਦੇ ਵਹੀਕਲਾਂ ਤੇ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਦੇ ਬੈਨਰ ਲਗਾਏ ਜਾਣਗੇ ਤੇ ਨਾਲ ਹੀ ਆਪਣੀ ਆਪਣੀ ਜਥੇਬੰਦੀ ਦੇ ਬੈਨਰ ਵੀ ਵਹੀਕਲਾਂ ਦੇ ਪਿਛਲੇ ਪਾਸੇ ਜਾਂ ਸਾਈਡਾਂ 'ਤੇ ਲਗਾਏ ਜਾ ਸਕਣਗੇ।ਹਰੇਕ ਕਨਵੀਨਰ ਧਿਰ ਘੱਟੋ-ਘੱਟ 500, ਕੋ ਕਨਵੀਨਰ ਧਿਰ 300 ਤੇ ਅਜ਼ਾਦ ਧਿਰ 200 ਸਾਥੀਆਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਵੇਗੀ।ਮੀਟਿੰਗ ਵਿੱਚ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਸੂਬਾ ਪ੍ਰਧਾਨ ਭਜਨ ਸਿੰਘ ਗਿੱਲ, ਸੂਬਾ ਜਨਰਲ ਸਕੱਤਰ ਸੁਰਿੰਦਰ ਰਾਮ, ਜ਼ਿਲ੍ਹਾ ਪ੍ਰਧਾਨ ਮੇਗਾ ਸੁਖਮੰਦਰ ਸਿੰਘ ਤੇ ਜ਼ਿਲ੍ਹਾ ਸਕੱਤਰ ਮੋਗਾ, ਸਰਬਜੀਤ ਸਿੰਘ ਸ਼ਾਮਲ ਹੋਏ।ਮੀਟਿੰਗ ਵਿੱਚ ਸਤੀਸ਼ ਰਾਣਾ, ਹਰਦੀਪ ਸਿੰਘ ਟੋਡਰਪੁਰ, ਧਨਵੰਤ ਸਿੰਘ ਭੱਠਲ, ਸਵਿੰਦਰ ਪਾਲ ਸਿੰਘ ਮੋਲੋ ਵਾਲੀ, ਬੋਬਿੰਦਰ ਸਿੰਘ, ਗਗਨ ਦੀਪ ਸਿੰਘ, ਰਾਧੇ ਸ਼ਿਆਮ, ਕਸ਼ਮੀਰ ਸਿੰਘ ਫਿਰੋਜ਼ਪਰ, ਦਲੀਪ ਸਿੰਘ ਪੀਆਈਸੀ ਚੇਅਰਮੈਨ ਲੁਧਿਆਣਾ, ਪ੍ਰਵੀਨ ਕੁਮਾਰ, ਸਤਨਾਮ ਸਿੰਘ ਰੰਧਾਵਾ, ਜਸਦੇਵ ਸਿੰਘ ਪੱਖੋਵਾਲ, ਸੁਖਵਿੰਦਰ ਸਿੰਘ, ਤੀਰਥ ਸਿੰਘ ਬਾਸੀ, ਦੇਵ ਰਾਜ, ਅਵਤਾਰ ਸਿੰਘ, ਬਾਜ ਸਿੰਘ ਖਹਿਰਾ, ਪ੍ਰੇਮ ਚਾਵਲਾ, ਅਮਰੀਕ ਸਿੰਘ ਮਸੀਤਾਂ, ਜਗਦੀਸ਼ ਸਿੰਘ ਚਾਹਿਲ ਅਤੇ ਸੁਖਦੇਵ ਸਿੰਘ ਸੈਣੀ ਸਮੇਤ ਬਹੁਤ ਸਾਰੇ ਆਗੂਆਂ ਨੇ ਆਪਣੇ ਵਿਚਾਰ ਰੱਖੇ ਤੇ ਸਾਂਝੇ ਫਰੰਟ ਦੇ ਸੰਘਰਸ਼ ਵਿੱਚ ਤਨ ਮਨ ਧਨ ਨਾਲ ਸ਼ਾਮਲ ਹੋਣ ਦਾ ਵਿਸ਼ਵਾਸ ਦਿਵਾਇਆ।

ਭਾਕਿਯੂ ਏਕਤਾ-ਉਗਰਾਹਾਂ ਵੱਲੋਂ ਝੋਨੇ ਦੀ ਨਿਰਵਿਘਨ ਖ਼ਰੀਦ ਲਈ ਪੱਕਾ ਮੋਰਚਾ ਜਾਰੀ

- ਖੁੱਲ੍ਹੀ ਮੰਡੀ ਦੀ ਕਾਰਪੋਰੇਟ ਪੱਖੀ ਨੀਤੀ ਤੇ ਪਰਾਲ਼ੀ ਬਾਰੇ ਕੇਸ/ਜੁਰਮਾਨੇ/ਵਰੰਟ ਰੱਦ ਕਰਨ ਦੀ ਮੰਗ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਝੋਨੇ ਦੀ ਨਿਰਵਿਘਨ ਖ਼ਰੀਦ ਅਮਲੀ ਰੂਪ 'ਚ ਚਾਲੂ ਕਰਾਉਣ ਲਈ ਅੱਜ ਪੰਜਵੇਂ ਦਿਨ ਵੀ 51 ਥਾਂਵਾਂ 'ਤੇ ਪੱਕੇ ਮੋਰਚੇ ਜਾਰੀ ਰਹੇ।ਇਹ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਅੱਜ ਵੀ ਇਨ੍ਹਾਂ ਮੋਰਚਿਆਂ ਵਿੱਚ ਕੁੱਲ ਮਿਲਾ ਕੇ ਸੈਂਕੜੇ ਔਰਤਾਂ ਤੇ ਨੌਜਵਾਨਾਂ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਸ਼ਾਮਲ ਹੋਏ।26 ਟੋਲ ਪਲਾਜਿਆਂ ਤੇ 25 ਸਿਆਸੀ ਆਗੂਆਂ ਦੇ ਘਰਾਂ/ਦਫ਼ਤਰਾਂ ਅੱਗੇ ਇਹ ਮੋਰਚੇ ਸਰਕਾਰੀ ਐਲਾਨ ਅਮਲੀ ਰੂਪ 'ਚ ਲਾਗੂ ਹੋਣ ਤੱਕ ਦਿਨੇ ਰਾਤ ਲਗਾਤਾਰ ਜਾਰੀ ਰੱਖੇ ਜਾਣਗੇ।ਅੱਜ ਦੇ ਮੋਰਚਿਆਂ ਨੂੰ ਸੰਬੋਧਨ ਕਰਨ ਵਾਲੇ ਹੋਰ ਮੁੱਖ ਬੁਲਾਰਿਆਂ ਵਿੱਚ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਰੂਪ ਸਿੰਘ ਛੰਨਾਂ, ਹਰਦੀਪ ਸਿੰਘ ਟੱਲੇਵਾਲ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ ਭੁਟਾਲ, ਹਰਿੰਦਰ ਕੌਰ ਬਿੰਦੂ, ਕਮਲਜੀਤ ਕੌਰ ਬਰਨਾਲਾ ਤੇ ਕੁਲਦੀਪ ਕੌਰ ਕੁੱਸਾ ਤੋਂ ਇਲਾਵਾ ਸੰਬੰਧਤ ਜ਼ਿਲ੍ਹਾ ਤੇ ਬਲਾਕ ਪੱਧਰਾਂ ਦੇ ਸੈਂਕੜੇ ਆਗੂ ਸ਼ਾਮਲ ਸਨ।ਬੁਲਾਰਿਆਂ ਨੇ ਮੋਰਚਿਆਂ ਦੀਆਂ ਮੰਗਾਂ ਦੁਹਰਾਈਆਂ ਕਿ ਝੋਨੇ ਦੀ ਪੂਰੇ ਐੱਮ ਐੱਸ ਪੀ 'ਤੇ ਨਿਰਵਿਘਨ ਖ਼ਰੀਦ ਅਮਲੀ ਰੂਪ 'ਚ ਚਾਲੂ ਕੀਤੀ ਜਾਵੇ ਅਤੇ ਹੁਣ ਤੱਕ ਘੱਟ ਮੁੱਲ 'ਤੇ ਵਿਕੇ ਝੋਨੇ ਦੀ ਕਮੀ ਪੂਰਤੀ ਕੀਤੀ ਜਾਵੇ; ਸਰਕਾਰੀ ਸਿਫਾਰਸ਼ ਅਨੁਸਾਰ ਪਾਣੀ ਦੀ ਬੱਚਤ ਲਈ ਬੀਜੀ ਗਈ ਪੀ ਆਰ 126 ਕਿਸਮ ਦੇ ਪੂਸਾ 44 ਨਾਲੋਂ ਘੱਟ ਝਾੜ ਤੇ ਐੱਮ ਐੱਸ ਪੀ ਤੋਂ ਘੱਟ ਮਿਲੇ ਮੁੱਲ ਦੀ ਕਮੀ ਪੂਰਤੀ ਕੀਤੀ ਜਾਵੇ, ਬਾਸਮਤੀ ਦਾ ਲਾਭਕਾਰੀ ਐੱਮ ਐੱਸ ਪੀ ਮਿਥਿਆ ਜਾਵੇ ਤੇ ਐਤਕੀਂ ਵੀ ਪਿਛਲੇ ਸਾਲ ਵਾਲੇ ਔਸਤ ਰੇਟ 'ਤੇ ਖ਼ਰੀਦ ਕੀਤੀ ਜਾਵੇ, ਘੱਟ ਰੇਟ 'ਤੇ ਖ਼ਰੀਦ ਹੁਣ ਤੱਕ ਪੈ ਚੁੱਕੇ ਘਾਟੇ ਦੀ ਕਮੀ ਪੂਰਤੀ ਕੀਤੀ ਜਾਵੇ, ਝੋਨੇ ਦੀ ਵੱਧ ਤੋਂ ਵੱਧ ਨਮੀ 22% ਕੀਤੀ ਜਾਵੇ ਤੇ ਦਾਗੀ ਦਾਣਿਆਂ ਵਰਗੀਆਂ ਹੋਰ ਸ਼ਰਤਾਂ ਨਰਮ ਕੀਤੀਆਂ ਜਾਣ, ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਉਨ੍ਹਾਂ ਦੀ ਮੰਗ ਅਨੁਸਾਰ ਮਿੱਥੀ ਜਾਵੇ ਤੇ ਹੋਰ ਹੱਕੀ ਮੰਗਾਂ ਮੰਨੀਆਂ ਜਾਣ। ਚੱਲ ਰਹੇ ਮੋਰਚਿਆਂ ਦੌਰਾਨ ਵੀ ਇਹ ਜਾਬਰ ਸਿਲਸਿਲਾ ਸ਼ੁਰੂ ਕਰਨ ਦੀ ਸਖ਼ਤ ਨਿਖੇਧੀ ਕੀਤੀ ਗਈ ਤੇ ਕਿਸਾਨਾਂ ਨੂੰ ਸੱਦਾ ਦਿੱਤਾ ਗਿਆ ਕਿ ਇਸ ਸੰਬੰਧੀ ਗ੍ਰਿਫ਼ਤਾਰੀਆਂ ਕਰਨ ਆਏ ਅਧਿਕਾਰੀਆਂ ਦੇ ਘਿਰਾਓ ਕੀਤੇ ਜਾਣ।ਇਸ ਦੇ ਨਾਲ਼ ਹੀ ਬੁਲਾਰਿਆਂ ਨੇ ਡੀ ਏ ਪੀ ਦੀ ਬਿਨਾਂ ਸ਼ਰਤ ਨਿਰਵਿਘਨ ਸਪਲਾਈ ਕਰਨ ਦੀ ਮੰਗ 'ਤੇ ਵੀ ਜ਼ੋਰ ਦਿੱਤਾ।ਉਨ੍ਹਾਂ ਕਿਸਾਨਾਂ ਦੀਆਂ ਇਨ੍ਹਾਂ ਹੱਕੀ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕਰਨ ਲਈ ਕੇਂਦਰ ਤੇ ਪੰਜਾਬ ਸਰਕਾਰਾਂ ਨੂੰ ਦੋਸ਼ੀ ਠਹਿਰਾਇਆ, ਜਿਹੜੀਆਂ ਛੋਟੇ ਦਰਮਿਆਨੇ ਕਿਸਾਨਾਂ ਨੂੰ ਤਬਾਹ ਕਰਨ ਵਾਲੀ ਸੰਸਾਰ ਵਪਾਰ ਸੰਸਥਾ ਦੀ ਕਾਰਪੋਰੇਟ ਪੱਖੀ ਖੁੱਲ੍ਹੀ ਮੰਡੀ ਦੀ ਨੀਤੀ ਮੜ੍ਹਨ 'ਤੇ ਉਤਾਰੂ ਹਨ।ਬੁਲਾਰਿਆਂ ਵੱਲੋਂ ਸਮੂਹ ਪਿੰਡਾਂ ਦੇ ਕਿਸਾਨਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਗਈ ਕਿ ਸਰਕਾਰਾਂ ਦੇ ਇਸ ਕਿਸਾਨ ਮਾਰੂ ਹਮਲੇ ਨੂੰ ਮਾਤ ਦੇਣ ਲਈ ਪੱਕੇ ਮੋਰਚਿਆਂ ਵਿੱਚ ਪੂਰੇ ਜੋਸ਼ ਤੇ ਧੜੱਲੇ ਨਾਲ ਪ੍ਰਵਾਰਾਂ ਸਮੇਤ ਕਾਫ਼ਲੇ ਬੰਨ੍ਹ ਕੇ ਪੁੱਜਣਾ ਚਾਹੀਦਾ ਹੈ।ਫੇਰ ਹੀ ਜਿੱਤ ਦੀ ਗਰੰਟੀ ਹੋਵੇਗੀ ਤੇ ਕਿਸਾਨਾਂ ਵੱਲੋਂ ਮਹਿੰਗੇ ਖ਼ਰਚਿਆਂ ਨਾਲ ਲਹੂ ਪਸੀਨਾ ਇੱਕ ਕਰਕੇ ਪਾਲ਼ੇ ਗਏ ਝੋਨੇ ਦੀ ਬੇਕਦਰੀ ਖਤਮ ਹੋਵੇਗੀ।

ਸੀਵਰੇਜ ਬੋਰਡ ਦੇ ਕੱਚੇ ਕਾਮਿਆਂ ਨੇ ਹੜਤਾਲ 25 ਤੱਕ ਮੁਲਤਵੀ ਕਰਨ ਦਾ ਕੀਤਾ ਐਲਾਨ

ਲੌਂਗੋਵਾਲ/ਸੰਗਰੂਰ (ਪ੍ਰਦੀਪ ਸਿੰਘ ਸੱਪਲ)

ਪਿਛਲੇ ਕਈ ਦਿਨਾਂ ਤੋਂ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਵਿੱਚ ਠੇਕੇਦਾਰੀ ਸਿਸਟਮ ਅਧੀਨ ਕੰਮ ਕਰਦੇ ਕੱਚੇ ਕਾਮਿਆਂ ਦੀਆਂ ਮੰਗਾਂ ਨੂੰ ਲੈ ਕੇ ਜੋ ਰੇੜਕਾ ਤਕਰੀਬਨ ਪਿਛਲੇ ਇੱਕ ਸਾਲ ਤੋਂ ਚੱਲ ਰਿਹਾ ਸੀ, ਉਸਨੂੰ ਬੂਰ ਪੈਣ ਦੀ ਆਸ ਬੱਝੀ ਹੈ।

ਜ਼ਿਕਰਯੋਗ ਹੈ ਕਿ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਅੰਦਰ ਆਊਟਸੋਰਸਿਜ਼, ਠੇਕੇਦਾਰਾਂ, ਸੋਸਾਇਟੀਆਂ, ਕੰਪਨੀਆਂ ਆਦਿ ਰਾਹੀਂ ਬਹੁਤ ਹੀ ਨਿਗੂਣੀਆ ਤਨਖਾਹਾਂ ਤੇ ਪਿਛਲੇ 15-20 ਸਾਲਾਂ ਤੋਂ ਲਗਾਤਾਰ ਇਸ ਸਿਸਟਮ ਨੂੰ ਚਲਾਉਂਦੇ ਆ ਰਹੇ ਹਨ, ਜਿਨ੍ਹਾਂ ਵਿੱਚ ਸੀਵਰਮੈਨ, ਪੰਪ ਓਪਰੇਟਰ, ਬਿਲ ਕਲਰਕ, ਡਰਾਈਵਰ ਆਦਿ ਕੱਚੇ ਕਾਮਿਆਂ ਵੱਲੋਂ ਚਲਾਇਆ ਜਾ ਰਿਹਾ ਹੈ, ਪਰ ਕੰਪਨੀ ਠੇਕੇਦਾਰਾਂ ਸੋਸਾਇਟੀਆਂ ਵੱਲੋਂ ਇਨ੍ਹਾਂ ਕਾਮਿਆਂ ਨੂੰ ਪਿਛਲੇ ਛੇ-ਛੇ ਮਹੀਨਿਆਂ ਤੋਂ ਤਨਖਾਹਾਂ ਨਹੀਂ ਦਿੱਤੀਆਂ ਜਾ ਰਹੀਆਂ ਅਤੇ ਨਾ ਹੀ ਉਹਨਾਂ ਦਾ ਬਣਦਾ ਈ.ਪੀ.ਐਫ ਫੰਡ ਜਮਾ ਕਰਾਇਆ ਜਾ ਰਿਹਾ ਹੈ ਅਤੇ ਬਣਦਾ ਬੋਨਸ ਵੀ ਕਦੇ ਨਹੀਂ ਦਿੱਤਾ ਗਿਆ ਤੇ ਕਿਰਤ ਕਾਨੂੰਨ ਮੁਤਾਬਕ ਕੀਤੇ ਗਏ ਵਾਧੇ ਅਤੇ ਚੰਨੀ ਸਰਕਾਰ ਵੇਲੇ 416 ਰੁਪਏ ਦਾ ਕੀਤਾ ਗਿਆ ਵਾਧਾ ਅੱਜ ਤੱਕ ਵਰਕਰਾਂ ਨੂੰ ਨਹੀਂ ਦਿੱਤਾ ਗਿਆ, ਜਿਸਦੇ ਰੋਸ ਵਜੋਂ ਇਹ ਹੜਤਾਲ ਤੇ ਧਰਨਾ ਡਿਵੀਜ਼ਨ ਸੰਗਰੂਰ ਵਿੱਚ ਪੈਂਦੇ ਲੌਂਗੋਵਾਲ, ਚੀਮਾ, ਦਿੜਬਾ, ਲਹਿਰਾ, ਪਾਤੜਾਂ, ਖਨੌਰੀ, ਮੂਣਕ, ਧੂਰੀ ਅਤੇ ਪਟਿਆਲਾ ਵਿੱਚ ਪੈਂਦੇ ਕਸਬਾ ਪਾਤੜਾਂ ਦੇ ਕਾਮਿਆਂ ਵੱਲੋਂ ਨਿਰੰਤਰ ਚੱਲ ਰਿਹਾ ਸੀ।

ਮੌਕੇ ਤੇ ਪਹੁੰਚੇ ਸਬ ਡਿਵੀਜ਼ਨ ਇੰਜਨੀਅਰ ਲਲਿਤ ਮਿੱਤਲ ਤੇ ਜੂਨੀਅਰ ਇੰਜੀਨੀਅਰ ਸਿਮਰਨਜੀਤ ਸਿੰਘ ਨੇ ਜਥੇਬੰਦੀ ਦੇ ਆਗੂਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ 23 ਅਕਤੂਬਰ ਤੱਕ ਲਹਿਰਾ, ਖਨੌਰੀ ਤੇ ਮੂਣਕ ਦੀਆਂ ਤਨਖਾਹਾਂ ਅਤੇ ਬਕਾਏ ਉਹਨਾਂ ਦੇ ਖਾਤਿਆਂ ਵਿੱਚ ਪਾ ਦਿੱਤੇ ਜਾਣਗੇ।

ਇਸੇ ਤਰ੍ਹਾਂ 24 ਅਕਤੂਬਰ ਤੱਕ ਪਾਤੜਾਂ ਪਲਾਂਟ ਤੇ ਕੰਮ ਕਰਦੇ ਕਾਮਿਆਂ ਦੀਆਂ ਤਨਖਾਹਾਂ ਅਤੇ ਬਕਾਏ ਵੀ ਉਨ੍ਹਾਂ ਦੇ ਖਾਤਿਆਂ ਵਿੱਚ ਭੇਜ ਦਿੱਤੇ ਜਾਣਗੇ। ਆਗੂਆਂ ਵੱਲੋਂ ਇਹ ਜ਼ਿਕਰ ਕੀਤਾ ਗਿਆ ਕਿ ਜਥੇਬੰਦੀ ਨੂੰ ਹੁਣ ਕੰਪਨੀ ਠੇਕੇਦਾਰਾਂ ਉੱਪਰ ਉੱਕਾ ਵੀ ਭਰੋਸਾ ਨਹੀਂ ਰਿਹਾ ਅਤੇ ਨਾ ਹੀ ਇੱਥੋਂ ਦੇ ਕਾਰਜਕਾਰੀ ਇੰਜੀਨੀਅਰ ਉੱਤੇ ਭਰੋਸਾ ਰਿਹਾ ਹੈ ਕਿ ਵਰਕਰਾਂ ਦੀਆਂ ਇਹ ਮੰਗਾਂ ਦਾ ਨਿਪਟਾਰਾ ਕਰ ਸਕਣਗੇ। ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਤੁਸੀਂ ਇਸ ਗੱਲ ਦੀ ਗਵਾਹੀ ਭਰਦੇ ਹੋ ਤਾਂ ਤੁਹਾਡੇ ਤੇ ਜਥੇਬੰਦੀ ਵਿਸ਼ਵਾਸ਼ ਕਰਕੇ ਇਸ ਹੜਤਾਲ ਨੂੰ 25 ਅਕਤੂਬਰ ਤੱਕ ਮੁਲਤਵੀ ਕਰ ਰਹੀ ਹੈ। ਲਲਿਤ ਮਿੱਤਲ ਤੇ ਸਿਮਰਨਜੀਤ ਸਿੰਘ ਦੇ ਲਿਖਤੀ ਭਰੋਸਾ ਦੇਣ ਮਗਰੋਂ ਸੀਵਰੇਜ ਬੋਰਡ ਦੇ ਕਾਮਿਆਂ ਵੱਲੋਂ ਹੜਤਾਲ ਮੁਲਤਵੀ ਕਰ ਦਿੱਤੀ ਗਈ ਅਤੇ ਸਾਰੇ ਕਾਮਿਆਂ ਨੂੰ ਸੂਬਾ ਆਗੂਆਂ ਵੱਲੋਂ ਆਪੋ ਆਪਣੇ ਸਟੇਸ਼ਨਾਂ ਤੇ ਜਾ ਕੇ ਕੰਮ ਚਾਲੂ ਕਰਨ ਲਈ ਕਿਹਾ ਗਿਆ ਅਤੇ ਇਸ ਦੀ ਸਮਾਪਤੀ ਪੰਜਾਬ ਸਰਕਾਰ ਅਤੇ ਸੀਵਰੇਜ ਬੋਰਡ ਦੇ ਘਟੀਆ ਸਿਸਟਮ ਦੇ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਕੇ ਕੀਤੀ ਗਈ।

ਕਾਤਰਾਂ

ਸੜਕ ਹਾਦਸੇ 'ਚ ਇੱਕ ਦੀ ਮੌਤ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਫਾਜ਼ਿਲਕਾ ਰੋਡ ਦੇ ਪਿੰਡ ਖਾਈ ਫੇਮੇਕੀ ਵਿਖੇ ਇੱਕ ਦਰਦਨਾਕ ਹਾਦਸਾ ਵਾਪਰਿਆ, ਜਿੱਥੇ ਟਰੱਕ ਤੇ ਟਰੈਕਟਰ ਟਰਾਲੀ ਦੀ ਟੱਕਰ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।ਰਣਬੀਰ ਸਿੰਘ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਕਿਹਾ ਕਿ ਉਹ ਆਪਣੇ ਲੜਕੇ ਮੁਕੇਸ਼ ਸਿੰਘ ਨਾਲ ਫਾਜ਼ਿਲਕਾ ਤੋਂ ਫਿਰੋਜ਼ਪੁਰ ਜਾ ਰਿਹਾ ਸੀ, ਜਦੋਂ ਟਰੱਕ ਚਾਲਕ ਰਵਿੰਦਰਪਾਲ ਸਿੰਘ ਨੇ ਆਪਣੇ ਟਰੱਕ ਨੂੰ ਤੇਜ਼ ਰਫਤਾਰ ਤੇ ਗਲਤ ਸਾਇਡ ਲਿਆ ਕੇ ਟਰੈਕਟਰ ਟਰਾਲੀ ਨਾਲ ਟੱਕਰ ਮਾਰੀ, ਜਿਸ ਨਾਲ ਮੁਕੇਸ਼ ਸਿੰਘ ਦੀ ਮੌਤ ਹੋ ਗਈ।ਇਸ ਮਾਮਲੇ ਵਿੱਚ ਪੁਲਸ ਨੇ ਟਰੱਕ ਚਾਲਕ ਰਵਿੰਦਰਪਾਲ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ।

ਭੇਦਭਰੀ ਹਾਲਤ 'ਚ ਵਿਅਕਤੀ ਲਾਪਤਾ, ਮੋਟਰਸਾਈਕਲ ਨਹਿਰ ਕੰਢਿਓਂ ਮਿਲਿਆ

ਦੋਦਾ (ਵਕੀਲ ਬਰਾੜ)-ਪਿੰਡ ਭੁੱਲਰ ਕੋਲ ਦੀ ਲੰਘਦੀਆਂ ਨਹਿਰਾਂ ਵਿੱਚੋਂ ਰਾਜਸਥਾਨ ਨਹਿਰ ਕਿਨਾਰੇ ਤੋਂ ਪਿੰਡ ਖੁੰਨਣ ਖੁਰਦ ਦਾ ਇੱਕ ਜਸਵਿੰਦਰ ਸਿੰਘ ਉਰਫ ਰਾਣਾ (ਕਰੀਬ 30 ਸਾਲ) ਪੁੱਤਰ ਰਾਜਾ ਸਿੰਘ ਦਾ ਹਾਦਸੇ ਦਾ ਸ਼ਿਕਾਰ ਮੋਟਰਸਾਈਕਲ ਨੰਬਰ ਪੀਬੀ. 60 ਸੀ 4470 ਹੀਰੋ ਡੀਲਕਸ ਮਿਲਿਆ। ਇਹ ਵਿਅਕਤੀ ਦੋਦਾ ਵਿਖੇ ਇੱਕ ਡੀ ਜੇ ਤੇ ਕੋਲਡ ਡਰਿੰਕ ਵਾਲੀ ਦੁਕਾਨ ਦਾ ਮੁਲਾਜ਼ਮ ਸੀ, ਜੋ ਕੱਲ੍ਹ ਸ਼ਾਮ ਨੂੰ ਦੁਕਾਨ ਮਾਲਕ ਦਾ ਮੋਟਰਸਾਈਕਲ ਲੈ ਕੇ ਆਪਣੇ ਪਿੰਡ ਲਈ ਤੁਰਿਆ ਸੀ, ਪਰ ਘਰ ਨਹੀਂ ਪੁੱਜਿਆ। ਸਵੇਰ ਵੇਲੇ ਪਿੰਡ ਭੁੱਲਰ ਵਿਖੇ ਪਏ ਮੋਟਰਸਾਈਕਲ ਤੋਂ ਪਤਾ ਲੱਗਾ, ਜਿਸ ਕੋਲ ਉਸ ਦਾ ਇੱਕ ਬੂਟ ਅਤੇ ਝੋਲਾ ਮਿਲਿਆ ਸੀ। ਜਾਪਦਾ ਹੈ ਉਕਤ ਵਿਅਕਤੀ ਭੇਦਭਰੀ ਹਾਲਤ ਵਿੱਚ ਨਹਿਰ ਵਿੱਚ ਡਿੱਗ ਪਿਆ ਹੈ। ਸੂਚਨਾ ਮਿਲਿਦਆਂ ਹੀ ਥਾਣਾ ਸਦਰ ਮੁਕਤਸਰ ਦੇ ਐੱਸ ਐੱਚ ਓ ਹਰਪ੍ਰੀਤ ਕੌਰ ਸਮੇਤ ਟੀਮ ਮੌਕੇ ਉੱਤੇ ਪੁੱਜ ਗਏ ਅਤੇ ਬਾਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ। ਜਸਵਿੰਦ

22 - October - Page - 6.qxd 10/21/2024 11:20 PM Page 1

ਭਗਵਾਨ ਵਾਲਮੀਕਿ ਵੱਲੋਂ ਦਰਸਾਏ ਆਦਰਸ਼ ਅੱਜ ਵੀ ਸਾਡਾ ਰਾਹ ਰੁਸ਼ਨਾ ਰਹੇ : ਡਾ. ਅਗਰਵਾਲ

ਜਲੰਧਰ, (ਸੁਰਿੰਦਰ ਕੁਮਾਰ) ਸਥਾਨਕ ਜਲੰਧਰ ਦੇ ਕਰਮਚਾਰੀਆ ਦੇ ਨਾਲ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਫਾਈ ਕਰਮਚਾਰੀ ਯੂਨੀਅਨ ਡੀ ਸੀ ਦਫ਼ਤਰ ਵੱਲੋਂ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਨੂੰ ਸਮਰਪਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਰਵਾਏ ਸਮਾਗਮ ਵਿੱਚ ਹਾਜ਼ਰੀ ਲਵਾਉਂਦਿਆਂ ਸਭ ਨੂੰ ਭਗਵਾਨ ਵਾਲਮੀਕਿ ਜੀ ਵੱਲੋਂ ਦਰਸਾਏ ਨੈਤਿਕਤਾ ਦੇ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਡਾ. ਅਗਰਵਾਲ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਵੱਲੋਂ ਦਰਸਾਏ ਆਦਰਸ਼ ਅੱਜ ਵੀ ਸਾਡਾ ਰਾਹ ਰੁਸ਼ਨਾ ਰਹੇ ਹਨ, ਜਿਨ੍ਹਾਂ ਤੋਂ ਸੇਧ ਲੈ ਕੇ ਸਾਨੂੰ ਬਰਾਬਰੀ ਵਾਲੇ ਸਮਾਜ ਜੀ ਸਿਰਜਣਾ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਭਗਵਾਨ ਵਾਲਮੀਕਿ ਜੀ ਦੇ ਸਮਾਨਤਾ ਅਤੇ ਸਰਬ-ਸਾਂਝੀਵਾਲਤਾ ਦੇ ਸਿਧਾਂਤਾ ਨੂੰ ਆਪਣੀ ਜ਼ਿੰਦਗੀ ਵਿੱਚ ਧਾਰਨ ਕਰਨ ਅਤੇ ਸਮਾਜ ਭਲਾਈ ਦੇ ਕਾਰਜਾਂ ਲਈ ਅੱਗੇ ਆਉਣ ਲਈ ਪ੍ਰੇਰਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਲੰਗਰ ਛਕਣ ਦੇ ਨਾਲ-ਨਾਲ ਯੂਨੀਅਨ ਵੱਲੋਂ ਲਗਾਏ ਲੰਗਰ ਵਿੱਚ ਸੇਵਾ ਵੀ ਕੀਤੀ ਗਈ।ਉਨ੍ਹਾਂ ਇਸ ਮੌਕੇ ਸਫਾਈ ਕਰਮਚਾਰੀ ਯੂਨੀਅਨ ਡੀਸੀ ਦਫ਼ਤਰ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਵੀ ਕੀਤੀ।

ਝਬਾਲ ਵਿਖੇ 5ਵਾਂ ਕਥਾ-ਕੀਰਤਨ ਦਰਬਾਰ 2 ਨੂੰ

ਝਬਾਲ, (ਹਰਜਿੰਦਰ ਸਿੰਘ ਸੋਨੀ)- ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆ ਰਹੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ 5ਵਾਂ ਕਥਾ ਕੀਰਤਨ ਦਰਬਾਰ ਦਾ ਰਾਇਲ ਸਟਾਰ ਕਲੱਬ ਰਜਿ: ਵਲੋਂ ਕਸਬਾ ਝਬਾਲ ਦੀਆਂ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਸਤਿਕਾਰ ਤੇ ਉਤਸ਼ਾਹ ਨਾਲ 17 ਕੱਤਕ 2 ਨਵੰਬਰ ਦਿਨ ਸ਼ਨੀਵਾਰ ਰਾਤ ਨੂੰ ਕਰਵਾਇਆ ਜਾਂ ਰਿਹਾ ਹੈ।ਇਸ ਧਾਰਮਿਕ ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਦ ਰਾਇਲ ਸਟਾਰ ਕਲੱਬ ਝਬਾਲ ਦੇ ਪ੍ਰਧਾਨ ਰਮੇਸ਼ ਕੁਮਾਰ ਬੰਟੀ ਸ਼ਰਮਾ ਨੇ ਕਲੱਬ ਦੇ ਸਮੂਹ ਮੈਂਬਰਾਂ ਨਾਲ ਮੀਟਿੰਗ ਕਰਨ ਉਪ੍ਰੰਤ ਦੱਸਿਆ ਕਿ ਇਸ ਕਰਵਾਏ ਜਾ ਰਹੇ ਕਥਾ ਕੀਰਤਨ ਦਰਬਾਰ ਵਿੱਚ ਭਾਈ ਬਲਦੇਵ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਜਗਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਦਵਿੰਦਰ ਸਿੰਘ ਹਜ਼ੂਰੀ ਰਾਗੀ ਬਾਬਾ ਬੁੱਢਾ ਜੀ ਬੀੜ ਸਾਹਿਬ, ਉੱਘੇ ਕਥਾਵਾਚਕ ਗਿਆਨੀ ਜਸਵੰਤ ਸਿੰਘ ਪ੍ਰਵਾਨਾ ਜਿੱਥੇ ਸੰਗਤਾਂ ਨੂੰ ਨਿਹਾਲ ਕਰਨਗੇ ਉੱਥੇ ਹੀ ਸੰਤ ਮਹਾਂਪੁਰਸ਼ ਜਥੇਦਾਰ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ ਮੌਜੂਦਾ 12ਵੇਂ ਮੁਖੀ ਸੰਪ੍ਰਦਾਇ ਦਲ ਪੰਥ ਬਾਬਾ ਬਿਧੀ ਚੰਦ ਜੀ ਸੁਰਸਿੰਘ, ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ ਸੰਪ੍ਰਦਾਇ ਕਾਰ ਸੇਵਾ ਡੇਰਾ ਭੂਰੀ ਵਾਲੇ ਅੰਮ੍ਰਿਤਸਰ ਸਮੇਤ ਪੰਥਕ ਤੇ ਧਾਰਮਿਕ ਸ਼ਖਸੀਅਤਾਂ, ਭਾਈ ਗੁਰਲਾਲ ਸਿੰਘ ਸਟੇਜ ਸਕੱਤਰ ਸਮੇਤ ਸਰਪੰਚ ਸਹਿਬਾਨ, ਮੈਂਬਰ ਪੰਚਾਇਤ ਆਪਣੀਆਂ ਹਾਜ਼ਰੀਆਂ ਲਗਾਉਣ ਲਈ ਪਹੁੰਚ ਰਹੇ ਹਨ।ਇਸ ਮੌਕੇ ਭੁਪਿੰਦਰ ਸਿੰਘ ਘਈ, ਗੁਰਜੀਤ ਸਿੰਘ ਸੋਨੀ ਬਾਬਾ ਝਬਾਲ, ਸਿਮਰਨਜੀਤ ਸਿੰਘ ਧੁੰਨਾ, ਬਲਜੀਤ ਸਿੰਘ, ਲੱਖਾ ਸਿੰਘ ਮੱਜੂਪੁਰ, ਅਮਨ, ਪਿਊਸ਼, ਹਰਜੋਤ ਸਿੰਘ, ਜਸਪਾਲ ਸਿੰਘ ਕੰਗ ਵਸੀਕਾ, ਬੰਟੀ ਸੂਦ ਵਸੀਕਾ, ਡਿਪਟੀ ਰਾਜਪੂਤ, ਹਰਿੰਦਰ ਸਿੰਘ, ਹੈਪੀ ਝਬਾਲ,ਹੈਪੀ ਮੀਰਾਂਕੋਟੀਆ, ਡਾਕਟਰ ਅਮਰਿੰਦਰ ਸਿੰਘ,ਬੰਟੀ ਨੰਦਾ, ਇਕਬਾਲ ਸਿੰਘ ਆਦਿ ਵੀ ਮੌਜੂਦ ਸਨ।

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਅੱਜ

ਮੋਹਾਲੀ, (ਗੁਰਜੀਤ ਬਿੱਲਾ) ਪੰਜਾਬ ਸਰਕਾਰ ਦੇ ਮਿਸ਼ਨ ਘਰ-ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਐਸ ਏ ਐਸ ਨਗਰ ਵੱਲੋਂ ਅਕਤੂਬਰ (ਮੰਗਲਵਾਰ) ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਰੋਜ਼ਗਾਰ ਬਿਊਰੋ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ: 461, ਤੀਜੀ ਮੰਜਿਲ, ਸੈਕਟਰ-76, ਵਿਖੇ ਕੀਤਾ ਜਾ ਰਿਹਾ ਹੈ, ਜਿਸ ਦਾ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 2 ਵਜੇ ਤੱਕ ਹੋਵੇਗਾ।ਡੀ ਬੀ ਈ ਈ ਐਸ ਏ ਐਸ ਨਗਰ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਲਗਾਤਾਰ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸ਼ੁੱਕਰਵਾਰ ਮਿਤੀ 22 ਅਗਸਤ ਨੂੰ ਪਲੇਸਮੈਂਟ ਕੈਂਪ ਆਯੋਜਿਤ ਕੀਤਾ ਜਾਣਾ ਹੈ ਜਿਸ ਵਿੱਚ ਭਾਰਤ ਫਾਇਨੀਸੀਅਲ ਇੰਨਕਲੂਸ਼ਨ ਲਿਮਿ, ਡੀ-ਮਾਰਟ ਅਤੇ ਐਸ.ਬੀ.ਆਈ. ਬੈਂਕ ਕਰੈਡਿਟ ਕਾਰਡ ਸ਼ਾਮਲ ਹੋਣਗੀਆਂ ਉਨਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਲੜਕੇ ਅਤੇ ਲੜਕੀਆਂ ਦੋਨੋ ਭਾਗ ਲੈ ਸਕਦੇ ਹਨ ਜਿਨ੍ਹਾ ਦੀ ਉਮਰ 18 ਤੋਂ 32 ਸਾਲ ਹੋਵੇ ਅਤੇ ਘੱਟ ਤੋ ਘੱਟ ਯੋਗਤਾ ਦਸਵੀ, ਬਾਰਵੀ, ਗ੍ਰੈਜੁਏਸ਼ਨ, ਵਿੱਚ ਆਦਿ ਪਾਸ ਕੀਤਾ ਹੋਵੇ, ਭਾਗ ਲੈ ਸਕਦੇ ਹਨ।

ਪਾਕਿਸਤਾਨ 'ਚ ਮਿਕਸਡ ਮਾਰਸ਼ਲ ਆਰਟ ਮੁਕਾਬਲੇ 'ਚ ਹਿੱਸਾ ਲੈਣਗੇ ਰਿਤਿਕ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਕਿੱਕ ਬਾਕਸਿੰਗ ਕੋਚ ਸੀਨਾ ਬੇਦੀ ਦੇ ਵਿਦਿਆਰਥੀ ਰਿਤਿਕ ਕਲਸੀ ਨੇ ਸ਼ਾਨਦਾਰ ਸਫਲਤਾ ਹਾਸਲ ਕੀਤੀ ਹੈ ਅਤੇ ਪਾਕਿਸਤਾਨ ਮਿਕਸਡ ਮਾਰਸਲ ਆਰਟਸ ਫੈਡਰੇਸ਼ਨ ਵੱਲੋਂ ਪਾਕਿਸਤਾਨ 'ਚ ਕਰਵਾਏ ਵਿਸ਼ਵ ਪੱਧਰੀ ਮੁਕਾਬਲੇ 'ਚ ਚੁਣਿਆ ਗਿਆ ਹੈ ਅਤੇ ਰਿਤਿਕ 22 ਅਕਤੂਬਰ ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ। ਉਸ ਨੇ ਦੱਸਿਆ ਕਿ ਉਹ ਕੋਚ ਸੀਨਾ ਬੇਦੀ ਦੇ ਕੋਲ ਸਾਂਤੀ ਨਗਰ ਸਥਿਤ ਅਕੈਡਮੀ ਵਿੱਚ ਪ੍ਰੈਕਟਿਸ ਕਰਦਾ ਹੈ ਅਤੇ ਉਸ ਦਾ ਟੀਚਾ ਹੈ ਕਿ ਪਾਕਿਸਤਾਨ ਵਿੱਚ ਜਿੱਤ ਪ੍ਰਾਪਤ ਕਰਕੇ ਉਹ ਸ਼ਹਿਰ, ਜਿਲ੍ਹੇ, ਪੰਜਾਬ ਅਤੇ ਦੇਸ਼ ਦਾ ਨਾਂਅ ਰੌਸ਼ਨ ਕਰੇਗਾ। ਉਸ ਨੇ ਦੱਸਿਆ ਕਿ ਉਸ ਦਾ ਮੈਚ 27 ਅਕਤੂਬਰ ਨੂੰ ਹੋਵੇਗਾ ਅਤੇ ਉਸ ਦਾ ਮੈਚ ਪਾਕਿਸਤਾਨ ਨਾਲ ਹੋਵੇਗਾ।

ਦੀ ਯੱਕੋਪੁਰ ਖੁਰਦ ਕੋਆਪਰੇਟਿਵ ਸੁਸਾਇਟੀ ਵੱਲੋਂ ਪਰਾਲੀ ਨੂੰ ਅੱਗ ਨਾ ਲਾਉਣ ਅਪੀਲ

ਲੋਹੀਆਂ ਖਾਸ, (ਯੋਗੇਸ਼ਵਰ) : ਦੀ ਯੱਕੋ ਪੁਰ ਖੁਰਦ ਕੋਆਪਰੇਟਿਵ ਸੁਸਾਇਟੀ ਲੋਹੀਆਂ ਖਾਸ ਵੱਲੋਂ ਅਪੀਲ ਕੀਤੀ ਗਈ ਕਿ ਕਿਸਾਨ ਭਰਾਵੋ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਵੋ ਅਤੇ ਸਾਰੇ ਕਿਸਾਨਾਂ ਨੂੰ ਬੇਨਤੀ ਹੈ ਕੀ ਸਹਿਕਾਰਤਾ ਵਿਭਾਗ ਜਲੰਧਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਦਾ ਵੱਧ ਚੜ੍ਹ ਕੇ ਸਮਰਥਨ ਕਰੋਝੋਨੇ ਦੀ ਪਰਾਲੀ ਦੀ ਰਹਿੰਦ ਖੂਹੰਦ ਨੂੰ ਜ਼ਮੀਨ ਵਿਚ ਹੀ ਵਾਹਿਆ ਜਾਵੇ ਤੇ ਇਸ ਨੂੰ ਅੱਗ ਤੋਂ ਬਚਾਈਆਂ ਜਾਵੇ ਜਿਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਧਦੀ ਹੈ ਤੇ ਫਸਲ ਜ਼ਿਆਦਾ ਹੁੰਦੀ ਹੈ। ਇਸ ਨਾਲ ਵਾਤਾਵਰਣ ਵੀ ਸਾਫ਼ ਰਹਿੰਦਾ ਹੈ ਜ਼ਮੀਨ ਨੂੰ ਉਪਜ ਰੱਖਣ ਲਈ ਸਹਿਕਾਰੀ ਸਭਾਵਾਂ ਵੱਲੋਂ ਮੁਹਾਈਆਂ ਕਰਵਾਈ ਜਾ ਰਹੀ ਮਸ਼ੀਨਰੀ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ।ਇਸ ਮੌਕੇ ਅੰਜੂ ਬਾਲਾ ਏ ਆਰ ਸ਼ਾਹਕੋਟ, ਕਰਨਵੀਰ ਸਿੰਘ, ਇੰਸਪੈਕਟਰ ਮਲਕੀਤ ਸਿੰਘ, ਪ੍ਰਧਾਨ ਪੁੰਨੂ ਮੱਲ ਮੀਤ ਗੁਰਬੀਰ ਸਿੰਘ, ਪ੍ਰਧਾਨ ਗੁਰਦੇਵ ਸਿੰਘ, ਹਰਨੇਕ ਸਿੰਘ, ਚਰਨ ਦਾਸ, ਗੁਰਪ੍ਰੀਤ ਸਿੰਘ, ਸਾਹਿਬ ਸਿੰਘ, ਜੋਗਿੰਦਰ ਕੌਰ, ਬਲਵਿੰਦਰ ਕੌਰ, ਅੰਮੀ ਚੰਦ, ਪਰਮਜੀਤ ਸਿੰਘ ਪੰਮਾ ਲੋਹੀਆਂ ਖਾਸ ਵੱਲੋਂ ਅਪੀਲ ਕੀਤੀ ਗਈ।

ਉਤਰ ਰੇਲਵੇ

ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

ਟੈਂਡਰ ਨੰ.	251-ਬਿਜਲੀ- T-41/2024-25		
ਕੰਮ ਦਾ ਵੇਰਵਾ	ਐਸਐਸਈ/ਪੀ/ਪੀਟੀਕੇ ਦੇ ਤਹਿਤ ਗੁਰਦਾਸਪੁਰ ਅਤੇ ਧਾਰੀਵਾਲ ਗੁਡਸ ਸ਼ੇਡ ਦੇ ਉਨਯਨ/ਸੁਧਾਰ ਦੇ ਸਬੰਧ ਵਿਚ ਬਿਜਲੀ ਕੰਮ।		
ਅੰਦਾਜਨ ਲਾਗਤ (₹)	41,39,234.90	ਬਿਆਨਾ ਰਾਸ਼ੀ (₹)	82,800/-
ਕੰਮ ਦਾ ਸਮਾਂ	06 ਮਹੀਨੇ	ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ	
ਵੈਬਸਾਈਟ	www.ireps.gov.in	08.11.2024 ਨੂੰ 15:00 ਵਜੇ ਦੇ ਬਾਅਦ	

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 34-ਬਿਜਲੀ-2024-25
ਮਿਤੀ 18.10.2024 3259/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

Public Notice

Under the instruction of AU Small Finance Bank Ltd Branch Mall Road Amritsar I hereby informed the It is brought to notice of general public that Sukhwinder S/o Sadhu Singh R/o Village Abadi Amarkot Mahmudpura Tarn Taran is Owner of property the detail as under:-

Property measuring 8 Marlas i.e having 8/151 share out of property 7 Kanals 11 Marlas bearing Khasra No. 75//23 (7-11), situated in the area of Village Mehmoodpura Tehsil Patti Distt. Tarn Taran had lost his previous sale deed No. 1387 dated 06-01-2012 & Transfer deed No. 2019-20/176/1/700 dated 29-11-2019 and regarding that lost Information report also given vide letter no. 528306/2024 dated 21-10-2024 has also been got registered in this respect. Anybody having claim or claiming any manner in this property or has raised loan by depositing the aforesaid document to any person/ bank/ corporation/ Financial institution may approach the undersigned and may submitted objections within 7 day from the date of this public notice. After the expiry of the period of this notice, no claim shall be entertained and such claim sell be deemed to be false fake frivolous fraudulent and base-less claim and shall have no value in the eyes of law. It shall also be deemed that nobody has any objection for mortgaging the aforesaid property with AU Small Finance Bank Ltd Branch Mall Road Amritsar

Harpal Singh Nijjar(Advocate)
Office address-First Floor, Near Rishu Photo Studio Kacheri Chownk Amritsar Mobile No. 9815610005.

ਪਬਲਿਕ ਨੋਟਿਸ

ਖਸਰਾ ਨੰ. 1299 ਸਾਲ 2010-2011 ਲਈ ਜਮ੍ਹਾਂਬੰਦੀ ਵਿੱਚ ਦਰਜ ਕੀਤੀ ਮੇਰੇ ਨਾਮ (ਮੋਹਿਨੀ ਸਹਿਗਲ) ਪਰ ਵਿਕਰੀ ਡੀਡ ਸਾਲ 2022 ਰਕਬਾ 5 ਮਰਲੇ ਅਬਾਦੀ ਵਿਖੇ ਸਥਿਤ ਚੱਕ ਹੁਸੈਨਾ ਲੰਮਾ ਪਿੰਡ ਜਲੰਧਰ, ਵੱਲੋਂ ਉਕਤ ਪ੍ਰਾਪਰਟੀ ਦੀ ਪੁਰਾਣੀ /ਪਿਛਲੀ ਅਸਲ ਡੀਡ ਨੰ 10418 ਮਿਤੀ 20-02-1991 ਅਤੇ ਅਸਲ ਮੁਖਤਿਆਰ ਆਮ ਨੰ. 7406 ਮਿਤੀ 09-02-2010 ਦੀ ਗੁੰਮਸ਼ੁਦਗੀ ਬਾਬਤ ਇਹ ਕਿ ਉਕਤ ਖਸਰਾ ਨੰ. 1299 ਸਾਲ 2010-2011 ਜਮ੍ਹਾਂਬੰਦੀ ਵਿੱਚ ਰਕਬਾ 5 ਮਰਲੇ ਮੇਰੇ ਨਾਮ ਪਰ ਹੈ। ਇਹ ਕਿ ਮੇਰੀ ਇਸ ਮਕਾਨ /ਪ੍ਰਾਪਰਟੀ ਦੀਆਂ ਪਿਛਲੀ/ਪੁਰਾਣੀ ਅਸਲ ਵਿਕਰੀ ਡੀਡ ਨੰ. 10418 ਮਿਤੀ 20-02-1991 ਅਤੇ ਅਸਲ ਮੁਖਤਿਆਰ ਆਮ ਨੰ. 7406 ਮਿਤੀ 09-02-2010 ਰਕਬਾ 5 ਮਰਲਾ ਗੁਆਚ ਗਏ ਹਨ ਅਤੇ ਇਸ ਦੇ ਪ੍ਰਭਾਵ ਲਈ ਡੀ.ਡੀ.ਆਰ ਨੰ. 031 ਮਿਤੀ 08-12-2023 ਨੂੰ ਪੁਲਿਸ ਸਟੇਸ਼ਨ ਥਾਣਾ ਰਾਮਾਮੰਡੀ ਜਲੰਧਰ ਵੱਲੋਂ ਮੋਹਿਨੀ ਸਹਿਗਲ ਪਤਨੀ ਸ੍ਰੀ ਅਸ਼ਵਨੀ ਕੁਮਾਰ ਵੱਲੋਂ ਦਰਜ ਰਜਿਸਟਰ ਹੈ। ਇਹ ਕਿ ਜੇਕਰ ਕਿਸੇ ਨੂੰ ਉਕਤ ਗੁੰਮ ਹੋਈ ਵਿਕਰੀ ਡੀਡ ਅਤੇ ਮੁਖਤਿਆਰ ਨਾਮੇ ਬਾਬਤ ਇਤਰਾਜ਼ ਹੈ, ਇਤਰਾਜ਼ ਪ੍ਰਕਾਸ਼ਨ ਦੀ ਮਿਤੀ ਤੋਂ ਪੰਦਰਾਂ ਦਿਨਾਂ ਦੇ ਅੰਦਰ ਉਠਾਏ ਜਾ ਸਕਦੇ ਹਨ। ਇਹ ਕਿ ਜੇਕਰ ਕਿਸੇ ਨੂੰ ਉਕਤ ਗੁੰਮ ਹੋਈ ਅਸਲ ਵਿਕਰੀ ਡੀਡ ਅਤੇ ਅਸਲ ਮੁਖਤਿਆਰਨਾਮਾ ਮਿਲੇ ਤਾਂ ਸਾਨੂੰ ਸੰਪਰਕ ਕਰੇ : 8968733673

COURT NOTICE

(U/o 5 Rule 20 CPC)
In the Court of
Sh. Deepak Kumar Choudhary
Principal Judge (FC), Barnala
CNR No. PBBR01-002713-2024
Next Date :- 21-11-2024
HMA/345/2024
Gurpreet Singh
Vs.
Meera
Publication Issued To :
Meera
Spouse : Gurpreet Singh R/o Rabbo Uchi D/o Satnam Singh now at Guru Teg Bahadur Nagar, Gali No. 5, Barnala

In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 21.11.2024 at 10:00 A.M.

For details logon to https://highcourtchd.gov.in/?trs=district notice&district=Barnala

Principal Judge (FC), Barnala
Dated this day of 19-10-2024

COURT NOTICE

(U/o 5 Rule 20 CPC)
In the Court of
Sh. Deepak Kumar Choudhary
Principal Judge (FC), Barnala
CNR No. PBBR01-001152-2024
Next Date :- 22-11-2024
CS/06/2024
Amandeep Kaur
Vs.
Gagandeep Singh @ Mantri
Publication Issued To :
Gagandeep Singh @ Mantri
Father : Darshan Singh Near Toba and Village Entry Gate, Vill. Raunt, Teh. Shahkot, Distt. Jalandhar.

In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 22.11.2024 at 10:00 A.M.

For details logon to https://highcourtchd.gov.in/?trs=district notice&district=Barnala

Principal Judge (FC), Barnala
Dated this day of 19-10-2024

Change of Name

I, Renu W/O Ajay Kumar R/O H. No.107, Street No. 4, Phase-2, Near Jawahar Nagar, Batala Road, Amritsar, Punjab have changed my name from Renu to Renu Bala. Concerned note.

I, Nirmal Devgan W/O Vinay Kumar R/O 1837, Gali No. 2, Batala Road, Gokal Vihar, Amritsar, Punjab have changed my name from Nirmal Devgan to Nirmal Kanta. Concerned note.

I, Raj Kumar S/o Roshan Lal Sood R/o 77, Thakur Ji Estate, Fatehgarh Churian Road, Nangli, Amritsar have changed my name from Raj Kumar to Raj Kumar Sood.

I, Ajay Kumar S/o Ashok Kumar Mahaja R/o H.No.61, Krishna Square-1, Amritsar have changed my name from Ajay Kumar to Ajay Mahajan.

I, Jaspal Singh S/o Major Singh R/o Village Sakhira District Tarn Taran have declare that Jaspal is my Given name and Singh is my surname.

I, Gurbhej Singh S/o Sajjan Singh R/o Pandori Sidhwan Tehsil and District Tarn Taran have changed my name from Gurbhej Singh to Gurbhej Singh to Gurbhej Singh Sidhu.

I, Harvinder Kaur W/o Gurwant Singh R/o Amar Nath Halwai Wali Gali Patti Chhina Maan Rayya Amritsar have changed my name to Harwinder Kaur.

I Harmesh Kumar son of Shri Gurudev Raj Residence VPO Bharuwal Tehsil phillaur Distt. Jalandhar Punjab have changed my minor son name Harshdeep to Harshdeep Sodhi concerned note.

I, Satpal S/O Tarsem Lal Rachan R/O Mohalla Gandhi Chowk Shahkot, Distt. Jalandhar-144702, Punjab, India have changed my name Satpal to Satpal Rachan. Note Please.

I, Parmjit Singh S/O Gurdial Singh R/O 104 Swaraj Enclave Near Joginder Singh Nagar Phagwara Distt Kapurthala I Have Changed My Name From Parmjit Singh To Paramjit Singh.

I, Muskan d/o Raj Kumar r/o Vill. Bulandpur, Po.Nurpur Distt. Jalandhar, Punjab have changed my name from Muskan to Muskan Kaur. All please note.

I, Darshan Bala w/o Kasturi Lal r/o VPO. Lambra, Distt. Jalandhar, Punjab declare that Darshan Bala and Darshana Bala is one same person. All please note.

I, Balwinder s/o Om Parkash r/o 22-A, New Deol Nagar, Near SP Prime School, Jalandhar have changed my name from Balwinder to Balwinder Singh. All please note.

I, Yash Paul s/o Satya Paul r/o 24, Sheetal Nagar, Near DAV College, Jalandhar have changed my name from Yash Pal to Yash Paul. All please note.

I, hitherto known as Salwanihar W/o Karam Chand R/o Patti Gobind Nagar, Malsian, Jalandhar, Punjab-144701 have changed my name and shall hereafter be known as Surinder Kaur.

I, Mamta W/o Narinder Pal R/o Village Talwandi Jattan, Shaheed Bhagat Singh Nagar, Jalandhar, Punjab have changed my name from Mamta to Mamta Rani. All please note.

I, Vivek Kumar S/o Nikku Ram R/o H.No. 80-A, Janak Nagar, Basti Sheikh, Jalandhar, Punjab have changed my name from Vivek Kumar to Vivek Mankotia. All please note.

I, Dharminder S/o Munsi Ram R/o 44-C, Guru Enclave Colony, Basti Danishmanda, Jalandhar have changed my minor son full name Parambir Singh. Parambir is a given name and Singh is as Surname.

I, Anu Radha Rodey W/o Munish Anand R/o H.No. 84, Ward No. 42, Maharaja Garden, Basti Bawa Khel, Jalandhar, Punjab have changed my name from Anu Radha Rodey to Anuradha. All please note.

I, Tarlochan Singh S/o Arjan Singh R/o H.No.102/184, Hadiabad Phagwara, Distt.Kapurthala have changed my name from Tarlochan Singh to Tarlochan Singh Bansal. All please note.

I, Rana S/o Kewal Ram R/o VPO. Kot Kalan, Tehsil and Distt. Jalandhar, Punjab have changed my name from Rana to Rana Dhanda. All please note.

I Gurdeep Lal S/o Gulzari Lal,R/o Vill. Jalpot, P.O Daroli Khurd,Distt. Jalandhar have changed my name from Gurdeep Lal to Gurdip Lal

I, Sukhjinder Singh S/o Bachan Singh R/o Vill. Bhule Chak PO Pul Tibri, Gurdaspur-143540Punjab, have changed my name from Sukhjinder Singh to Sukhwinder Singh . All concerned please note.

I, Balchinder kaur wife of Sukhwinder Singh R/o Vill. Bhule Chak PO Pul Tibri, Gurdaspur-143540Punjab, have changed my name from Balchinder Kaur to Baljinder Kaur. All concerned please note.

I, Gaurav s/o Harmesh Lal R/o VPO Bath Kalan, Teh. Nakodar, Jalandhar-144044, Punjab, have changed my name from Gaurav to Gaurav Lally in which given name Gaurav surname as Lally.

I, Anita Narang W

22-OCT-PAGE-7.qxd 10/21/2024 11:02 PM Page 1

ਸਰਪੰਚ ਮਨਜੀਤ ਕੌਰ ਤੇ ਸਮੂਹ ਪੰਚਾਇਤ ਮੈਂਬਰਾਂ ਦਾ ਸਨਮਾਨ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਗੰਗੋਹਰ ਵਿਖੇ ਨਵੀਂ ਚੁਣੀ ਗਈ ਪੰਚਾਇਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਾਏ ਗਏ।ਇਸ ਮੌਕੇ ਪਿੰਡ ਵਾਸੀਆਂ ਵੱਲੋਂ ਸਰਪੰਚ ਮਨਜੀਤ ਕੌਰ ਪਤਨੀ ਰਘਵੀਰ ਸਿੰਘ ਤੋਂ ਇਲਾਵਾ ਪੰਚ ਕੁਲਵਿੰਦਰ ਕੌਰ, ਪੰਚ ਮਨਜੀਤ ਕੌਰ, ਪੰਚ ਇੰਦਰਜੀਤ ਸਿੰਘ ਸੰਧੂ, ਪੰਚ ਪ੍ਰਿਤਪਾਲ ਸਿੰਘ, ਪੰਚ ਰਮਨਦੀਪ ਕੌਰ, ਪੰਚ ਦਵਿੰਦਰ ਕੌਰ ਅਤੇ ਪੰਚ ਸੁਖਵਿੰਦਰ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸਰਪੰਚ ਮਨਜੀਤ ਕੌਰ ਨੇ ਕਿਹਾ ਕਿ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਖੜੋਤ ਨਹੀਂ ਆਉਣ ਦਿੱਤੀ ਜਾਵੇਗੀ।ਹਰ ਪਿੰਡ ਵਾਸੀ ਨੂੰ ਨਾਲ ਲੈ ਕੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਵਿਕਾਸ ਕਾਰਜ ਕਰਾਏ ਜਾਣਗੇ।ਉਨ੍ਹਾਂ ਸਮੂਹ ਪਿੰਡ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਨਗਰ ਦੇ ਸਾਂਝੇ ਕੰਮਾਂ ਲਈ ਗ੍ਰਾਮ ਪੰਚਾਇਤ ਦਾ ਸਾਥ ਦਿੱਤਾ ਜਾਵੇ।

ਦੇਵ ਮਾਨ ਵੱਲੋਂ ਵਜੀਦਪੁਰ ਦੀ ਪੰਚਾਇਤ ਦਾ ਸਨਮਾਨ

ਨਾਭਾ (ਵਰਿੰਦਰ ਵਰਮਾ)-ਪੰਜਾਬ ਸਰਕਾਰ ਵੱਲੋਂ ਹਲਕਾ ਨਾਭਾ 'ਚ ਜਲਦ ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਜਾਰੀ ਕੀਤੀਆਂ ਜਾਣਗੀਆਂ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪਿੰਡ ਵਜੀਦਪੁਰ ਦੀ ਨਵੀਂ ਚੁਣੀ ਪੰਚਾਇਤ ਨੂੰ ਸਨਮਾਨ ਕਰਨਾ ਉਪਰੰਤ ਕੀਤਾ।ਉਨ੍ਹਾਂ ਕਿਹਾ ਹਲਕਾ ਨਾਭਾ ਦੇ ਸਾਰੇ ਪਿੰਡਾਂ ਨੂੰ ਬਿਨਾਂ ਭੇਦ ਭਾਵ ਤੋਂ ਗ੍ਰਾਂਟ ਦਿੱਤੀ ਜਾਵੇਗੀ, ਕਿਸੇ ਨਾਲ ਕਿਸੇ ਵੀ ਤਰ੍ਹਾਂ ਦਾ ਕੋਈ ਫ਼ਰਕ ਨਹੀਂ ਰੱਖਿਆ ਜਾਵੇਗਾ।ਇਸ ਮੌਕੇ ਪਿੰਡ ਵਜੀਦਪੁਰ ਦੀ ਨਵ ਨਿਯੁਕਤ ਪੰਚਾਇਤ ਵੱਲੋਂ ਵਿਧਾਇਕ ਦੇਵ ਮਾਨ ਦਾ ਸਨਮਾਨ ਕਰਨ ਕੀਤਾ 'ਤੇ ਧੰਨਵਾਦ ਕਰਨ ਉਪਰੰਤ ਉਨ੍ਹਾਂ ਕਿਹਾ ਕਿ ਮਿਲੀ ਜਿੰਮੇਵਾਰੀ ਨੂੰ ਇਮਾਨਦਾਰੀ ਅਤੇ ਤਨ ਦੇਹੀ ਨਾਲ ਨਿਭਾਵਾਂਗੇ ਤੇ ਪਿੰਡ ਦੇ ਰਹਿੰਦੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡਾਂਗੇ।ਉਨ੍ਹਾਂ ਕਿਹਾ ਕਿ ਪਿੰਡ ਦੀ ਨੁਹਾਰ ਬਦਲਾਂਗੇ ਅਤੇ ਪਿੰਡ ਨੂੰ ਨਸ਼ਾ ਮੁਕਤ ਕਰਾਂਗੇ।ਐਮ ਐਲ ਏ ਦੇਵ ਮਾਨ ਵੱਲੋਂ ਸਾਰੇ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਗਿਆ ਕਿ ਪਿੰਡ ਵਿੱਚ ਰਹਿੰਦੇ ਵਿਕਾਸ ਕਾਰਜਾਂ ਲਈ ਜਲਦ ਗ੍ਰਾਂਟ ਜਾਰੀ ਕੀਤੀ ਜਾਵੇਗੀ।ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਾਏ ਜਾ ਰਹੇ ਹਨ।

ਬੀਬੀ ਹਰਪ੍ਰੀਤ ਕੌਰ ਸਨਮਾਨਤ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਬਲਾਕ ਮਹਿਲ ਕਲਾਂ ਅਧੀਨ ਪੈਂਦੇ 38 ਪਿੰਡਾਂ ਚੋਂ ਸਿਰਫ਼ ਇਕ ਪਿੰਡ ਮੂੰਮ ਦੀ ਸਮੁੱਚੀ ਪੰਚਾਇਤ ਸਰਬਸੰਮਤੀ ਨਾਲ ਚੁਣੀ ਗਈ, ਜਿਸ ਦੀ ਇਲਾਕੇ ਭਰ ਦੇ ਲੋਕਾਂ ਵਲੋਂ ਪ੍ਰਸੰਸਾ ਕੀਤੀ ਜਾ ਰਹੀ ਹੈ।ਇਸ ਮੌਕੇ ਸੁਖਪਾਲ ਸਿੰਘ ਸੋਖੋਂ, ਸਾਬਕਾ ਉਪ ਚੇਅਰਮੈਨ ਲਛਮਣ ਸਿੰਘ ਮੂੰਮ, ਭਿੰਦਰ ਸਿੰਘ ਸੋਖੋਂ ਨੇ ਦੱਸਿਆ ਕਿ ਪਿੰਡ ਵਾਸੀਆਂ ਨੇ ਇਕੱਠ ਕਰਕੇ ਪਿੰਡ ਦੀ ਪੰਚਾਇਤ ਸਰਬਸੰਮਤੀ ਨਾਲ ਚੁਣੀ, ਇਸ ਪੰਚਾਇਤ ਦੀ ਚੋਣ ਹਰਪ੍ਰੀਤ ਕੌਰ ਪਤਨੀ ਬੱਗਾ ਸਿੰਘ ਵਲੋਂ ਸੇਵਾਮੁਕਤ ਸਬ-ਇੰਸਪੈਕਟਰ ਮਲਕੀਤ ਸਿੰਘ ਦੀ ਪ੍ਰੇਰਣਾ ਸਦਕਾ ਦਿੱਤੀ ਸਹਿਮਤੀ ਕਾਰਨ ਸੰਭਵ ਹੋ ਸਕੀ। ਪਿੰਡ ਵਾਸੀਆਂ ਵਲੋਂ ਬੀਬੀ ਹਰਪ੍ਰੀਤ ਕੌਰ ਤੇ ਬੱਗਾ ਸਿੰਘ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਪਿੰਡ ਵਾਸੀਆਂ ਦੀ ਹਾਜ਼ਰੀ 'ਚ ਗੁਰਦੁਆਰਾ ਵਿਖੇ ਬੁਲਾ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਪੱਤਰਕਾਰ ਗੁਰਮੀਤ ਸਿੰਘ ਨੂੰ ਸਰਪੰਚ ਬਣਨ 'ਤੇ ਫੌਜਾ ਸਿੰਘ ਸਰਾਰੀ ਵੱਲੋਂ ਵਧਾਈ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਬੀਤੇ ਦਿਨੀਂ ਹੋਈਆਂ ਪੰਚਾਇਤੀ ਚੋਣਾਂ ਵਿੱਚ ਬਸਤੀ ਮੱਘਰ ਸਿੰਘ ਵਾਲੀ ਤੋਂ ਪੱਤਰਕਾਰ ਗੁਰਮੀਤ ਸਿੰਘ ਸਰਪੰਚੀ ਦੇ ਉਮੀਦਵਾਰ ਸਨ, ਜਿਨ੍ਹਾਂ ਦੀ ਇੱਕਤਰਫਾ ਜਿੱਤ ਹੋਣ ਤੋਂ ਬਾਅਦ ਆਪਣੇ ਮੈਂਬਰਾਂ ਸਮੇਤ ਹਲਕੇ ਦੇ ਵਿਧਾਇਕ ਫੌਜਾ ਸਿੰਘ ਸਰਾਰੀ ਦਾ ਧੰਨਵਾਦ ਕਰਨ ਪਹੁੰਚੇ।ਵਿਧਾਇਕ ਵੱਲੋਂ ਪੂਰੀ ਪੰਚਾਇਤ ਨੂੰ ਫੁੱਲਾਂ ਦੇ ਹਾਰ ਪਹਿਨਾ ਕੇ ਜੀ ਆਇਆਂ ਨੂੰ ਆਖਿਆ ਗਿਆ। ਇਸ ਮੌਕੇ ਨਵੇਂ ਬਣੇ ਸਰਪੰਚ ਗੁਰਮੀਤ ਸਿੰਘ ਨੇ ਜਾਣਕਾਰੀ ਸਾਂਝਾ ਕਰਦੇ ਹੋਏ ਦੱਸਿਆ ਕਿ ਬਸਤੀ ਮੱਘਰ ਸਿੰਘ ਵਾਲੀ ਤੋਂ ਸਰਪੰਚੀ ਦੇ 7 ਉਮੀਦਵਾਰ ਸਨ ਤੇ ਮੈਂਬਰਾਂ ਦੇ 11 ਉਮੀਦਵਾਰ ਚੋਣ ਮੈਦਾਨ ਵਿੱਚ ਆਪਣੀ ਕਿਸਮਤ ਅਜ਼ਮਾ ਰਹੇ ਸਨ।ਉਨ੍ਹਾਂ ਦੱਸਿਆ ਕਿ ਪਿੰਡ ਵਿੱਚ 670 ਵੋਟਾਂ ਹਨ, ਜਿਨ੍ਹਾਂ ਵਿੱਚੋਂ 541 ਦੇ ਕਰੀਬ ਵੋਟਾਂ ਪੋਲ ਹੋਈਆਂ, ਜਿਸ ਵਿੱਚ ਗੁਰਮੀਤ ਸਿੰਘ ਨੂੰ 205 ਵੋਟਾਂ ਪਈਆਂ, ਉਨ੍ਹਾਂ ਨੇ ਆਪਣੇ ਨੇੜਲੇ ਵਿਰੋਧੀ ਨੂੰ 89 ਵੋਟਾਂ ਨਾਲ ਹਰਾ ਕੇ ਪਿੰਡ ਦੇ ਸਰਪੰਚ ਬਣੇ ਹਨ।ਇਸ ਮੌਕੇ ਸਰਪੰਚ ਗੁਰਮੀਤ ਸਿੰਘ ਨੇ ਕਿਹਾ ਕਿ ਪਿੰਡ ਦੇ ਵਿਕਾਸ ਲਈ ਕੋਈ ਵੀ ਕਸਰ ਨਹੀਂ ਛੱਡੀ ਜਾਵੇਗੀ। ਵੱਧ ਤੋਂ ਵੱਧ ਪਿੰਡ ਦੇ ਵਿਕਾਸ ਲਈ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਤੋਂ ਗਰਾਂਟਾਂ ਮਨਜ਼ੂਰ ਕਰਵਾ ਕੇ ਪਿੰਡ ਦੀ ਨੁਹਾਰ ਬਦਲੀ ਜਾਵੇਗੀ।ਇਸ ਮੌਕੇ ਸਾਬਕਾ ਕੈਬਿਨਟ ਮੰਤਰੀ ਤੇ ਹਲਕਾ ਵਿਧਾਇਕ ਨੇ ਸਰਪੰਚ ਤੇ ਪੰਚਾਇਤ ਨੂੰ ਵਿਸ਼ਵਾਸ ਦਿਵਾਇਆ ਕਿ ਪਿੰਡ ਦੇ ਵਿਕਾਸ ਲਈ ਗ੍ਰਾਂਟਾਂ ਦੀ ਕੋਈ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਮੈਂਬਰ ਅਰਸ਼ਦੀਪ ਕੌਰ, ਮੈਂਬਰ ਮਨਜੀਤ ਸਿੰਘ, ਮੈਂਬਰ ਮਹਿੰਦਰ ਸਿੰਘ, ਗੁਰਮੀਤ ਸਿੰਘ, ਸੋਮਾ ਰਾਣੀ ਆਦਿ ਪੰਚਾਇਤ ਮੈਂਬਰ ਹਾਜ਼ਰ ਸਨ।

ਜੀਤਾ ਨਿਉਰ ਤੇ ਅਜਾਇਬ ਹਮੀਰਗੜ੍ਹ ਨੇ ਮਲੂਕਾ ਨਾਲ ਕੀਤੀ ਮੁਲਾਕਾਤ

ਬਠਿੰਡਾ (ਰਾਜੀਵ ਗੋਇਲ)-ਪੰਚਾਇਤੀ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਉਮੀਦਵਾਰਾਂ ਵੱਲੋਂ ਹਲਕੇ ਦੇ ਸਿਆਸੀ ਨੇਤਾਵਾਂ ਦੇ ਬੂਹੇ ਮੱਲਦੇ ਹੋਏ ਮੁਲਾਕਾਤ ਕੀਤੀਆਂ ਜਾ ਰਹੀਆਂ ਹਨ। ਇਸੇ ਹੀ ਲੜੀ ਤਹਿਤ ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੇ ਨੇੜਲੇ ਪਿੰਡ ਹਮੀਰਗੜ੍ਹ ਤੋਂ ਸਰਪੰਚੀ ਦੀ ਜਿੱਤ ਹਾਸਲ ਕਰਨ ਵਾਲੇ ਅਜਾਇਬ ਸਿੰਘ ਵੱਲੋਂ ਸਾਬਕਾ ਵਜ਼ੀਰ ਸਿਕੰਦਰ ਸਿੰਘ ਮਲੂਕਾ ਨਾਲ ਮੁਲਾਕਾਤ ਕੀਤੀ ਗਈ ਅਤੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਕਿ ਇਨ੍ਹਾਂ ਪੰਚਾਇਤੀ ਚੋਣਾਂ ਵਿੱਚ ਉਨ੍ਹਾਂ ਦੀ ਮੱਦਦ ਕਰਨ ਵਾਲੇ ਹਰੇਕ ਸਿਆਸੀ ਨੇਤਾ ਦਾ ਉਹ ਧੰਨਵਾਦ ਕਰਦੇ ਹਨ, ਜਿਨ੍ਹਾਂ ਦੀ ਮੇਹਰਬਾਨੀ ਸਦਕਾ ਇਹ ਚੋਣਾਂ ਬਿਨਾਂ ਕਿਸੇ ਰੌਲੇ ਰੱਪੇ ਨੇਪਰੇ ਚੜ੍ਹੀਆਂ।ਉਧਰ ਦੂਜੇ ਪਾਸੇ ਮਲੂਕਾ ਦੇ ਨਾਲ ਲੱਗਦੇ ਗੁਆਂਢੀ ਪਿੰਡ ਨਿਉਰ ਤੋਂ ਹਰਜੀਤ ਸਿੰਘ ਜੀਤਾ ਦੀ ਧਰਮ ਪਤਨੀ ਸਵਿੰਦਰਪਾਲ ਕੌਰ ਦੇ ਸਰਪੰਚ ਚੁਣੇ ਜਾਣ ਦੀ ਖੁਸ਼ੀ ਵਿੱਚ ਪਿੰਡ ਦੇ ਮੈਂਬਰਾਂ ਤੇ ਮੋਹਤਵਰਾਂ ਵੱਲੋਂ ਮਲੂਕਾ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਅਕਾਲੀ ਆਗੂ ਮਨਜੀਤ ਸਿੰਘ ਧੁੰਨਾ, ਅਜਾਇਬ ਸਿੰਘ ਸਰਪੰਚ, ਰਾਜਾ ਸਿੱਧੂ, ਹਰਜੀਤ ਸਿੰਘ ਜੀਤਾ, ਰਾਮ ਸਿੰਘ, ਸੁਖਮੰਦਰ ਸਿੰਘ, ਗੁਰਵਿੰਦਰ ਸਿੰਘ, ਪ੍ਰਿਥੀ ਸਿੰਘ, ਸਰਬਜੀਤ ਸਿੰਘ, ਸੇਵਕ ਸਿੰਘ ਸਮੇਤ ਹੋਰ ਵੀ ਲੋਕ ਹਾਜ਼ਰ ਸਨ।

ਮਾਨੂੰਕੇ ਦੇ ਸਰਬਪੱਖੀ ਵਿਕਾਸ ਲਈ ਜੰਗੀ ਪੱਧਰ 'ਤੇ ਕੰਮ ਹੋਣਗੇ : ਸਰਪੰਚ ਹੈਪੀ

ਹਠੂਰ (ਨਛੱਤਰ ਸੰਧੂ)-ਇਥੋਂ ਨੇੜਲੇ ਪਿੰਡ ਮਾਣੂੰਕੇ ਦੇ ਨੌਜਵਾਨ ਆਗੂ ਤੇ ਨਵੇਂ ਬਣੇ ਸਰਪੰਚ ਹਰਪ੍ਰੀਤ ਸਿੰਘ ਹੈਪੀ ਨੇ ਪਿੰਡ ਦੇ ਐੱਨ ਆਰ ਆਈ ਵੀਰਾਂ, ਸਮਾਜਸੇਵੀ ਆਗੂਆਂ ਤੇ ਸਮੁੱਚੇ ਨਗਰ ਨਿਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਵਿੱਚੋਂ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਵਾਸੀਆਂ ਨੇ ਜੋ ਮੈਨੂੰ ਮਾਣ ਬਖਸ਼ਿਆ ਹੈ, ਮੈਂ ਉਸ ਦਾ ਹਮੇਸ਼ਾ ਰਿਣੀ ਰਹਾਂਗਾ। ਉਨ੍ਹਾ ਕਿਹਾ ਕਿ ਮੈਂ ਇਸ ਮਾਣ ਦੇ ਬਦਲੇ ਪਿੰਡ ਦੇ ਵਿਕਾਸ ਦੇ ਕੰਮ ਜੰਗੀ ਪੱਧਰ 'ਤੇ ਕਰਾਵਾਂਗਾ। ਸਰਪੰਚ ਨੇ ਕਿਹਾ ਕਿ ਪਿੰਡ ਦੇ ਵਿਕਾਸ ਲਈ ਹਮੇਸ਼ਾ ਤੱਤਪਰ ਰਹਿਣ ਦੇ ਨਾਲ-ਨਾਲ ਪਿੰਡ ਵਿੱਚੋਂ ਸਮਾਜਿਕ ਬੁਰਾਈਆਂ ਦੇ ਖਾਤਮੇ, ਨੌਜਵਾਨਾਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕਰਨਾ, ਪਿੰਡ ਦੀ ਸਾਫ-ਸਫਾਈ, ਵਾਤਾਵਰਨ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਰੁੱਖ ਲਗਾਉਣਾ ਤੇ ਹਰ ਪੱਖ ਤੋਂ ਜ਼ਿਲ੍ਹੇ ਦੇ ਮੋਹਰੀ ਪਿੰਡਾਂ ਵਿੱਚੋਂ ਅੱਗੇ ਲਿਆਉਣ ਦਾ ਯਤਨ ਕਰਦਾ ਰਹਾਂਗਾ। ਉਨ੍ਹਾ ਕਿਹਾ ਕਿ ਮੇਰੀ ਪੰਚਾਇਤ ਦੀ ਇਹ ਵੀ ਪਹਿਲ ਹੋਵੇਗੀ ਕਿ ਲੋਕਾਂ ਦੇ ਆਮ ਝਗੜਿਆਂ ਨੂੰ ਪੰਚਾਇਤ ਵਿੱਚ ਬੈਠ ਕੇ ਨਿਪਟਾਇਆ ਜਾਵੇਗਾ ਤੇ ਲੋਕਾਂ ਨੂੰ ਥਾਣੇ-ਕਚਹਿਰੀਆਂ ਤੋਂ ਬਚਾਉਣ ਦਾ ਭਰਪੂਰ ਯਤਨ ਜਾਰੀ ਰਹੇਗਾ। ਅਖੀਰ ਵਿੱਚ ਸਰਪੰਚ ਹਰਪ੍ਰੀਤ ਸਿੰਘ ਹੈਪੀ ਨੇ ਪਿੰਡ ਦੇ ਸਰਵਪੱਖੀ ਵਿਕਾਸ ਲਈ ਸਮੂਹ ਨਗਰ ਨਿਵਾਸੀਆਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਤੋਂ ਵੱਧ ਤੋਂ ਵੱਧ ਗਰਾਂਟਾਂ ਲਿਆ ਕਿ ਪਿੰਡ ਨੂੰ ਚੜ੍ਹਦੀ ਕਲਾਂ ਵਿੱਚ ਰੱਖਿਆ ਜਾਵੇ।

ਗਾਜੀਪੁਰ ਗਊਸ਼ਾਲਾ ਦਾ ਨਗਰ ਨਿਗਮ ਪਟਿਆਲਾ ਵੱਲ ਤਿੰਨ ਕਰੋੜ ਬਕਾਇਆ!

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਸਰਕਾਰੀ ਗਊਸ਼ਾਲਾ ਗਾਜੀਪੁਰ ਦਾ ਨਗਰ ਨਿਗਮ ਪਟਿਆਲਾ ਵੱਲ ਕਰੀਬ ਤਿੰਨ ਕਰੋੜ ਤਿੰਨ ਲੱਖ ਰੁਪਏ ਬਕਾਇਆ ਹਨ, ਜੋ ਨਗਰ ਨਿਗਮ ਪਟਿਆਲਾ ਦੇ ਅਧਿਕਾਰੀ ਗਊਸ਼ਾਲਾ ਗਾਜੀਪੁਰ ਨੂੰ ਅਦਾ ਨਹੀਂ ਕਰ ਰਹੇ।ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਿਕ ਫਰਵਰੀ 2023 ਤੋਂ ਅਗਸਤ 2024 ਤੱਕ ਦੇ ਨਗਰ ਨਿਗਮ ਪਟਿਆਲਾ ਵੱਲ ਤਿੰਨ ਕਰੋੜ ਤਿੰਨ ਲੱਖ ਰੁਪਏ ਬਕਾਇਆ ਹਨ।ਇਸੇ ਤਰ੍ਹਾਂ ਨਗਰ ਕੌਂਸਲ ਸਮਾਣਾ ਵੱਲ ਵੀ ਕਰੀਬ 60 ਲੱਖ ਰੁਪਏ ਬਕਾਇਆ ਹਨ।ਸੂਤਰਾਂ ਤੋਂ ਇਹ ਵੀ ਜਾਣਕਾਰੀ ਮਿਲੀ ਹੈ ਕਿ ਸਰਕਾਰੀ ਗਊਸ਼ਾਲਾ ਗਾਜੀਪੁਰ ਕੋਲ ਚਾਰੇ ਲਈ ਪੈਸੇ ਨਹੀਂ ਹਨ, ਜੇਕਰ ਨਗਰ ਨਿਗਮ ਪਟਿਆਲਾ ਤੇ ਨਗਰ ਕੌਂਸਲ ਸਮਾਣਾ ਨੇ ਸਰਕਾਰੀ ਗਊਸ਼ਾਲਾ ਗਾਜ਼ੀਪੁਰ ਨੂੰ ਪੈਸੇ ਜਲਦੀ ਅਦਾ ਨਾ ਕੀਤੇ ਤਾਂ ਗਊਆਂ ਲਈ ਚਾਰਾ ਖਰੀਦਣਾ ਮੁਸ਼ਕਲ ਹੋ ਸਕਦਾ ਤੇ ਗਊਆਂ ਭੁੱਖਮਰੀ ਨਾਲ ਮਰਨੀਆਂ ਸ਼ੁਰੂ ਹੋ ਸਕਦੀਆਂ ਹਨ।ਇਸ ਸਬੰਧੀ ਜਦੋਂ ਨਗਰ ਨਿਗਮ ਪਟਿਆਲਾ ਦੇ ਅਧਿਕਾਰੀ ਕੁਲਦੀਪ ਸਿੰਘ ਸੈਨੇਟਰੀ ਅਫਸਰ ਨਾਲ ਉਨ੍ਹਾਂ ਦਾ ਪੱਖ ਜਾਣਿਆ ਤਾਂ ਉਨ੍ਹਾ ਕਿਹਾ ਕਿ ਐੱਸ ਡੀ ਐੱਮ ਦਫਤਰ ਸਮਾਣਾ ਵੱਲੋਂ ਨਗਰ ਨਿਗਮ ਪਟਿਆਲਾ ਨੂੰ ਪਹਿਲਾਂ 30 ਰੁਪਏ ਪ੍ਰਤੀ ਪਸ਼ੂ ਚਾਰਾ ਦੇ ਬਿੱਲ ਭੇਜੇ ਜਾਂਦੇ ਸਨ, ਪ੍ਰੰਤੂ ਹੁਣ 61 ਰੁਪਏ ਪ੍ਰਤੀ ਪਸ਼ੂ ਚਾਰਾ ਦੇ ਬਿੱਲ ਭੇਜੇ ਗਏ ਹਨ, ਇਸ ਕਰਕੇ 61 ਰੁਪਏ ਪ੍ਰਤੀ ਪਸ਼ੂ ਚਾਰਾ ਦੇਣ ਦਾ ਸਾਡੇ ਦਫਤਰ ਵੱਲੋਂ ਮਤਾ ਪਾਉਣਾ ਬਾਕੀ, ਜਦੋਂ ਹੀ ਮਤਾ ਪੈਂਦਾ ਹੈ ਤਾਂ ਅਸੀਂ ਗਾਜੀਪੁਰ ਗਊਸ਼ਾਲਾ ਦੇ ਪੈਸੇ ਅਦਾ ਕਰ ਦੇਵਾਂਗੇ। ਨਗਰ ਕੌਂਸਲ ਸਮਾਣਾ ਤੇ ਕਾਰਜ ਸਾਧਕ ਅਫਸਰ ਬਰਜਿੰਦਰ ਸਿੰਘ ਪਾਸੋਂ ਉਨ੍ਹਾਂ ਦਾ ਪੱਖ ਜਾਨਣ ਲਈ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

ਪੁਲਸ ਮੁਲਾਜ਼ਮਾਂ ਦੀ ਸ਼ਹਾਦਤ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ : ਡਾ. ਰਵਜੋਤ ਗਰੇਵਾਲ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪੰਜਾਬ ਪੁਲਸ ਦੇ ਜਵਾਨਾਂ ਦੀਆਂ ਸ਼ਹਾਦਤਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ, ਜਿਨ੍ਹਾਂ ਨੇ ਅਮਨ ਕਾਨੂੰਨ ਦੀ ਵਿਵਸਥਾ ਕਾਇਮ ਰੱਖਣ ਲਈ ਆਪਣੀਆਂ ਸ਼ਹਾਦਤਾਂ ਦਿੱਤੀਆਂ।ਪੰਜਾਬ ਪੁਲਸ ਦਾ ਗੌਰਵਸ਼ਾਲੀ ਇਤਿਹਾਸ ਹੈ ਤੇ ਪੰਜਾਬ ਪੁਲਸ ਨੇ ਦੇਸ਼ ਦੀ ਏਕਤਾ, ਅਖੰਡਤਾ ਤੇ ਭਾਈਚਾਰਕ ਸਾਂਝ ਬਰਕਰਾਰ ਰੱਖਣ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਨੇ ਡਿਊਟੀ ਦੌਰਾਨ ਸ਼ਹੀਦ ਹੋਏ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸ਼ਰਧਾਂਜਲੀ ਦੇਣ ਲਈ ਪੁਲਸ ਲਾਈਨ ਮੱਹਦੀਆਂ ਵਿਖੇ ਕਰਵਾਏ ਗਏ ਪੁਲਸ ਸ਼ਹੀਦੀ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ।ਜ਼ਿਲ੍ਹਾ ਪੁਲਸ ਮੁਖੀ ਨੇ ਕਿਹਾ ਕਿ ਸੂਬੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਕਾਇਮ ਰੱਖਣ ਲਈ ਪੁਲਸ ਜਵਾਨਾਂ ਨੇ ਜੋ ਕੁਰਬਾਨੀਆਂ ਦਿੱਤੀਆਂ, ਉਹ ਆਪਣੇ ਆਪ ਵਿੱਚ ਬੇਮਿਸਾਲ ਹਨ ਤੇ ਸਮੁੱਚੇ ਦੇਸ਼ ਵਾਸੀ ਇਨ੍ਹਾਂ ਸ਼ਹਾਦਤਾਂ ਨੂੰ ਹਮੇਸ਼ਾ ਯਾਦ ਰੱਖਣਗੇ।ਉਨ੍ਹਾਂ ਸ਼ਹੀਦ ਪੁਲਸ ਜਵਾਨਾਂ ਦੇ ਪਰਵਾਰਾਂ ਨੂੰ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ ਤੇ ਉਹ ਆਪਣੀਆਂ ਦੁੱਖ ਤਕਲੀਫਾਂ ਬਾਰੇ ਕਿਸੇ ਵੀ ਸਮੇਂ ਆ ਕੇ ਦੱਸ ਸਕਦੇ ਹਨ।ਉਨ੍ਹਾਂ ਇਸ ਮੌਕੇ ਸ਼ਹੀਦ ਜਵਾਨਾਂ ਦੇ ਪਰਵਾਰਾਂ ਦੀਆਂ ਮੁ

22-Oct-PAGE-8.qxd 10/21/2024 11:12 PM Page 1

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਪੰਜਾਬ ਸਰਕਾਰ ਨੂੰ ਘੇਰਨ ਦੀਆਂ ਤਿਆਰੀਆਂ

ਜਲੰਧਰ, ਫਿਰੋਜ਼ਪੁਰ (ਰਜੇਸ਼ ਥਾਪਾ, ਅਸ਼ੋਕ ਸ਼ਰਮਾ)-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ ਹੇਠ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ । ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਆਗੂਆਂ ਸਤੀਸ਼ ਰਾਣਾ, ਭਜਨ ਸਿੰਘ ਗਿੱਲ, ਸਵਿੰਦਰ ਪਾਲ ਸਿੰਘ ਮੋਲੋਵਾਲੀ, ਗਗਨਦੀਪ ਸਿੰਘ ਭੁੱਲਰ, ਸੁਖਦੇਵ ਸਿੰਘ ਸੈਣੀ,ਬਾਜ ਸਿੰਘ ਖਹਿਰਾ,ਹਰਦੀਪ ਸਿੰਘ ਟੋਡਰਪੁਰ, ਰਘਵੀਰ ਸਿੰਘ, ਪ੍ਰਵੀਨ ਕੁਮਾਰ, ਜਗਦੀਸ਼ ਸਿੰਘ ਚਾਹਲ, ਰਾਧੇ ਸ਼ਾਮ, ਬੋਬਿੰਦਰ ਸਿੰਘ ਨੇ ਦੱਸਿਆ ਕਿ ਸਰਕਾਰ ਦੀ ਵਾਅਦਾ ਖਿਲਾਫੀ ਅਤੇ ਵਾਰ-ਵਾਰ ਮੀਟਿੰਗਾਂ ਦੇ ਕੇ ਭੱਜਣ ਦੇ ਖਿਲਾਫ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਪੰਜਾਬ ਅੰਦਰ ਹੋ ਰਹੀਆਂ ਚਾਰ ਵਿਧਾਨ ਸਭਾ ਦੀਆਂ ਜਿਮਨੀ ਚੋਣਾਂ ਵਿੱਚ ਸਰਕਾਰ ਨੂੰ ਘੇਰਿਆ ਜਾਵੇਗਾ, ਜਿਸ ਦੇ ਤਹਿਤ 03 ਨਵੰਬਰ ਨੂੰ ਚੱਬੇਵਾਲ, 07 ਨਵੰਬਰ ਨੂੰ ਗਿੱਦੜਵਾਹਾ, 09 ਨਵੰਬਰ ਨੂੰ ਡੇਰਾ ਬਾਬਾ ਨਾਨਕ ਅਤੇ 10 ਨਵੰਬਰ ਨੂੰ ਬਰਨਾਲਾ ਵਿਧਾਨ ਸਭਾ ਹਲਕਿਆਂ ਅੰਦਰ ਝੰਡਾ ਮਾਰਚ ਕੀਤਾ ਜਾਵੇਗਾ। ਆਗੂਆਂ ਆਖਿਆ ਕਿ ਝੰਡਾ ਮਾਰਚ ਦੌਰਾਨ ਸਰਕਾਰ ਦੀਆਂ ਨੀਤੀਆਂ ਨੂੰ ਲੋਕ ਕਚਹਿਰੀ ਵਿੱਚ ਨੰਗਾ ਕੀਤਾ ਜਾਵੇਗਾ। ਆਗੂਆਂ ਆਖਿਆ ਕਿ ਮੀਟਿੰਗ ਦੌਰਾਨ ਸਾਂਝਾ ਮੁਲਾਜ਼ਮ ਮੰਚ ਅਤੇ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਉਲੀਕੇ ਸੰਘਰਸ਼ਾਂ ਦੀ ਹਮਾਇਤ ਦਾ ਮਤਾ ਪਾਸ ਕੀਤਾ ਗਿਆ। ਇੱਕ ਵੱਖਰੇ ਮਤੇ ਰਾਹੀਂ ਅਖੌਤੀ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵੱਲੋਂ ਪੈਨਸ਼ਨ ਵਿਰੋਧੀ ਦਿੱਤੇ ਬਿਆਨ ਦੀ ਨਿਖੇਧੀ ਕੀਤੀ ਗਈ। ਸਾਂਝਾ ਫਰੰਟ ਦੇ ਆਗੂਆਂ ਆਖਿਆ ਕਿ ਇਹ ਪਹਿਲੀ ਵਾਰ ਹੈ ਜਦੋਂ ਤਿਉਹਾਰਾਂ ਦੇ ਸਮੇਂ ਵੀ ਪੰਜਾਬ ਸਰਕਾਰ ਕੋਈ ਬਕਾਇਆ, ਕੋਈ ਮਹਿੰਗਾਈ ਭੱਤਾ ਜਾਂ ਕੋਈ ਹੋਰ ਰਾਹਤ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਨਹੀਂ ਦੇ ਰਹੀ। ਆਗੂਆਂ ਆਖਿਆ ਕਿ ਇਸ ਸਰਕਾਰ ਵੱਲੋਂ ਸਤ੍ਹਾ ਵਿੱਚ ਆਉਣ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨੂੰ ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਦੇ ਲਾਰੇ ਲਗਾਏ ਗਏ ਸਨ ਪਰੰਤੂ ਸਭ ਕੁਝ ਇਸ ਤੋਂ ਉਲਟ ਹੋਇਆ ਹੈ।ਇਹ ਸਰਕਾਰ ਨਰੋਲ ਕਾਰਪੋਰੇਟ ਪੱਖੀ ਸਰਕਾਰ ਸਾਬਤ ਹੋਈ ਹੈ। ਆਗੂਆਂ ਦੋਸ਼ ਲਾਇਆ ਕਿ ਇਸ ਸਰਕਾਰ ਵੱਲੋਂ ਖਜ਼ਾਨੇ ਦੀ ਅੰਨ੍ਹੀ ਲੁੱਟ ਕੀਤੀ ਜਾ ਰਹੀ ਹੈ ਅਤੇ ਮਾਫੀਆ ਲਗਾਤਾਰ ਪਣਪ ਰਿਹਾ ਹੈ।ਇਸ ਮੌਕੇ ਸਾਂਝਾ ਫਰੰਟ ਦੇ ਆਗੂਆਂ ਆਖਿਆ ਕਿ ਇਹ ਪਹਿਲੀ ਵਾਰ ਹੈ ਜਦੋਂ ਤਨਖਾਹ ਕਮਿਸ਼ਨ ਦੀ ਸਿਫਾਰਿਸ਼ ਦੇ ਬਾਵਜੂਦ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਨਹੀਂ ਕੀਤੀ ਜਾ ਰਹੀ,ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਨੀਤੀ ਨਰੋਲ ਧੋਖਾ ਹੈ ਅਤੇ ਮਾਣ ਭੱਤਾ/ ਇਨਸੈਂਟਿਵ /ਆਊਟ ਸੋਰਸ /ਇਨਲਿਸਟਮੈਂਟ ਅਤੇ ਕੇਂਦਰੀ ਸਕੀਮਾਂ ਤਹਿਤ ਕੰਮ ਕਰਦੇ ਮੁਲਾਜ਼ਮਾਂ ਦਾ ਰੁਜ਼ਗਾਰ ਦੇ ਨਾਂ ਦੇ ਉੱਤੇ ਸ਼ੋਸ਼ਣ ਲਗਾਤਾਰ ਜਾਰੀ ਹੈ, ਪੁਰਾਣੀ ਪੈਨਸ਼ਨ ਬਹਾਲ ਕਰਨ ਤੋਂ ਸਰਕਾਰ ਭੱਜ ਗਈ ਹੈ,ਤਨਖਾਹ ਕਮਿਸ਼ਨ ਦੇ 05 ਸਾਲ 06 ਮਹੀਨੇ ਦੇ ਬਕਾਏ ਦਿੱਤੇ ਨਹੀਂ ਜਾ ਰਹੇ,ਪੰਜਾਬ ਦੇ ਮੁਲਾਜ਼ਮ ਕੇਂਦਰ ਨਾਲੋਂ 15 ਪ੍ਰਤੀਸ਼ਤ ਮਹਿੰਗਾਈ ਭੱਤਾ ਘੱਟ ਲੈ ਰਹੇ ਹਨ ਅਤੇ ਮਹਿੰਗਾਈ ਭੱਤੇ ਦਾ ਪਿਛਲਾ ਬਕਾਇਆ ਸਰਕਾਰ ਦੇਣ ਵਾਸਤੇ ਤਿਆਰ ਨਹੀਂ, ਪ੍ਰਵੇਸ਼ਨਲ ਸਮੇਂ ਦੌਰਾਨ ਪੂਰੀ ਤਨਖਾਹ ਭੱਤੇ ਦੇਣ ਸਬੰਧੀ ਮਾਨਯੋਗ ਅਦਾਲਤ ਦੇ ਫੈਸਲੇ ਨੂੰ ਮੰਨਣ ਦੀ ਥਾਂ ਉੱਚ ਅਦਾਲਤ ਵਿੱਚ ਇਹ ਸਰਕਾਰ ਵੱਲੋਂ ਕੇਸ ਲਜਾਇਆ ਜਾ ਰਿਹਾ ਹੈ,ਇਹ ਸਰਕਾਰ ਇੱਕ ਪਾਸੇ ਮਹਿੰਗਾਈ ਭੱਤੇ ਨੂੰ ਕੇਂਦਰ ਸਰਕਾਰ ਨਾਲ ਡੀਲਿੰਕ ਕਰ ਰਹੀ ਹੈ ਅਤੇ ਦੂਜੇ ਪਾਸੇ ਤਨਖਾਹ ਸਕੇਲ ਕੇਂਦਰ ਦੇ ਜਬਰੀ ਥੋਪੇ ਜਾ ਰਹੇ ਹਨ, ਇਸ ਸਰਕਾਰ ਵੱਲੋਂ ਕੁਝ ਦੇਣ ਦੀ ਥਾਂ 200 ਰੁਪਏ ਪ੍ਰਤੀ ਮਹੀਨਾ ਜਜੀਆ ਜਬਰੀ ਵਸੂਲਿਆ ਜਾ ਰਿਹਾ ਹੈ। ਸਾਂਝਾ ਫਰੰਟ ਦੇ ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਸਰਕਾਰ ਨੇ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਅੰਦਰ ਵੱਖ-ਵੱਖ ਫਰੰਟਾਂ ਤੇ ਸੰਘਰਸ਼ ਕਰ ਰਹੇ ਪੰਜਾਬ ਦੇ ਸਮੁੱਚੇ ਮੁਲਾਜ਼ਮ ਅਤੇ ਪੈਨਸ਼ਨਰ ਇਕੱਠੇ ਹੋ ਕੇ ਸਰਕਾਰ ਨੂੰ ਜਾਮ ਕਰਨਗੇ। ਇਸ ਮੌਕੇ ਉਕਤ ਆਗੂਆਂ ਤੋਂ ਇਲਾਵਾ ਧਨਵੰਤ ਸਿੰਘ ਭੱਠਲ, ਤੀਰਥ ਸਿੰਘ ਬਾਸੀ, ਕਸ਼ਮੀਰ ਸਿੰਘ, ਦਲੀਪ ਸਿੰਘ, ਸੁਰਿੰਦਰ ਰਾਮ ਕੁੱਸਾ, ਪ੍ਰੇਮ ਚਾਵਲਾ ਦੇਵ ਰਾਜ, ਜਗਮੇਲ ਸਿੰਘ ਪੱਖੋਵਾਲ, ਸੁਖਵਿੰਦਰ ਸਿੰਘ ,ਅਵਤਾਰ ਸਿੰਘ ਪੰਧੇਰ, ਅਮਰੀਕ ਸਿੰਘ ਮਸੀਤਾਂ, ਜਗਦੀਸ਼ ਸਿੰਘ ਰਾਣਾ, ਸਰਬਜੀਤ ਸਿੰਘ, ਸਤਨਾਮ ਸਿੰਘ ਰੰਧਾਵਾ ,ਚਮਕੌਰ ਸਿੰਘ, ਰਸ਼ਪਾਲ ਸਿੰਘ, ਸ਼ਿੰਗਾਰਾ ਸਿੰਘ , ਕੇਵਲ ਸਿੰਘ ਬਨਵੈਤ ਆਦਿ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਬਿਨਾਂ ਲਾਈਸੈਂਸ ਪਟਾਕੇ ਵੇਚਣ ਵਾਲਿਆਂ 'ਤੇ ਸਖ਼ਤ ਕਾਨੂੰਨੀ ਕਾਰਵਾਈ ਹੋਵੇਗੀ : ਐੱਸ ਐੱਚ ਓ

ਕਾਲਾ ਸੰਘਿਆਂ (ਮਨਜੀਤ ਮਾਨ) ਪਟਾਕਾ ਵਪਾਰੀਆਂ ਨੂੰ ਕਿਸੇ ਵੀ ਗੈਰ-ਕਾਨੂੰਨੀ ਢੰਗ ਨਾਲ ਪਟਾਕੇ ਵੇਚਣ ਨਹੀਂ ਦਿੱਤੇ ਜਾਣਗੇ ਬਿਨਾਂ ਲਾਈਸੈਂਸ ਪਟਾਕੇ ਵੇਚਣ ਵਾਲੇ ਵਪਾਰੀਆਂ ਦੇ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਅੱਜ ਇੱਥੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਸਦਰ ਕਪੂਰਥਲਾ ਦੇ ਮੁਖੀ ਐੱਸ ਐੱਚ ਓ ਮੈਡਮ ਸੋਨਮਦੀਪ ਕੌਰ ਨੇ ਕਿਹਾ ਕਿ ਲਾਇਸੈਂਸ ਪਟਾਕਾ ਵਪਾਰੀਆਂ ਨੂੰ ਸ਼ਰਤਾਂ ਅਨੁਸਾਰ ਪਟਾਕੇ ਵੇਚ ਦੀ ਇਜਾਜ਼ਤ ਹੋਵੇਗੀ ਕਿਸੇ ਹੋਰ ਵਪਾਰੀ ਨੂੰ ਗੈਰ ਕਾਨੂੰਨੀ ਢੰਗ ਨਾਲ ਪਟਾਕੇ ਵੇਚਣ ਨਹੀਂ ਦਿੱਤੇ ਜਾਣਗੇ। ਮੈਡਮ ਸੋਨਮਦੀਪ ਕੌਰ ਨੇ ਹੋਰ ਕਿਹਾ ਕਿ ਪਟਾਕਾ ਵਪਾਰੀ ਐੱਨ ਓ ਸੀ ਦੀ ਫੀਸ ਜਮ੍ਹਾਂ ਕਰਵਾ ਕੇ ਆਪਣਾ ਲਾਇਸੈਂਸ ਹਾਸਲ ਕਰ ਸਕਦਾ ਹੈ ਲਾਇਸੈਂਸ ਹੋਲਡਰ ਵਪਾਰੀ ਹੀ ਪਟਾਕੇ ਵੇਚਣ ਸਕਦਾ ਹੈ ਐੱਸ ਐੱਚ ਓ ਮੈਡਮ ਸੋਨਮਦੀਪ ਕੌਰ ਨੇ ਪਟਾਕਾ ਵਪਾਰੀਆਂ ਤੇ ਦੁਕਾਨਦਾਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਪਟਾਕੇ ਆਪਣੀਆਂ ਦੁਕਾਨਾਂ ਜਾਂ ਭੀੜ ਵਾਲੀਆਂ ਥਾਵਾਂ 'ਤੇ ਨਾ ਵੇਚਣ ਦੁਕਾਨਦਾਰਾਂ ਤੇ ਵਪਾਰੀਆਂ ਨੂੰ ਬਾਹਰ ਖੁੱਲ੍ਹੀ ਜਗ੍ਹਾ 'ਤੇ ਪਟਾਕੇ ਵੇਚਣ, ਜੋ ਵੀ ਕਾਨੂੰਨ ਦੀ ਉਲੰਘਣਾ ਕਰੇਗਾ।

ਗੋਬਿੰਦਰ ਸਿੰਘ ਸਰਬਸੰਮਤੀ ਨਾਲ ਸਰਪੰਚ ਬਣੇ

ਭੁਲੱਥ, (ਮਨਪ੍ਰੀਤ ਸਿੰਘ)-ਪਿੰਡ ਲੱਖਣ ਕੇ ਪੱਡਾ 'ਚ ਸਰਬਸੰਮਤੀ ਨਾਲ ਚੁਣੀ ਗ੍ਰਾਮ ਪੰਚਾਇਤ 'ਚ ਪਿੰਡ ਦੇ ਲੋਕਾਂ ਵੱਲੋਂ ਗੋਬਿੰਦਰ ਸਿੰਘ ਨੂੰ ਸਰਪੰਚ ਅਤੇ ਰਾਜਵਿੰਦਰ ਕੌਰ, ਹਰਜਿੰਦਰ ਕੌਰ, ਪਰਮਜੀਤ ਕੌਰ, ਬਲਬੀਰ ਕੌਰ, ਸਤਵੰਤ ਕੌਰ, ਜਸਵਿੰਦਰ ਸਿੰਘ, ਜਸਵੰਤ ਸਿੰਘ, ਗੁਰਪ੍ਰੀਤ ਸਿੰਘ ਅਤੇ ਜਸਵੰਤ ਵਿਰਲੀ ਨੂੰ ਮੈਂਬਰ ਚੁਣਿਆ ਗਿਆ। ਇਸ ਮੌਕੇ ਮੌਕੇ ਨਵਨਿਯੁਕਤ ਸਰਪੰਚ ਗੋਬਿੰਦਰ ਸਿੰਘ ਤੇ ਮੈਂਬਰਾਂ ਨੇ ਸਮੁੱਚੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਵਾਸੀਆਂ ਨੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨਗੇ । ਕਿਸੇ ਨੂੰ ਵੀ ਸ਼ਿਕਾਇਤ ਦਾ ਮੌਕਾ ਨਹੀਂ ਦਿੱਤਾ ਜਾਵੇਗਾ। ਇਸ ਮੌਕੇ ਉਹਨਾਂ ਕਿਹਾ ਕਿ ਜੋ ਪਿੰਡ ਵਿੱਚ ਵਿਕਾਸ ਦੇ ਕੰਮ ਰੁਕੇ ਹੋਏ ਹਨ ਉਹਨਾਂ ਵਿਕਾਸ ਦੇ ਕੰਮਾਂ ਨੂੰ ਜਲਦ ਪੂਰਾ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਲੋੜ ਪੈਣ 'ਤੇ ਮੈਂ ਪਿੰਡ ਦੇ ਲੋਕਾਂ ਨਾਲ ਚਟਾਨ ਵਾਂਗੂੰ ਖੜਾਂਗਾ ਤੇ ਪਿੰਡ ਦੇ ਵਿਕਾਸ ਦੇ ਕੰਮ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ।

ਡਾਕਟਰ ਹਰਬੰਸ ਸਿੰਘ ਟੁੱਟ ਕਲਾਂ ਦੇ ਸਰਪੰਚ ਬਣੇ

ਕਾਲਾ ਸੰਘਿਆਂ (ਮਨਜੀਤ ਮਾਨ) ਵਿਧਾਨ ਸਭਾ ਹਲਕਾ ਨਕੋਦਰ ਵਿੱਚ ਪੰਚਾਇਤੀ ਚੋਣਾਂ ਅਮਨ ਸ਼ਾਂਤੀਪੂਰਵਕ ਨਾਲ ਨੇਪਰੇ ਚਾੜ੍ਹਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਸ਼ਾਮ ਨੂੰ ਪੰਚਾਇਤੀ ਚੋਣਾ ਦੇ ਨਤੀਜੇ ਦਾ ਐਲਾਨ ਵੱਖ-ਵੱਖ ਪਿੰਡਾਂ ਤੋ ਕੀਤਾ ਗਿਆ। ਸਦਰ ਥਾਣਾ ਨਕੋਦਰ ਅਧੀਨ ਪੈਂਦੇ ਪਿੰਡ ਟੁੱਟ ਕਲਾਂ ਤੋ ਬਲਵੰਤ ਸਿੰਘ ਤੇ ਡਾਕਟਰ ਹਰਬੰਸ ਸਿੰਘ ਸਰਪੰਚੀ ਦੇ ਉਮੀਦਵਾਰਾਂ ਨੂੰ ਚੋਣ ਮੈਦਾਨ ਵਿੱਚ ਸਰਕਾਰੀ ਚੋਣ ਅਮਲੇ ਵੱਲੋ ਦੋ ਚੋਣ ਬੂਥ ਨਿਰਧਾਰਤ ਕੀਤੇ ਗਏ ਜਿੱਥੇ ਦੋ ਪੋਲਿੰਗ ਬੂਥਾ ਤੇ 813 ਵੋਟਾਂ ਦੀ ਪੋਲਿੰਗ ਹੋਈ। ਸਰਕਾਰੀ ਸੂਚਨਾ ਮੁਤਾਬਕ ਡਾਕਟਰ ਹਰਬੰਸ ਸਿੰਘ ਨੂੰ 439 ਵੋਟਾਂ ਤੇ ਬਲਵੰਤ ਸਿੰਘ ਨੂੰ 320 ਵੋਟਾਂ ਮਿਲੀਆਂ ਡਾਕਟਰ ਹਰਬੰਸ ਸਿੰਘ ਨੇ 119 ਵੋਟਾਂ ਦੇ ਫਰਕ ਨਾਲ ਬਲਵੰਤ ਸਿੰਘ ਨੂੰ ਹਾਰ ਦੇ ਕੇ ਪਿੰਡ ਦੀ ਸਰਪੰਚੀ ਦੀ ਚੋਣ ਜਿੱਤੀ ਅਤੇ ਜਸਵਿੰਦਰ ਸਿੰਘ, ਸ੍ਰੀਮਤੀ ਸੁੱਖਵਿੰਦਰ ਕੌਰ, ਜਗਦੇਵ ਸਿੰਘ, ਗੁਰਪ੍ਰੀਤ ਸਿੰਘ ਡਾਕਟਰ ਹਰਬੰਸ ਪੱਖੀ ਅਤੇ ਨਿਹਾਲ ਸਿੰਘ, ਬਲਵਿੰਦਰ ਕੌਰ, ਸੁਖਵਿੰਦਰ ਕੌਰ ਬਲਵੰਤ ਸਿੰਘ ਪੱਖੀ ਮੈਂਬਰ ਪੰਚਾਇਤ ਬਣੇ। ਚੋਣ ਜਿੱਤਣ ਉਪਰੰਤ ਡਾਕਟਰ ਹਰਬੰਸ ਸਿੰਘ ਨੇ ਸਾਥੀਆ ਸਮੇਤ ਪਿੰਡ ਦੇ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਮੱਥਾ ਟੇਕਿਆ। ਇਸ ਮੌਕੇ ਭਗਵਾਨ ਵਾਲਮੀਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਟੁੱਟ ਕਲਾਂ ਵੱਲੋ ਸਰਪੰਚ ਡਾਕਟਰ ਹਰਬੰਸ ਸਿੰਘ ਤੇ ਨਵੀ ਚੁਣੀ ਗਈ ਪੰਚਾਇਤ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਇਸ ਉਪਰੰਤ ਡਾਕਟਰ ਹਰਬੰਸ ਸਿੰਘ ਨੇ ਵੋਟਰਾਂ ਤੇ ਸਪੋਰਟਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਪਿੰਡ ਦੇ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਬਿਨਾਂ ਕਿਸੇ ਮੱਤਭੇਦ ਦੇ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ।ਪਿੰਡ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਲਿਆਂਦੀਆਂ ਜਾਣਗੀਆਂ ਤਾਂ ਜੋ ਪਿੰਡ ਦੀ ਹੋਰ ਨੁਹਾਰ ਬਦਲੀ ਜਾ ਸਕੇ।

ਇਕ ਦਿਨਾਂ ਟ੍ਰੇਨਿੰਗ ਵਰਕਸ਼ਾਪ ਦਾ ਟੀ ਬੀ ਆਲਰਟ ਇੰਡੀਆ ਵੱਲੋਂ ਆਯੋਜਿਤ

ਕਰਤਾਰਪੁਰ (ਹਰਮੇਸ਼ ਦੱਤ) ਟੀ.ਬੀ. ਆਲਰਟ ਇੰਡੀਆ ਵੱਲੋਂ ਇੰਪੈਕਟ ਇੰਡੀਆ ਪ੍ਰੋਜੈਕਟ ਦੇ ਤਹਿਤ ਟੀ.ਬੀ. ਸਰਵਾਈਵਰਜ਼ ਲਈ ਸਿਵਲ ਸਰਜਨ ਜਲੰਧਰ ਡਾ. ਗੁਰਮੀਤ ਲਾਲ ਦੇ ਹੁਕਮਾਂ ਤਹਿਤ ਸੀ ਐਚ ਸੀ ਕਰਤਾਰਪੁਰ ਵਿਖੇ ਇਕ ਦਿਨੀਂ ਟ੍ਰੇਨਿੰਗ ਵਰਕਸ਼ਾਪ ਸਫਲਤਾਪੂਰਵਕ ਕਰਵਾਈ ਗਈ, ਜਿਸਦਾ ਮਕਸਦ ਸਮੂਹ ਵਿਚ ਟੀ.ਬੀ. ਚੈਂਪੀਅਨਜ਼ ਦੀ ਭੂਮਿਕਾ ਨੂੰ ਮਜ਼ਬੂਤ ਬਣਾਉਣਾ ਹੈ। ਇਸ ਮੀਟਿੰਗ ਦੀ ਅਗਵਾਈ ਡਾ. ਸਰਬਜੀਤ ਸਿੰਘ, ਸੀਨੀਅਰ ਮੈਡੀਕਲ ਅਫ਼ਸਰ, ਕਰਤਾਰਪੁਰ ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਟੀ.ਬੀ. ਖਿਲਾਫ਼ ਲੜਾਈ ਵਿੱਚ ਟੀ.ਬੀ. ਸਰਵਾਈਵਰਜ਼ ਨੂੰ ਸਸ਼ਕਤ ਕਰਨ ਦੀ ਲੋੜ ਉਤੇ ਜ਼ੋਰ ਦਿੱਤਾ।ਵਰਕਸ਼ਾਪ ਵਿੱਚ ਸੰਜੈ ਕੁਮਾਰ, ਇੰਪੈਕਟ ਇੰਡੀਆ ਪ੍ਰੋਜੈਕਟ ਦੇ ਡਿਸਟਰਿਕਟ ਲੀਡ, ਵੱਲੋਂ ਇੰਪੈਕਟ ਇੰਡੀਆ ਪ੍ਰੋਜੈਕਟ ਦੇ ਉਦੇਸ਼ਾਂ ਬਾਰੇ ਸੰਖੇਪ ਵਿਚ ਜਾਣਕਾਰੀ ਦਿੱਤੀ, ਜਿਸ ਦਾ ਮੁੱਖ ਧਿਆਨ ਸਮੂਹਿਕ ਯੋਗਦਾਨ ਅਤੇ ਟੀ ਬੀ ਰੋਕਥਾਮ ਦੀਆਂ ਕਵਾਇਦਾਂ ਉੱਤੇ ਹੈ। ਇਸ ਉਪਰੰਤ ਨੀਰਜ ਕੁਮਾਰ ਸਿੰਹਾ ਪ੍ਰੋਗਰਾਮ ਮੈਨੇਜਰ ਨੇ ਟੀ ਬੀ ਚੈਂਪੀਅਨਜ਼ ਦੀਆਂ ਭੂਮਿਕਾਵਾਂ ਅਤੇ ਉਨ੍ਹਾਂ ਦੇ ਯੋਗਦਾਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਚੈਂਪੀਅਨਜ਼ ਦੀ ਮਿਹਨਤ ਅਤੇ ਸਫਲਤਾਵਾਂ ਸਾਂਝੀਆਂ ਕੀਤੀਆਂ ਅਤੇ ਦੱਸਿਆ ਕਿ ਕਿਵੇਂ ਉਹ ਹੋਰ ਮਰੀਜ਼ਾਂ ਲਈ ਪ੍ਰੇਰਣਾ ਬਣ ਸਕਦੇ ਹਨ।ਵਰਕਸ਼ਾਪ ਦੌਰਾਨ ਪ੍ਰੀ-ਟੈਸਟ ਅਤੇ ਪੋਸਟ-ਟੈਸਟ ਵੀ ਕਰਵਾਏ ਗਏ, ਜਿਨ੍ਹਾਂ ਰਾਹੀਂ ਸ਼ਮੂਲੀਅਤਕਾਰੀਆਂ ਦੀ ਸਮਝ ਅਤੇ ਸਿਖਲਾਈ ਦੀ ਜਾਂਚ ਕੀਤੀ ਗਈ।

ਸ੍ਰੀ ਹਨੂਮਤ ਆਈ ਐੱਮ ਟੀ ਕੀਤਾ ਨੇ ਕਲਚਰਾਰੋ-2024 ਦਾ ਸ਼ਾਨਦਾਰ ਆਯੋਜਨ

ਗੁਰਾਇਆ (ਬਿੰਦਰ ਸੁਮਨ) -ਸ੍ਰੀ ਹਨੁਮਤ ਆਈ ਐਮ ਟੀ ਦੇ ਸੈਰ ਸਪਾਟਾ ਅਤੇ ਹੋਟਲਸ ਪ੍ਰਬੰਧਨ ਵਿਭਾਗ ਵੱਲੋਂ ਕਾਲਜ ਕੈਂਪਸ ਵਿੱਚ ਅੰਤਰ-ਸਕੂਲ ਮੁਕਾਬਲੇ, ਕਲਚਰਾਰੋ-2024 ਦਾ ਸ਼ਾਨਦਾਰ ਆਯੋਜਿਨ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ ਕੰਗ ਨੇ ਕੀਤੀ। ਇਸ ਦੋ ਰੋਜ਼ਾ ਪ੍ਰੋਗਰਾਮ ਵਿੱਚ ਵੱਖ-ਵੱਖ ਸਕੂਲਾਂ ਦੇ ਪ੍ਰਤਿਭਾਸ਼ਾਲੀ ਵਿਦਿਆਰਥੀ ਇਕੱਠੇ ਹੋਏ ਅਤੇ ਵਿਭਿੰਨ ਰਚਨਾਤਮਕ ਖੇਤਰਾਂ ਵਿੱਚ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ। ਵਧੇਰੇ ਜਾਣਕਾਰੀ ਦਿੰਦਿਆਂ ਕਾਲਜ ਦੀ ਡਾਇਰੈਕਟਰ ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਪਹਿਲੇ ਦਿਨ ਸੋਲੋ ਗਾਇਨ, ਸਮੂਹ ਗਾਇਨ, ਫਾਈਨ ਆਰਟਸ, ਮਹਿੰਦੀ ਡਿਜ਼ਾਈਨ, ਰੰਗੋਲੀ ਮੇਕਿੰਗ, ਬੈਸਟ ਟੂ ਵੇਸਟ, ਫਿਊਲ ਫਰੀ ਕੁਕਿੰਗ, ਕਵਿਤਾ ਪਾ

22-Oct-PAGE-9.qxd 10/21/2024 11:12 PM Page 1

ਪੰਚਾਇਤ ਨੂੰ ਪਿੰਡ ਵਾਸੀਆਂ ਨੇ ਕੀਤਾ ਸਨਮਾਨਤ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਬਲਾਕ ਮਾਹਿਲਪੁਰ ਦੇ ਪਿੰਡ ਦਿਹਾਣਾ ਵਿਖੇ ਵੋਟਿੰਗ ਤੋਂ ਬਾਅਦ ਨਵੀਂ ਪੰਚਾਇਤ ਦੀ ਚੋਣ ਕੀਤੀ ਗਈ। ਇਸ ਨਵੀਂ ਚੁਣੀ ਗਈ ਪੰਚਾਇਤ ਵਿੱਚ ਗੁਰਵਿੰਦਰ ਸਿੰਘ ਬਾਵਾ ਨੂੰ ਬਤੌਰ ਸਰਪੰਚ ਚੁਣਿਆ ਗਿਆ ਅਤੇ ਬਾਕੀ ਪੰਚਾਇਤ ਮੈਂਬਰਾਂ ਦੀ ਚੋਣ ਵਾਰਡ ਅਨੁਸਾਰ ਕੀਤੀ ਗਈ। ਜਿਨ੍ਹਾਂ ਵਿੱਚ ਵਾਰਡ ਇਕ ਵਿੱਚ ਸੁਰਿੰਦਰ ਮੋਹਣ, ਵਾਰਡ ਦੋ ਵਿੱਚ ਸੁਰਿੰਦਰ ਪਾਲ, ਵਾਰਡ ਤਿੰਨ ਵਿੱਚ ਕੁਲਵਿੰਦਰ ਕੌਰ, ਵਾਰਡ ਚਾਰ ਵਿੱਚ ਰਾਜ ਕੁਮਾਰੀ, ਵਾਰਡ ਪੰਜ ਵਿੱਚ ਸਰਬਜੀਤ ਕੌਰ, ਵਾਰਡ ਛੇ ਵਿੱਚ ਦਰਸ਼ਣਾਂ ਦੇਵੀ, ਵਾਰਡ ਸੱਤ ਵਿੱਚ ਇਕਬਾਲ ਸਿੰਘ ਵਾਰਡ ਅੱਠ ਵਿੱਚ ਅਰਵਿੰਦਰ ਸਿੰਘ, ਢਵਾਰਡ ਨੌ ਵਿੱਚ ਨਰਿੰਦਰ ਸਿੰਘ ਦੀ ਚੋਣ ਹੋਈ। ਇਸ ਮੌਕੇ ਨਵੀਂ ਪੰਚਾਇਤ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਵੱਲੋਂ ਵਿਕਾਸ ਦੇ ਨਵੇਂ ਮੀਲ ਪੱਥਰ ਕਾਇਮ ਕੀਤੇ ਜਾਣਗੇ ਅਤੇ ਵਿਕਾਸ ਦੀ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਪਾਰਟੀ ਪੱਧਰ ਤੋਂ ਉੱਠ ਕੇ ਹਰ ਇੱਕ ਵਿਅਕਤੀ ਦਾ ਕੰਮ ਕੀਤਾ ਜਾਏਗਾ।

ਵਿਦਿਆਰਥੀਆਂ ਦੀ ਫੀਲਡ ਵਿਜ਼ਿਟ ਕਰਵਾਈ

ਬਲਾਚੌਰ (ਜਸਵਿੰਦਰ ਬੈਂਸ) ਪੀ ਐਮ ਆਈ ਡੀ ਸੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਬਲਾਚੌਰ ਦੇ ਕਾਰਜ ਸਾਧਕ ਅਫਸਰ ਕੇਵਲ ਕ੍ਰਿਸ਼ਨ ਤੇ ਸੈਨੇਟਰੀ ਇੰਸਪੈਕਟਰ ਭਾਰਤ ਭੂਸ਼ਨ ਦੀ ਅਗਵਾਈ ਹੇਠ ਸਸਟੇਨਬਿਲਟੀ ਲੀਡਰਸ਼ਿਪ ਪ੍ਰੋਗਰਾਮ ਤਹਿਤ ਸੀਨੀਅਰ ਸੈਕੰਡਰੀ ਸਕੂਲ ਮਹਿੰਦੀਪੁਰ ਦੇ ਵਿਦਿਆਰਥੀਆਂ ਨੇ ਪ੍ਰੋਸੈਸਿੰਗ ਪਲਾਂਟ ਤੇ ਵੀਜਿਟ ਕੀਤਾ।

ਵਿਦਿਆਰਥੀਆਂ ਨੇ ਕੰਪੋਸਟ ਯੂਨਿਟ ਤੇ ਐਮ ਆਰ ਐਫ ਤੇ ਗਿੱਲੇ ਤੇ ਸੁੱਕੇ ਕੂੜੇ ਦੀ ਕਿਵੇਂ ਪ੍ਰੋਸੈਸਿੰਗ ਕੀਤੀ ਜਾਂਦੀ ਹੈ ਉਸ ਬਾਰੇ ਜਾਣਕਾਰੀ ਹਾਸਲ ਕੀਤੀ ਗਈ।ਸਵੱਛ ਭਾਰਤ ਟੀਮ ਦੀ ਪ੍ਰੋਗਰਾਮ ਕੋਆਰਡੀਨੇਟਰ ਮਨਿੰਦਰ ਕੌਰ ਵੱਲੋਂ ਲਾਈਵ ਡੇਮੋ ਦੇ ਕੇ ਸੈਗਰੀਗੇਟਰ ਵੇਸਟ ਜਿਵੇਂ ਕਿ ਗਿੱਲੇ ਕੂੜੇ ਤੋਂ ਖਾਦ ਅਤੇ ਸੁੱਕੇ ਕੂੜੇ ਜਾਂ ਪਲਾਸਟਿਕ ਦੀ ਬੋਲਾਂ ਕਿਵੇਂ ਤਿਆਰ ਕੀਤੀਆਂ ਜਾਂਦੀਆਂ ਹਨ ਉਸ ਪ੍ਰੋਸੈਸਿੰਗ ਨੂੰ ਵਿਸਤਾਰ ਨਾਲ ਸਮਝਾਇਆ ਗਿਆ।ਪੂਰਾ ਪ੍ਰੋਗਰਾਮ ਸਕੂਲ ਦੇ ਮੁੱਖ ਅਧਿਆਪਕ ਸ਼੍ਰੀਮਤੀ ਲਲਿਤਾ ਰਾਣੀ,ਨੋਡਲ ਅਫ਼ਸਰ ਸ੍ਰੀ ਜਗਮੋਹਨ ਸਿੰਘ, ਗੁਰਪ੍ਰੀਤ ਕੌਰ ਮੈਡਮ, ਤਜਿੰਦਰ ਸਿੰਘ, ਲਖਵੀਰ ਸਿੰਘ ਦੇ ਤਾਲਮੇਲ ਨਾਲ ਮਿਲ ਕੇ ਕਰਵਾਇਆ ਗਿਆ।

ਰਿਆਤ ਬਾਹਰਾ 'ਵਰਸਿਟੀ ਨੇ ਟਾਟਾ ਕੰਸਲਟੈਂਸੀ ਸਰਵਿਸਿਜ਼ ਦੇ ਸਹਿਯੋਗ ਨਾਲ ਕਾਰਪੋਰੇਟ ਈਵੈਂਟ ਦੀ ਕੀਤੀ ਮੇਜ਼ਬਾਨੀ

ਮੋਹਾਲੀ, ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅਗਰਵਾਲ) ਰਿਆਤ ਬਾਹਰਾ ਯੂਨੀਵਰਸਿਟੀ ਨੇ ਟਾਟਾ ਕੰਸਲਟੈਂਸੀ ਸਰਵਿਸਿਜ਼ ਦੇ ਸਹਿਯੋਗ ਨਾਲ ਇੱਕ ਕਾਰਪੋਰੇਟ ਈਵੈਂਟ ਦੀ ਸ਼ੁਰੂਆਤ ਕੀਤੀ।ਇਸ ਸਮਾਗਮ ਨੇ ਆਰ ਬੀ ਯੂ ਦੇ ਅਲਫ਼ਾ ਸਕੂਲ ਦੇ ਵਿਦਿਆਰਥੀਆਂ ਨੂੰ ਉਦਯੋਗ ਦੇ ਮਾਹਿਰਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕਰਨ ਅਤੇ ਕਾਰਪੋਰੇਟ ਜਗਤ ਵਿੱਚ ਕੀਮਤੀ ਜਾਣਕਾਰੀ ਹਾਸਲ ਕਰਨ ਲਈ ਇੱਕ ਵਿਲੱਖਣ ਪਲੇਟਫਾਰਮ ਪ੍ਰਦਾਨ ਕੀਤਾ।ਇਸ ਸੈਸ਼ਨ ਵਿੱਚ ਟੀ ਸੀ ਐੱਸ ਦੇ ਤਿੰਨ ਪ੍ਰਸਿੱਧ ਪ੍ਰਤੀਨਿਧੀਆਂ ਦੀ ਸ਼ਮੂਲਿਤਾ ਰਹੀ, ਜਿਸ ਵਿੱਚ ਡਾ. ਹਿਮਦਵੀਪ ਵਾਲੀਆ, ਏ ਆਈ/ਐਮ ਐੱਲ ਵਿੱਚ ਵਿਸ਼ੇਸ਼ ਗਿਆਨ ਅਤੇ ਪ੍ਰੋਡਕਟ ਮੈਨੇਜਰ, ਸਿਦਾਰਥ ਤਿਵਾਰੀ, ਟੀ ਸੀ ਐੱਸ ਆਇ ਓ ਐਨ ਵਿੱਚ ਉੱਤਰੀ ਭਾਰਤ ਦੇ ਲਈ ਉੱਚ ਸਿੱਖਿਆ ਦੇ ਜ਼ੋਨਲ ਮੁਖੀ , ਅਤੇ ਸ਼੍ਰੇਆ ਸ਼ਰਮਾ, ਟੀ ਸੀ ਐੱਸ ਆਇ ਓ ਐਨ ਵਿੱਚ ਉੱਤਰੀ ਭਾਰਤ ਦੇ ਲਈ ਉੱਚ ਸਿੱਖਿਆ ਦੀ ਰੀਜਨਲ ਮੁਖੀ ਸ਼ਾਮਲ ਸਨ। ਈਵੈਂਟ ਦੌਰਾਨ, ਟੀ ਸੀ ਐੱਸ ਟੀਮ ਨੇ ਉਦਯੋਗ ਦੇ ਰੁਝਾਨਾਂ, ਕਾਰੋਬਾਰੀ ਲੈਂਡਸਕੇਪ ਨੂੰ ਬਦਲਣ ਵਿੱਚ ਏ.ਆਈ./ਐਮ.ਐੱਲ. ਵਰਗੀਆਂ ਉੱਭਰਦੀਆਂ ਤਕਨੀਕਾਂ ਦੀ ਭੂਮਿਕਾ ਅਤੇ ਅਕਾਦਮਿਕਤਾ ਅਤੇ ਉਦਯੋਗ ਵਿਚਕਾਰ ਪਾੜੇ ਨੂੰ ਪੂਰਾ ਕਰਨ ਦੀ ਮਹੱਤਤਾ ਬਾਰੇ ਆਪਣੀ ਮੁਹਾਰਤ ਸਾਂਝੀ ਕੀਤੀ।ਅਲਫ਼ਾ ਸਕੂਲ ਦੇ ਵਿਦਿਆਰਥੀਆਂ ਨੂੰ ਸਵਾਲ ਪੁੱਛਣ, ਕੈਰੀਅਰ ਦੇ ਮਾਰਗਾਂ 'ਤੇ ਚਰਚਾ ਕਰਨ ਅਤੇ ਅੱਜ ਦੇ ਮੁਕਾਬਲੇ ਵਾਲੇ ਬਾਜ਼ਾਰ ਵਿੱਚ ਮੰਗ ਦੇ ਹੁਨਰਾਂ ਬਾਰੇ ਸਿੱਖਣ ਦਾ ਮੌਕਾ ਮਿਲਿਆ। ਇਸ ਮੌਕੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਯੂਨੀਵਰਸਿਟੀ ਉਦਯੋਗ ਦੇ ਮਿਆਰਾਂ ਨੂੰ ਪੂਰਾ ਕਰਨ ਲਈ ਵਿਦਿਆਰਥੀਆਂ ਦੀ ਮਦਦ ਕਰਨ ਲਈ ਉੱਚ ਪੱਧਰੀ ਕੰਪਨੀਆਂ ਨੂੰ ਸੱਦਾ ਦੇਣ ਲਈ ਵਚਨਬੱਧ ਹੈ ।

ਅਲਫ਼ਾ ਸਕੂਲ ਦੀ ਡਾਇਰੈਕਟਰ ਸਾਕਸ਼ੀ ਮਹਿਤਾ ਅਤੇ ਅਲਫ਼ਾ ਸਕੂਲ ਦੀ ਪ੍ਰੋਗਰਾਮ ਮੈਨੇਜਰ ਸ਼੍ਰਿਆ ਨੇ ਟੀਸੀਐਸ ਦੇ ਨੁਮਾਇੰਦਿਆਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਲਈ ਉਨ੍ਹਾਂ ਨੂੰ ਸਨਮਾਨਿਤ ਕੀਤਾ।

ਡਾ. ਚੱਬੇਵਾਲ ਨੇ ਨਵੀਂਆਂ ਚੁਣੀਆਂ ਪੰਚਾਇਤਾਂ ਨੂੰ ਦਿੱਤੀਆਂ ਸ਼ੁਭ-ਕਾਮਨਾਵਾਂ

ਹੁਸ਼ਿਆਰਪੁਰ (ਓ ਪੀ ਰਾਣਾ) ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਆਪਣੇ ਦਫਤਰ ਵਿਚ ਚੱਬੇਵਾਲ ਦੀਆਂ ਨਵੀਆਂ ਚੁਣੀਆਂ ਪੰਚਾਇਤਾਂ, ਪੰਚਾਂ ਸਰਪੰਚਾਂ ਅਤੇ ਹਲਕਾ ਵਾਸੀਆਂ ਨਾਲ ਮੁਲਾਕਾਤ ਕਰਕੇ ਹਲਕੇ ਵਿਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਹਲਕਾ ਵਾਸੀਆਂ ਦੀਆਂ ਨਿੱਜੀ ਸਮੱਸਿਆਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਡਾ. ਰਾਜ ਨੇ ਕਿਹਾ ਮੈਂ ਤੇ ਮੇਰਾ ਪਰਵਾਰ 24 ਘੰਟੇ ਹਲਕੇ ਦੇ ਲੋਕਾਂ ਦੀ ਸੇਵਾ ਵਿਚ ਹਾਜ਼ਰ ਹਾਂ, ਕਿਸੇ ਵੀ ਹਲਕਾ ਵਾਸੀ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿਆਂਗੇ।ਉਨ੍ਹਾਂ ਕਿਹਾ ਚੱਬੇਵਾਲ ਹਲਕਾ ਵਿਕਾਸ ਪੱਖੋਂ ਪੰਜਾਬ ਵਿੱਚ ਸਭ ਤੋਂ ਅੱਗੇ ਹੋਵੇਗਾ।ਉਨ੍ਹਾਂ ਕਿਹਾ ਮੈਂ ਹਮੇਸ਼ਾ ਆਪਣੇ ਲੋਕਾਂ ਨਾਲ ਲਗਾਤਾਰ ਸੰਪਰਕ ਵਿੱਚ ਰਹਿਣਾ, ਉਹਨਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹੱਲ ਕਰਨ ਲਈ, ਉਹਨਾਂ ਲਈ ਹਰ ਸਮੇਂ ਹਾਜਰ ਹੋਣਾ ਯਕੀਨੀ ਬਣਾਉਂਦਾ ਹਾਂ।ਡਾ ਰਾਜ ਕੁਮਾਰ ਨੇ ਚੱਬੇਵਾਲ ਸਥਿਤ ਪਾਰਟੀ ਦਫਤਰ ਵਿਖੇ ਆਪਣੇ ਹਲਕਾ ਵਾਸੀਆਂ ਨਾਲ ਮਿਲਣੀ ਪ੍ਰੋਗਰਾਮ ਦੌਰਾਨ ਨਵੇਂ ਵਿਕਾਸ ਕਾਰਜਾਂ ਬਾਰੇ ਵੀ ਚਰਚਾ ਕੀਤੀ। ਇਸ ਮੌਕੇ ਡਾ: ਇਸ਼ਾਂਕ ਕੁਮਾਰ ਨੇ ਮਿਲਣ ਆਏ ਹਲਕਾ ਵਾਸੀਆਂ ਨੂੰ ਉਨ੍ਹਾਂ ਦੇ ਮਸਲਿਆਂ 'ਤੇ ਵਿਚਾਰ ਵਟਾਂਦਰਾ ਕਰ ਕੇ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ।

ਸਬ-ਇੰਸਪੈਕਟਰ ਸਤਨਾਮ ਸਿੰਘ ਵੱਲੋਂ ਲਗਾਇਆ ਲੋਕ ਦਰਬਾਰ

ਬਲਾਚੌਰ (ਜਸਵਿੰਦਰ ਬੈਂਸ) ਐੱਸ ਐੱਸ ਪੀ ਡਾਕਟਰ ਮਹਿਤਾਬ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਥਾਣਾ ਸਿਟੀ ਇੰਚਾਰਜ ਸਬ ਇੰਸਪੈਕਟਰ ਸਤਨਾਮ ਸਿੰਘ ਵੱਲੋਂ ਲੋਕ ਅਦਾਲਤ ਲਗਾਈ ਗਈ।ਜਿਸ ਵਿੱਚ ਵੱਖ ਵੱਖ ਕੇਸਾਂ ਦਾ ਨਿਪਟਾਰਾ ਦੋਹਾਂ ਪਾਰਟੀਆਂ ਨੂੰ ਬਿਠਾ ਕੇ ਆਪਣੀ ਸੂਝ ਬੂਝ ਨਾਲ ਦੋਹਾਂ ਧਿਰਾਂ ਦੀ ਤਸੱਲੀ ਕਰਵਾ ਕੇ ਨਿਬੇੜਾ ਕੀਤਾ ਗਿਆ। ਉਹਨਾਂ ਪਾਰਟੀਆਂ ਅਤੇ ਉਨ੍ਹਾਂ ਦੇ ਮੋਹਤਬਰਾਂ ਨੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਏ ਐਸ ਆਈ ਲਖਵੀਰ ਚੰਦ, ਏ ਐਸ ਆਈ ਲੇਖ ਰਾਜ, ਐਚ ਸੀ ਅੰਜੂ ਬਾਲਾ, ਅਮਨਦੀਪ ਕੌਰ ਹਾਜ਼ਰ ਸਨ।

ਗਰਭਵਤੀਆਂ ਨੂੰ ਆਇਓਡੀਨ ਦੀ ਘਾਟ ਕਾਰਨ ਹੋਣ ਵਾਲੇ ਰੋਗਾਂ ਬਾਰੇ ਜਾਗਰੂਕ ਕੀਤਾ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ) -ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਤੇ ਸਿਵਲ ਸਰਜਨ ਜਲੰਧਰ ਡਾਕਟਰ ਗੁਰਮੀਤ ਲਾਲ ਅਤੇ ਐਸ ਐਮ ਓ ਕਾਲਾ ਬੱਕਰਾ ਡਾਕਟਰ ਰਿਚਰਡ ਓਹਰੀ ਦੀ ਯੋਗ ਅਗਵਾਈ ਹੇਠ ਸੀ ਐਚ ਸੀ ਕਾਲਾ ਬੱਕਰਾ ਅਧੀਨ ਪੈਂਦੇ ਸਿਹਤ ਕੇਂਦਰਾਂ ਦੇ ਸਟਾਫ ਦੁਆਰਾ ਆਪਣੇ ਏਰੀਏ ਵਿੱਚ ਪੈਂਦੀ ਆਬਾਦੀ ਵਿਚ ਲੋਕਾਂ ਨੂੰ ਸਕੂਲਾਂ ਦੇ ਵਿਦਿਆਰਥੀਆਂ ਨੂੰ ਅਤੇ ਗਰਭ ਵਤੀ ਮਹਿਲਾਵਾਂ ਨੂੰ ਆਇਓਡੀਨ ਦੀ ਘਾਟ ਕਾਰਨ ਹੋਣ ਵਾਲੇ ਰੋਗਾ ਵਾਰੇ ਜਾਗਰੂਕ ਕੀਤਾ ਅਤੇ ਐਸ ਐਮ ਓ ਸ੍ਰੀ ਰਿਚਰਡ ਓਹਰੀ ਨੇ ਪਬਲਿਕ ਨੂੰ ਗੱਲਬਾਤ ਕਰਦੇ ਹੋਏ ਦੱਸਿਆ ਕਿ ਆਇਓਡੀਨ ਦੀ ਕਮੀਂ ਨਾਲ ਗਿਲੜ ਰੋਗ ਹੋ ਜਾਂਦਾ ਹੈ ਤੇ ਡਿਪਰੈੱਸ਼ਨ ਦੇ ਕੇਸ ਵੱਧ ਜਾਂਦੇ ਹਨ ਅਤੇ ਔਰਤਾਂ ਵਿੱਚ ਬੱਚੇ ਨੂੰ ਜਨਮ ਦੌਰਾਨ ਅਪੰਗ ਬੱਚੇ ਪੈਦਾ ਹੋ ਸਕਦੇ ਹਨ ਤੇ ਕਈ ਵਾਰ ਮ੍ਰਿਤਕ ਬੱਚਾ ਵੀ ਪੈਦਾ ਹੋ ਜਾਂਦਾ ਹੈ। ਆਇਓਡੀਨ ਦੀ ਕਮੀਂ ਨਾਲ ਥਕਾਵਟ ਮਹਿਸੂਸ ਹੁੰਦੀ ਹੈ ਤੇ ਗਰਦਨ ਦਰਦ ਸੋਜ ਤੇ ਭਾਰ ਵੀ ਵੱਧ ਜਾਂਦਾ ਹੈ।

ਸਕੂਲ 'ਚ ਜਾਦੂ ਦਾ ਖੇਲ ਵਿਖਾਇਆ

ਨਵਾਂ ਸ਼ਹਿਰ (ਕੁਲਵਿੰਦਰ ਸਿੰਘ ਦੁਗਾਪੁਰੀਆ) ਸਰਕਾਰੀ ਹਦਾਇਤਾਂ ਅਨੁਸਾਰ ਅੱਜ ਰੈਡ ਕ੍ਰਾਸ ਸੁਸਾਇਟੀ ਵੱਲੋਂ ਬਾਬਾ ਵਜ਼ੀਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸਲੋਹ ਰੋਡ 'ਚ ਵਿਦਿਆਰਥੀਆਂ ਨੂੰ ਜਾਦੂ ਦਾ ਖੇਲ ਵਿਖਾਇਆ ਗਿਆ, ਜਿਸ 'ਚ ਪ੍ਰਿੰਸੀਪਲ ਸ੍ਰੀ ਜਸਵੀਰ ਸਿੰਘ ਨੇ ਬੱਚਿਆਂ ਨੂੰ ਦੱਸਿਆ ਹੈ ਕਿ ਇਹ ਖੇਲ ਨਹੀਂ, ਸਗੋਂ ਕਲਾ ਹੈ ਇਸ ਕਲਾ ਦਾ ਬੱਚਿਆਂ ਨੇ ਬਹੁਤ ਆਨੰਦ ਮਾਣਿਆ । ਇਸ ਵਿੱਚ ਅਧਿਆਪਕ ਸੁਰਜੀਤ ਕੌਰ, ਸੁਖਜਿੰਦਰ ਸਿੰਘ, ਸੰਦੀਪ ਕੌਰ, ਸ਼ਮਾ ਮੱਲਣ, ਕਮਲ, ਅਮਨਦੀਪ ਕੌਰ, ਨਵਜੀਤ ਸਿੰਘ ਤੇ ਨੇਹਾ ਆਦਿ ਸ਼ਾਮਲ ਸਨ।

ਦੁਰਗਾ ਦਰਸ਼ਨ ਕਲੱਬ ਭੁਲੱਥ ਵੱਲੋਂ ਵਿਸ਼ਾਲ ਜਾਗਰਣ

ਭੁਲੱਥ (ਮਨਪ੍ਰੀਤ ਸਿੰਘ) ਸਬ ਡਵੀਜ਼ਨ ਕਸਬਾ ਭੁਲੱਥ ਵਿਖੇ ਦੁਰਗਾ ਦਰਸ਼ਨ ਕਲੱਬ ਭੁਲੱਥ ਰਜਿ. ਵੱਲੋਂ ਕਲੱਬ ਦੇ ਪ੍ਰਧਾਨ ਭੁਪੇਸ਼ ਸ਼ਰਮਾ, ਉਪ ਪ੍ਰਧਾਨ ਨਰੇਸ਼ ਘਈ, ਸਰਪ੍ਰਸਤ ਰਕੇਸ਼ ਕੁਮਾਰ ਖੰਨਾ, ਮਾਸਟਰ ਦਿਨੇਸ਼ ਸ਼ਰਮਾ ਸਟੇਟ ਅਵਾਰਡੀ, ਅਨਿਲ ਕੁਮਾਰ ਦੱਤਾ ਤੇ ਨੰਦਰਾ ਯੋਗ ਦੀ ਅਗਵਾਈ ਵਿੱਚ 37ਵਾਂ ਸਾਲਾਨਾ ਜਾਗਰਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੁਲੱਥ ਦੀ ਗਰਾਉਂਡ ਵਿੱਚ ਕਰਵਾਇਆ ਗਿਆ।ਉਦਘਾਟਨ ਦੀ ਰਸਮ ਬਲਬੀਰ ਸ਼ਰਮਾ ਕਨੇਡਾ ਵਾਲੇ ਤੇ ਯੁਗੇਸ਼ ਸ਼ਰਮਾ ਵੱਲੋਂ ਕੀਤੀ ਗਈ।ਜਾਗਰਨ ਦੌਰਾਨ ਸਟੇਜ ਦੀ ਕਾਰਵਾਈ ਪ੍ਰਸਿੱਧ ਐਂਕਰ ਬਲਦੇਵ ਸਿੱਧੂ ਵੱਲੋਂ ਬਾਖੂਬੀ ਨਿਭਾਈ ਗਈ।ਇਸ ਮੌਕੇ ਉੱਘੇ ਗਾਇਕ ਮਹੰਤ ਰੋਸ਼ਨ ਲਾਲ, ਮਾਸ਼ਾ ਅਲੀ, ਧੀਰਜ ਕੁਮਾਰ ਤੇ ਵਰਨ ਮੈਦਾਨ ਵੱਲੋਂ ਮਾਤਾ ਰਾਣੀ ਦੇ ਭਜਨਾ ਤੇ ਧਾਰਮਿਕ ਭੇਟਾਂ ਰਾਹੀਂ ਸਾਰੀ ਰਾਤ ਮਾਤਾ ਰਾਣੀ ਦਾ ਗੁਣਗਾਨ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਯਗੇਸ਼ ਸ਼ਰਮਾ, ਲਕਸ਼ ਚੌਧਰੀ, ਪਰਮਜੀਤ ਪੁਰੀ, ਅਨਿਲ ਕੁਮਾਰ ਦੱਤਾ, ਬਾਬਾ ਦੀਪਕ ਸ਼ਾਹ, ਪਵਨ ਕੁਮਾਰ, ਸਰੋਜ ਕੁਮਾਰ, ਵਰੁਣ ਕੁਮਾਰ, ਸੰਜੇ ਕੁਮਾਰ, ਲਵ ਕੁਮਾਰ ਤੇ ਹੋਰਨਾਂ ਵੱਲੋਂ ਸ਼ਿਰਕਤ ਕੀਤੀ ਗਈ।

ਹੁਸਨ ਲਾਲ ਬਣੇ ਨਵੇਂ ਸਰਪੰਚ

ਆਦਮਪੁਰ (ਪਰਮਜੀਤ ਸਿੰਘ)-ਆਦਮਪੁਰ ਦੇ ਨਦਦੀਕ ਪਿੰਡ ਨੰਗਲ ਫੀਦਾ ਦੇ ਸੂਝਵਾਨ ਵੋਟਰਾਂ ਵੱਲੋਂ ਆਪਣੇ ਪਿੰਡ ਦੇ ਪੜ੍ਹੇ ਲਿਖੇ ਨੌਜਵਾਨ ਘੱਟ ਉਮਰ 24 ਸਾਲਾ ਦੇ ਸਰਪੰਚੀ ' ਤੇ ਖੜ੍ਹੇ ਉਮੀਦਵਾਰ ਹੁਸਨ ਲਾਲ ਹੈਪੀ ਨੂੰ ਉਸ ਦੇ ਵਿਰੋਧੀ ਉਮੀਦਵਾਰ ਤੋਂ ਵੱਧ ਵੋਟਾਂ ਪਾ ਕੇ ਜਿਤਾਇਆ। ਹੁਸਨ ਲਾਲ ਵੱਲੋ ਸਰਪੰਚੀ ਦੀ ਜਿੱਤ ਪ੍ਰਾਪਤ ਕਰਨ 'ਤੇ ਸਮੂਹ ਵੋਟਰਾਂ ਸਪੋਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਉਨ੍ਹਾਂ ਵੱਲੋਂ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿੱਤਾ ਗਿਆ ਕਿ ਉਹ ਬਿਨਾਂ ਭੇਦਭਾਵ ਅਤੇ ਵਧੀਆ ਢੰਗ ਨਾਲ ਪਿੰਡ ਦਾ ਵਿਕਾਸ ਕੀਤਾ ਜਾਵੇਗਾ । ਉਨ੍ਹਾ ਨਾਲ ਨਵੀ ਚੁਣੀ ਗਈ ਪੰਚਾਇਤ ਮੈਂਬਰ ਪੰਚ ਮਾਣਕ ਲਾਲ, ਪੰਚ ਧਰਮਵੀਰ ਵਿਰਦੀ, ਪੰਚ ਅਕਾਸ਼ਦੀਪ ਸਿੰਘ, ਪੰਚ ਕੁਲਜੀਤ ਸਿੰਘ, ਪੰਚ ਸੁਰਿੰਦਰ ਕੌਰ ਕੰਗ, ਪੰਚ ਕੁਲਵਿੰਦਰ ਕੌਰ, ਪੰਚ ਨੀਲਮ ਰਾਣੀ ਚੁਣੇ ਗਏ। ਇਸ ਮੌਕੇ ਜਸਵੰਤ ਸਿੰਘ, ਭੁਪਿੰਦਰ ਸਿੰਘ, ਚਰਨਜੀਤ ਸਿੰਘ ਬੈਂਸ, ਲਖਵੀਰ ਸਿੰਘ, ਸੇਵਾ ਸਿੰਘ, ਸੰਤੋਖ ਸਿੰਘ ਤੇ ਨਗਰ ਨਿਵਾਸੀ ਆਦਿ ਸਨ ।

ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੀ ਅਹਿਮ ਮੀਟਿੰਗ ਸਫਲਤਾਪੂਰਵਕ ਸੰਪੰਨ

ਹੁਸ਼ਿਆਰਪੁਰ (ਓ ਪੀ ਰਾਣਾ) ਜਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਿੱਖਿਆ ਹਰਜਿੰਦਰ ਸਿੰਘ ਦੇ ਨਿਰਦੇਸ਼ਾਂ ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ.) ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੀ ਇੱਕ ਮਹੱਤਵਪੂਰਣ ਮੀਟਿੰਗ ਹੋਈ।ਇਸ ਮੀਟਿੰਗ ਵਿੱਚ ਸਮੂਹ ਬੀਐਨਓਜ਼, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਅਤੇ ਖੇਡ ਕਮੇਟੀ ਦੇ ਮੈਂਬਰਾਂ ਨੇ ਭਾਗ ਲਿਆ।ਮੀਟਿੰਗ ਦਾ ਮੁੱਖ ਉਦੇਸ਼ ਜਿਲ੍ਹਾ ਪੱਧਰ ਦੀਆਂ ਪ੍ਰਾਇਮਰੀ ਖੇਡਾਂ ਨੂੰ ਵਿਵਸਥਿਤ ਢੰਗ ਨਾਲ ਸੰਚਾਲਿਤ ਕਰਨਾ ਸੀ।ਮੀਟਿੰਗ ਦੌਰਾਨ, ਵੱਖ-ਵੱਖ ਖੇਡਾਂ ਦੀ ਸਹੀ ਯੋਜਨਾ ਅਤੇ ਪ੍ਰਬੰ

22-OCT-PAGE-10.qxd 10/21/2024 11:00 PM Page 1

ਝੋਨੇ ਦੀ ਖਰੀਦ ਨਾ ਹੋਣ 'ਤੇ ਕਿਸਾਨਾਂ ਵੱਲੋਂ ਹਾਈਵੇ ਜਾਮ

ਮਲੋਟ (ਗੁਰਮੀਤ ਸਿੰਘ ਮੱਕੜ)-ਝੋਨੇ ਦੀ ਖਰੀਦ ਨੂੰ ਲੈ ਕੇ ਕਿਸਾਨ ਯੂਨੀਅਨ ਸਿੱਧੂਪੁਰ ਦੇ ਕਿਸਾਨਾਂ ਵੱਲੋਂ ਮਲੋਟ ਵਿਖੇ ਗੰਗਾਨਗਰ-ਬਠਿੰਡਾ ਹਾਈਵੇ ਰੋਡ ਨੰ. 7 ਜਾਮ ਕਰਕੇ ਰੋਸ ਪ੍ਰਗਟ ਕੀਤਾ ਗਿਆ। ਕਿਸਾਨਾਂ ਨੇ ਕਿਹਾ ਕਿ ਖਰੀਦ ਮੌਕੇ ਸਹੀ ਨਮੀ ਮਾਤਰਾ ਹੋਣ ਦੇ ਬਾਵਜੂਦ ਉਨ੍ਹਾਂ ਦੀ ਫਸਲ ਚੁੱਕਣ ਲਈ ਵੱਟਾ ਲਗਾ ਰਹੇ ਹਨ, ਜਿਸ ਦੇ ਰੋਸ ਵਜੋਂ ਧਰਨਾ ਦੇ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ। ਉਨ੍ਹਾਂ ਚੇਤਵਾਨੀ ਦਿੰਦੇ ਹੋਏ ਕਿਹਾ ਕਿ ਜਿੰਨਾ ਸਮਾਂ ਉਨ੍ਹਾਂ ਨੂੰ ਕੋਈ ਭਰੋਸਾ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਧਰਨਾ ਜਾਰੀ ਰਹੇਗਾ। ਦੱਸ ਦੇਈਏ ਕਿ ਖਰੀਦ ਨੂੰ ਲੈ ਕੇ ਕਿਸਾਨਾਂ ਯੂਨੀਅਨ ਉਗਰਾਹਾਂ ਵੱਲੋਂ ਖੇਤੀਬਾੜੀ ਮੰਤਰੀ ਦੇ ਘਰ ਅੱਗੇ ਲਗਾਤਾਰ ਧਰਨੇ ਦੇ ਨਾਲ ਟੋਲ ਪਲਾਜ਼ਾ ਫਰੀ ਕੀਤਾ ਹੋਇਆ ਹੈ।

ਨਵੀਂ ਬਣੀ ਸਰਪੰਚ ਨੇ ਲੜਕੀ ਦੇ ਵਿਆਹ 'ਤੇ 5100 ਰੁਪਏ ਦੇ ਸ਼ਗਨ ਦੇ ਕੇ ਸਕੀਮ ਦੀ ਕੀਤੀ ਸ਼ੁਰੂਆਤ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪਿੰਡ ਮੱਠੀ ਦੇ ਨਵੇਂ ਬਣੇ ਸਰਪੰਚ ਸ੍ਰੀਮਤੀ ਰਮਨਦੀਪ ਕੌਰ ਚੀਮਾ ਵੱਲੋਂ ਪਿੰਡ ਮੱਠੀ ਵਿਖੇ ਵਿਆਹ ਵਾਲੀ ਲੜਕੀ ਦੇ ਵਿਆਹ ਮੌਕੇ 5100/- ਰੁਪਏ ਸ਼ਗਨ ਵਜੋਂ ਦਿੱਤੇ ਗਏ।ਇਸ ਮੌਕੇ ਸ੍ਰੀਮਤੀ ਚੀਮਾ ਨੇ ਕਿਹਾ ਕਿ ਸਾਡੇ ਪਿੰਡ ਦੇ ਲੋਕਾਂ ਨੇ ਜੋ ਸਾਡੇ 'ਤੇ ਵਿਸ਼ਵਾਸ ਕਰਕੇ ਵੱਡੀ ਗਿਣਤੀ ਵਿੱਚ ਜਿੱਤ ਹਾਸਲ ਕਰਵਾਈ ਹੈ, ਅਸੀਂ ਉਨ੍ਹਾਂ ਦੇ ਉਮੀਦਾਂ 'ਤੇ ਖਰ੍ਹੇ ਉਤਰਾਂਗੇ ਤੇ 5100/- ਰੁਪਏ ਸ਼ਗਨ ਸਕੀਮ ਦੀ ਸ਼ੁਰੂਆਤ ਕੀਤੀ ਗਈ, ਜਿਸ ਵਿੱਚ ਪਿੰਡ ਮੱਠੀ ਦੀਆਂ ਲੜਕੀਆਂ ਦੇ ਵਿਆਹ ਸਮੇਂ 5100/- ਸ਼ਗਨ ਦਿੱਤਾ ਜਾਵੇਗਾ ਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਿਆ ਜਾਵੇਗਾ।ਇਸ ਮੌਕੇ ਪੰਚ ਜੁਗਿੰਦਰ ਕੌਰ, ਪੰਚ ਬਲਜੀਤ ਕੌਰ, ਪੰਚ ਫਰਿਆਦ ਮਸੀਹ, ਪੰਚ ਨਿਰਮਲ ਸਿੰਘ, ਪੰਚ ਧਰਮਿੰਦਰ ਸਿੰਘ ਆਦਿ ਹਾਜ਼ਰ ਸਨ।

ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਪ੍ਰਬੰਧਕਾਂ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਪਿਛਲੇ ਰੋਜ਼ ਤੋਂ ਗੁਰਪੁਰਬ ਸਬੰਧੀ ਸ਼ੁਰੂ ਕਰਾਏ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਪਾਏ ਗਏ। ਇਸ ਉਪਰੰਤ ਪ੍ਰਕਾਸ਼ ਪੁਰਬ ਨੂੰ ਸਮਰਪਤ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਚਲਾਈ ਗਈ ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਦੇ ਵੀ ਭੋਗ ਪਾਏ ਗਏ। ਸਾਰਾ ਦਿਨ ਰਾਗੀ, ਢਾਡੀ ਜੱਥਿਆਂ ਵਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਵਾਰਾਂ ਪੇਸ਼ ਕੀਤੀਆਂ ਗਈਆਂ। ਸ਼ਾਮ ਨੂੰ ਰਹਿਰਾਸ ਤੋਂ ਬਾਅਦ ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਜਸਦੇਵ ਸਿੰਘ, ਭਾਈ ਸੁਖਵੀਰ ਸਿੰਘ ਤੇ ਭਾਈ ਗੁਰਵਿੰਦਰ ਸਿੰਘ ਵਲੋਂ ਸ੍ਰੀ ਗੁਰੂ ਰਾਮਦਾਸ ਜੀ ਦੀ ਰਚੀ ਗਈ ਗੁਰਬਾਣੀ ਦਾ ਗਾਇਨ ਕੀਤਾ ਗਿਆ। ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਵਿੰਗ ਵੱਲੋਂ ਥਾਪੇ ਗਏ ਧਰਮ ਪ੍ਰਚਾਰਕ ਭਾਈ ਬਚਿੱਤਰ ਸਿੰਘ ਵਲੋਂ ਕਥਾ ਪ੍ਰਵਾਹ ਚਲਾਇਆ ਗਿਆ, ਜਿਨ੍ਹਾਂ ਗੁਰੂ ਸਾਹਿਬ ਦੀ ਜੀਵਨੀ ਬਾਰੇ ਸੰਗਤਾਂ ਨੂੰ ਸੰਖੇਪ ਜਾਣਕਾਰੀ ਦਿੱਤੀ।

ਸਰਬਸੰਮਤੀ ਨਾਲ ਚੁਣੇ ਦਸ 'ਚੋਂ ਸੱਤ ਪੰਚਾਇਤ ਮੈਂਬਰ

ਮੂਨਕ (ਰਾਜਪਾਲ ਸਿੰਗਲਾ)-ਪਿੰਡ ਸਲੇਮਗੜ੍ਹ 'ਚ ਨਵੀਂ ਚੁਣੀ ਗਈ ਦਸ ਮੈਂਬਰੀ ਪੰਚਾਇਤ ਨੂੰ ਪਿੰਡ ਦੇ ਲੋਕਾਂ ਵੱਲੋਂ 10 ਮੈਂਬਰਾਂ 'ਚੋਂ ਸੱਤ ਮੈਂਬਰਾਂ ਦੀ ਸਰਬਸੰਮਤੀ ਦੇ ਨਾਲ ਚੋਣ ਕੀਤੀ ਗਈ।ਇਸ ਪਿੰਡ ਦੇ ਲੋਕਾਂ ਨੂੰ ਨਵੀਂ ਚੁਣੀ ਗਈ ਪੰਚਾਇਤ ਤੋਂ ਵੱਡੀਆਂ ਉਮੀਦਾਂ ਹਨ ਕਿ ਉਨਾਂ ਦੇ ਪਿੰਡ 'ਚ ਪਏ ਅਧੂਰੇ ਕੰਮ ਜਲਦੀ ਪੂਰੇ ਹੋਣਗੇ।ਇਸ ਪਿੰਡ 'ਚ ਜ਼ਿਆਦਾਤਰ ਗੰਦੇ ਪਾਣੀ ਦੀ ਨਿਕਾਸੀ ਦਾ ਵੱਡਾ ਮੁੱਦਾ ਹੈ, ਪਿੰਡ ਵਿੱਚ ਗੰਦੇ ਪਾਣੀ ਸੜਕ ਤੇ ਗਲੀਆਂ ਵਿੱਚ ਏਨਾ ਜਮ੍ਹਾ ਹੋ ਜਾਂਦਾ ਹੈ ਜਿਵੇਂ ਕੋਈ ਤਲਾਬ ਹੋਵੇ।ਇਸ ਗੰਦੇ ਪਾਣੀ ਵਿੱਚ ਤਰ੍ਹਾਂ-ਤਰ੍ਹਾਂ ਦੇ ਜੀਵ ਜੰਤੂ ਪੈਦਾ ਹੋ ਰਹੇ ਹਨ, ਜਿਸ ਦੇ ਕਾਰਨ ਨਜ਼ਦੀਕ ਦੇ ਲੋਕਾਂ ਨੂੰ ਭਿਆਨਕ ਬਿਮਾਰੀ ਫੈਲਣ ਦਾ ਖਤਰਾ ਬਣਿਆ ਹੋਇਆ ਹੈ।ਇਨ੍ਹਾਂ ਲੋਕਾਂ ਦੀ ਵਾਰ-ਵਾਰ ਮੰਗ ਕਰਨ ਦੇ ਬਾਵਜੂਦ ਅਜੇ ਤੱਕ ਕੋਈ ਹੱਲ ਨਹੀਂ ਹੋਇਆ। ਨਵੀਂ ਚੁਣੀ ਸਰਪੰਚ ਸੁਖਜਿੰਦਰ ਕੌਰ ਨੇ ਬੋਲਦੇ ਹੋਏ ਕਿਹਾ ਕਿ ਜੋ ਮਾਣ ਪਿੰਡ ਦੇ ਲੋਕਾਂ ਨੇ ਉਨ੍ਹਾਂ ਨੂੰ ਦਿੱਤਾ ਉਸ ਦਾ ਅਸਾਨ ਪਿੰਡ ਤੇ ਪਏ ਅਧੂਰੇ ਕੰਮਾਂ ਨੂੰ ਪੂਰਾ ਕਰਕੇ ਉਤਾਰਨ ਦੀ ਕੋਸ਼ਿਸ਼ ਕਰਾਂਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਪਿੰਡ ਵਿੱਚ ਪਏ ਅਧੂਰੇ ਕੰਮ ਤੇ ਪਿੰਡ ਦੀ ਸਭ ਤੋਂ ਵੱਡੀ ਸਮੱਸਿਆ ਗੰਦੇ ਪਾਣੀ ਦੀ ਨਿਕਾਸੀ ਪਹਿਲ ਦੇ ਅਧਾਰ 'ਤੇ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ।ਇਸ ਦੇ ਨਾਲ ਹੀ ਪਿੰਡ ਦੇ ਜੋ ਬੱਚੇ ਸਿੱਖਿਆ ਹਾਸਲ ਕਰਨ ਲਈ ਪਿੰਡ ਤੋਂ ਬਾਹਰ ਜਾਂਦੇ ਹਨ, ਉਨ੍ਹਾਂ ਲਈ ਪਿੰਡ ਵਿੱਚ ਹੀ ਮਿਡਲ ਸਕੂਲ ਨੂੰ ਅਪਗ੍ਰੇਡ ਕਰਕੇ ਹਾਈ ਸਕੂਲ ਦੀ ਮੰਗ ਪੰਜਾਬ ਸਰਕਾਰ ਦੇ ਕੋਲ ਰੱਖੀ ਜਾਵੇਗੀ ਤਾਂ ਜੁ ਪਿੰਡ ਦਾ ਮਿਡਲ ਸਕੂਲ ਹਾਈ ਸਕੂਲ ਵਿੱਚ ਤਬਦੀਲ ਹੋ ਸਕੇ।

ਜ਼ਿਲ੍ਹਾ ਕੋਆਪ੍ਰੇਟਿਵ ਰਿਟਾਇਰੀਜ਼ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ

ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਜ਼ਿਲ੍ਹਾ ਕੋਆਪ੍ਰੇਟਿਵ ਰਿਟਾਇਰੀਜ਼ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਚੇਅਰਮੈਨ ਸੰਤੋਖ ਸਿੰਘ ਭੰਡਾਰੀ ਸੰਯੁਕਤ ਰਜਿਟਰਾਰ (ਸੇਵਾ ਮੁਕਤ) ਸਹਿਕਾਰਤਾ ਵਿਭਾਗ ਦੀ ਪ੍ਰਧਾਨਗੀ ਹੇਠ ਦਿ ਮੁਕਤਸਰ ਕੇਂਦਰੀ ਸਹਿਕਾਰੀ ਬੈਂਕ ਲਿਮ. ਮੁਕਤਸਰ ਦੇ ਕੋਟਕਪੂਰਾ ਰੋਡ ਸ਼੍ਰੀ ਮੁਕਤਸਰ ਸਾਹਿਬ ਦੇ ਮੁੱਖ ਦਫ਼ਤਰ ਵਿਖੇ ਕੀਤੀ ਗਈ।ਮੀਟਿੰਗ ਦੌਰਾਨ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਬਲਜੀਤ ਸਿੰਘ ਅਸਿਸਟੈਂਟ ਵੱਲੋਂ ਨਿਭਾਈ ਗਈ।ਮੀਟਿੰਗ ਦੀ ਸ਼ੁਰੂਆਤ ਵਿੱਚ ਚੌਧਰੀ ਬਲਵੀਰ ਸਿੰਘ ਵੱਲੋਂ ਪੈਨਸ਼ਨਰ ਮੁਲਾਜ਼ਮਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਬਕਾਇਆ ਏਰੀਅਰਜ਼ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ। ਇਹ ਵੀ ਦੱਸਿਆ ਗਿਆ ਕਿ ਸਾਂਝੇ ਪੈਨਸ਼ਨਰ ਫਰੰਟ ਦੀ 22 ਅਤਕੂਬਰ ਨੂੰ ਮੁਹਾਲੀ ਵਿਖੇ ਹੋਣ ਵਾਲੀ ਰੈਲੀ ਮੁਲਤਵੀ ਕਰਕੇ ਹੁਣ ਚਾਰ ਬਲਾਕਾਂ ਵਿੱਚ ਜਿੱਥੇ ਜ਼ਿਮਨੀ ਚੋਣ ਹੋਣ ਜਾ ਰਹੀ ਹੈ।ਇਨ੍ਹਾਂ ਬਲਾਕਾਂ ਵਿੱਚ ਸਰਕਾਰ ਵਿਰੁੱਧ ਵਿਖਾਵਾ ਕੀਤਾ ਜਾਣਾ ਹੈ ਤੇ ਪੈਨਸ਼ਨਰਾਂ ਦੀਆਂ ਮੰਗਾਂ ਪੂਰੀਆਂ ਕਰਨ ਲਈ ਲੋਕਾਂ ਨੂੰ ਜਾਣੂ ਕਰਾਇਆ ਜਾਵੇਗਾ।ਗੁਰਮੇਜ ਸਿੰਘ ਮੈਨੇਜਰ ਵੱਲੋਂ ਰੋਜ਼ਮਰ੍ਹਾ ਦੀ ਜ਼ਿੰਦਗੀ ਦੇ ਤੌਰ ਤਰੀਕਿਆਂ ਤੇ ਗੁਰਬਾਣੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਦੇ ਅੰਤ ਵਿੱਚ ਚੇਅਰਮੈਨ ਵੱਲੋਂ ਸਾਰਿਆਂ ਦਾ ਧੰਨਵਾਦ ਕਰਦੇ ਹੋਏ ਸਮੂਹ ਮੈਂਬਰਾਂ ਨੂੰ ਦੀਵਾਲੀ ਦੀਆਂ ਵਧਾਈਆਂ ਵੀ ਦਿੱਤੀਆਂ ਗਈਆਂ।

ਸਰਪੰਚ ਬਣਨ ਦੀ ਖੁਸ਼ੀ 'ਚ ਸੁਖਮਨੀ ਸਾਹਿਬ ਦਾ ਪਾਠ ਕਰਾਇਆ

ਕੋਟਕਪੂਰਾ (ਰਛਪਾਲ ਭੁੱਲਰ)-ਪਿੰਡ ਵਾਂਦਰ ਜਟਾਣਾ ਵਿਖੇ ਕੌਰ ਸਿੰਘ ਦੇ ਪਰਿਵਾਰ ਵੱਲੋਂ ਸਰਬਸੰਮਤੀ ਨਾਲ ਉਨ੍ਹਾਂ ਦੀ ਸੁਪਤਨੀ ਸ਼੍ਰੀਮਤੀ ਪਰਮਜੀਤ ਕੌਰ ਦੇ ਸਰਪੰਚ ਬਣਨ ਦੀ ਖੁਸ਼ੀ ਵਿੱਚ ਪਿੰਡ ਵਾਂਦਰ ਜਟਾਣਾ ਦੇ ਗੁਰਦੁਆਰਾ ਸਾਹਿਬ ਵਿੱਚ ਸੁਖਮਨੀ ਸਾਹਿਬ ਦਾ ਪਾਠ ਕਰਾਇਆ ਗਿਆ।ਇਸ ਮੌਕੇ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ, ਮਨਪ੍ਰੀਤ ਸਿੰਘ ਧਾਲੀਵਾਲ ਪੀ.ਆਰ.ਓ. ਸਪੀਕਰ ਕੁਲਤਾਰ ਸਿੰਘ ਸੰਧਵਾਂ, ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਮਾਰਕੀਟ ਕਮੇਟੀ ਕੋਟਕਪੂਰਾ ਅਤੇ ਸੁਖਵਿੰਦਰ ਸੁੱਖੀ ਜ਼ਿਲ੍ਹਾ ਪ੍ਰਧਾਨ ਡੀ.ਟੀ.ਐੱਫ. ਨੇ ਸ਼ਿਰਕਤ ਕੀਤੀ।ਪਰਮਿੰਦਰ ਸਿੰਘ ਪ੍ਰਧਾਨ ਵੱਲੋਂ ਆਏ ਮਹਿਮਾਨਾਂ ਅਤੇ ਨਗਰ ਨਿਵਾਸੀਆਂ ਦਾ ਸਵਾਗਤ ਕੀਤਾ ਗਿਆ।ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਨੇ ਪਿੰਡ ਵਾਸੀਆਂ ਨੂੰ ਸਰਬਸੰਮਤੀ ਨਾਲ ਸਰਪੰਚ ਚੁਨਣ ਲਈ ਵਧਾਈ ਦਿੱਤੀ।ਸਰਬਸੰਮਤੀ ਨਾਲ ਚੁਣੀ ਪੰਚਾਇਤ ਨੂੰ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਭਾਵੇਂ ਨੌਂ ਮੈਂਬਰਾਂ 'ਚੋਂ ਇੱਕ ਮੈਂਬਰ ਵੋਟਾਂ ਨਾਲ ਚੁਣਿਆ ਗਿਆ, ਪਰ ਇਸ ਦੇ ਬਾਵਜੂਦ ਵੀ ਪਿੰਡ ਵੱਲੋਂ ਸਰਪੰਚ ਤੇ 8 ਮੈਂਬਰ ਸਰਬਸੰਮਤੀ ਨਾਲ ਚੁਣਨ 'ਤੇ 5 ਲੱਖ ਦੇਣ ਦਾ ਐਲਾਨ ਕੀਤਾ।ਮਨਪ੍ਰੀਤ ਸਿੰਘ ਮਨੀ ਧਾਲੀਵਾਲ ਵੱਲੋਂ ਵੀ ਨਵੇਂ ਬਣੀ ਪੰਚਾਇਤ ਤੇ ਪਿੰਡ ਵਾਸੀਆਂ ਨੂੰ ਵਧਾਈ ਦਿੱਤੀ ਗਈ।ਡੀ.ਟੀ.ਐੱਫ ਪ੍ਰਧਾਨ ਸੁਖਵਿੰਦਰ ਸੁੱਖੀ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

ਝੋਨੇ ਦੀ ਖਰੀਦ ਨਾ ਹੋਣ ਤੋਂ ਦੁਖੀ ਕਿਸਾਨਾਂ ਨੂੰ ਪੁਲਸ ਪਰਾਲੀ ਕਾਰਨ ਹੋਰ ਪ੍ਰੇਸ਼ਾਨ ਕਰਨ ਲੱਗੀ

ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਪੰਜਾਬ ਪੁਲਸ ਨੂੰ ਚੇਤਾਵਨੀ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਲਗਭਗ 20-21 ਦਿਨ ਬੀਤਣ ਦੇ ਬਾਵਜੂਦ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਨਾ ਸ਼ੁਰੂ ਹੋਣ ਕਾਰਨ ਤੇ ਪ੍ਰਾਈਵੇਟ ਖਰੀਦਦਾਰਾਂ ਵੱਲੋਂ ਝੋਨੇ ਉੱਪਰ ਕੱਟ ਲਗਾਉਣ ਤੋਂ ਪ੍ਰੇਸ਼ਾਨ ਕਿਸਾਨਾਂ ਦੀਆਂ ਮੁਸ਼ਕਲਾਂ ਹਾਲੇ ਘੱਟ ਨਹੀਂ ਹੋਈਆਂ ਹਨ, ਪਰ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਪੰਜਾਬ ਪੁਲਸ ਨੇ ਕਿਸਾਨਾਂ ਨੂੰ ਪਰਾਲੀ ਵਾਲੇ ਮਸਲੇ 'ਤੇ ਤੰਗ ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਹੈ।ਇਸ ਦਾ ਤਾਜ਼ਾ ਮਸਲਾ ਬੁਰਜ ਮੱਖਣ ਸਿੰਘ ਵਾਲੇ ਦਾ ਸਾਹਮਣੇ ਆਇਆ ਹੈ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ ਨੇ ਦੱਸਿਆ ਕਿ ਇੱਕ ਪਾਸੇ ਕਿਸਾਨਾਂ ਦੀ ਫਸਲ 20 ਦਿਨ ਤੋਂ ਮੰਡੀਆਂ ਵਿੱਚ ਰੁਲ ਰਹੀ ਹੈ, ਜਿਸ ਨੂੰ ਖ਼ੀਦਣ ਲਈ ਸਰਕਾਰ ਨੇ ਹਾਲੇ ਤੱਕ ਵੀ ਕੋਈ ਢੁੱਕਵੇਂ ਪ੍ਰਬੰਧ ਨਹੀਂ ਕੀਤੇ, ਪ੍ਰੰਤੂ ਦੂਜੇ ਪਾਸੇ ਕਿਸਾਨਾਂ ਨੂੰ ਪਰਾਲੀ ਵਾਲੇ ਮਸਲੇ 'ਤੇ ਪੰਜਾਬ ਪੁਲਸ ਵੱਲੋਂ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਅਤੇ ਪਿੰਡਾਂ ਵਿੱਚ ਪ੍ਰਸ਼ਾਸਨ ਲਗਾਤਾਰ ਗੇੜੇ ਕੱਢ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਜ ਥਾਣਾ ਲੱਖੋ ਕੇ ਬਹਿਰਾਮ ਦੇ ਪੁਲਸ ਮੁਲਾਜ਼ਮਾਂ ਵੱਲੋਂ ਕੁੱਝ ਕਿਸਾਨਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਗਿਆ ਹੈ ਕਿ ਸਾਨੂੰ ਸੈਟੇਲਾਈਟ ਵੱਲੋਂ ਲੋਕੇਸ਼ਨ ਦੱਸੀ ਗਈ ਹੈ ਕਿ ਇਸ ਜਗ੍ਹਾ 'ਤੇ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਾਈ ਗਈ ਹੈ, ਜਦਕਿ ਕਿਸੇ ਵੀ ਕਿਸਾਨ ਵੱਲੋਂ ਹਾਲੇ ਤੱਕ ਪਰਾਲੀ ਨੂੰ ਅੱਗ ਨਹੀਂ ਲਾਈ ਗਈ।ਪੁਲਸ ਦੀ ਇਸ ਕਾਰਵਾਈ ਤੋਂ ਗੁੱਸੇ ਹੋਏ ਕਿਸਾਨਾਂ ਨੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੀ ਅਗਵਾਈ ਵਿੱਚ ਇਕੱਠ ਕਰਕੇ ਪੁਲਸ ਨੂੰ ਚੇਤਾਵਨੀ ਦਿੱਤੀ ਹੈ ਕਿ ਅੱਗੇ ਤੋਂ ਅਜਿਹਾ ਕਰਨ ਤੋਂ ਗ਼ੁਰੇਜ਼ ਕੀਤਾ ਜਾਵੇ, ਨਹੀਂ ਤਾਂ ਪਿੰਡਾਂ ਵਿੱਚ ਆਉਣ ਵਾਲੀਆਂ ਪੁਲਸ ਦੀਆਂ ਟੀਮਾਂ ਦਾ ਕਿਸਾਨਾਂ ਵੱਲੋਂ ਜ਼ਬਰਦਸਤ ਵਿਰੋਧ ਕੀਤਾ ਜਾਵੇਗਾ।ਇਸ ਮੌਕੇ ਬਲਾਕ ਪ੍ਰਧਾਨ ਗੁਰਭੇਜ ਸਿੰਘ ਲੋਹੜਾ ਨਵਾਬ, ਬੂਟਾ ਸਿੰਘ ਹਾਮਦ, ਹਰਵਿੰਦਰ ਸਿੰਘ ਨੰਬਰਦਾਰ, ਭੋਗਰ ਸਿੰਘ ਬੁਰਜ, ਸੁਖ ਮੇਹਰ ਸਿੰਘ ਬੁਰਜ ਆਦਿ ਆਗੂਆਂ ਦੀ ਅਗਵਾਈ ਵਿੱਚ ਦਰਜਨਾਂ ਕਿਸਾਨ ਹਾਜ਼ਰ ਸਨ।

ਸੜਕ ਹਾਦਸੇ 'ਚ ਜ਼ਖਮੀ ਮੋਟਰਸਾਈਕਲ ਸਵਾਰ ਦੀ ਮੌਤ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਉਦਯੋਗਿਕ ਨਗਰੀ ਮੰਡੀ ਗੋਬਿੰਦਗੜ੍ਹ ਵਿਖੇ ਬੀਤੇ ਦਿਨ ਵਾਪਰੇ ਇੱਕ ਸੜਕ ਹਾਦਸੇ 'ਚ ਗੰਭੀਰ ਜ਼ਖਮੀ ਹੋਏ ਮੋਟਰਸਾਈਕਲ ਸਵਾਰ ਦੀ ਇਲਾਜ ਦੌਰਾਨ ਮੌਤ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਰਮੇਸ਼ ਕੁਮਾਰ ਵਾਸੀ ਲਾਡਪੁਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ 18 ਅਕਤੂਬਰ ਨੂੰ ਜਦੋਂ ਉਸ ਦਾ ਭਰਾ ਰਾਮ ਨਰੇਸ਼ ਮੋਟਰਸਾਈਕਲ 'ਤੇ ਸਵਾਰ ਹੋ ਕੇ ਮੰਡੀ ਗੋਬਿੰਦਗੜ੍ਹ ਦੇ ਅਮਲੋਹ ਰੋਡ ਵਿਖੇ ਸਥਿਤ ਮਹਾਦੇਵ ਕੰਡੇ ਕੋਲੋਂ ਲੰਘ ਰਿਹਾ ਸੀ ਤਾਂ ਸਾਹਮਣੇ ਤੋਂ ਤੇਜ਼ ਰਫਤਾਰ ਨਾਲ ਆ ਰਹੀ ਕਾਰ ਨੰਬਰ ਪੀ ਬੀ 70-3313 ਨੇ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ।ਇਸ ਹਾਦਸੇ 'ਚ ਰਾਮ ਨਰੇਸ਼ ਗੰਭੀਰ ਜ਼ਖਮੀ ਹੋ ਗਿਆ, ਜਿਸ ਦੀ ਇਲਾਜ ਦੌਰਾਨ ਮੌਤ ਹੋ ਗਈ।ਰਮ

22-Oct-PAGE-11.qxd 10/21/2024 11:11 PM Page 1

ਪੰਚਾਇਤੀ ਚੋਣਾਂ ਦੇ ਨਤੀਜੇ ਨੇ 2027 ਦੀ ਜਿੱਤ ਲਈ ਰਾਹ ਪੱਧਰਾ ਕੀਤਾ : ਧਾਲੀਵਾਲ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਅਜਨਾਲਾ ਹਲਕੇ ਵਿੱਚ ਆਮ ਆਦਮੀ ਪਾਰਟੀ ਦੀ ਹਮਾਇਤ ਨਾਲ ਬਣੀਆਂ 155 ਪੰਚਾਇਤਾਂ ਦੇ ਪੰਚਾਂ ਸਰਪੰਚਾਂ ਦੇ ਮਾਣ ਸਨਮਾਨ ਵਿੱਚ ਕਰਵਾਏ ਫਤਿਹ ਸਨਮਾਨ ਦਿਵਸ ਸਮਾਰੋਹ ਨੂੰ ਸੰਬੋਧਨ ਕਰਦੇ ਕੈਬਨਿਟ ਮੰਤਰੀਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਇਨ੍ਹਾਂ ਚੋਣਾਂ ਦੇ ਨਤੀਜੇ ਨੇ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀ ਜਿੱਤ ਲਈ ਰਾਹ ਪੱਧਰਾ ਕੀਤਾ ਹੈ । ਉਹਨਾਂ ਕਿਹਾ ਕਿ ਲੋਕਾਂ ਨੇ ਫਤਵਾ ਦੇ ਕੇ ਸਿੱਧ ਕਰ ਦਿੱਤਾ ਹੈ ਕਿ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੰਮ ਕਰ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹਨ। ਉਹਨਾਂ ਕਿਹਾ ਕਿ ਅਸੀਂ ਨਾ ਕਿਸੇ ਦੇ ਕਾਗਜ਼ ਰੱਦ ਕਰਵਾਏ, ਨਾ ਕਿਸੇ ਉੱਤੇ ਪਰਚੇ ਕਰਵਾਏ, ਇਹ ਲੋਕਾਂ ਨੇ ਵੋਟਾਂ ਪਾ ਕੇ ਸਰਪੰਚ ਚੁਣੇ ਹਨ। ਅਜਨਾਲਾ ਹਲਕੇ ਦੀ ਗੱਲ ਕਰਦੇ ਉਹਨਾਂ ਕਿਹਾ ਕਿ ਮੈਂ ਪਿਛਲੇ ਕਰੀਬ ਢਾਈ ਸਾਲਾਂ ਵਿੱਚ 325 ਕਰੋੜ ਰੁਪਏ ਅਜਨਾਲਾ ਹਲਕੇ ਦੇ ਵਿਕਾਸ ਉੱਤੇ ਲਗਾ ਦਿੱਤੇ ਹਨ । ਉਹਨਾਂ ਕਿਹਾ ਕਿ ਬੀਤੇ ਦਿਨ ਹੀ ਮੁੱਖ ਮੰਤਰੀ ਪੰਜਾਬ ਨੇ 2400 ਕਰੋੜ ਰੁਪਿਆ ਪੰਜਾਬ ਭਰ ਵਿੱਚ ਸੜਕਾਂ ਬਣਾਉਣ ਲਈ ਜਾਰੀ ਕੀਤਾ ਹੈ, ਜਿਸ ਵਿੱਚੋਂ ਅਜਨਾਲਾ ਹਲਕੇ ਨੂੰ 60 ਕਰੋੜ ਰੁਪਏ ਮਿਲੇ ਹਨ। ਉਹਨਾਂ ਪੰਚਾਂ ਸਰਪੰਚਾਂ ਨੂੰ ਮੁਖਾਤਬ ਹੁੰਦੇ ਕਿਹਾ ਕਿ ਤੁਸੀਂ ਲੋਕਾਂ ਨੂੰ ਨਾਲ ਲੈ ਕੇ ਵਿਕਾਸ ਕਰੋ, ਸਰਕਾਰੀ ਦਫਤਰਾਂ ਵਿੱਚ ਤੁਹਾਡਾ ਮਾਣ ਸਨਮਾਨ ਪੂਰਾ ਹੋਵੇਗਾ ਅਤੇ ਜਿੱਥੇ ਵੀ ਕੋਈ ਲਾਪਰਵਾਹੀ ਹੋਈ ਉੱਥੇ ਕਾਰਵਾਈ ਕਰਾਂਗੇ ।ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਜੇਤੂ ਪੰਚਾਇਤਾਂ ਨੂੰ ਵਧਾਈ ਦਿੰਦੇ ਕਿਹਾ ਕਿ ਤੁਹਾਡੀ ਜਿੱਤ ਨੇ ਵਿਰੋਧੀਆਂ ਦੇ ਮੂੰਹ ਬੰਦ ਕਰ ਦਿੱਤੇ ਹਨ, ਜੋ ਕਹਿੰਦੇ ਸਨ ਕਿ ਸਾਡਾ ਪਿੰਡਾਂ ਵਿੱਚ ਕੇਡਰ ਨਹੀਂ ਹੈ । ਉਹਨਾਂ ਕਿਹਾ ਕਿ ਤੁਸੀਂ ਸਿੱਧ ਕਰ ਦਿੱਤਾ ਹੈ ਕਿ ਲੋਕ ਵਿਕਾਸ ਚਾਹੁੰਦੇ ਹਨ ਨਾ ਕਿ ਗੱਲਾਂ ਦਾ ਕੜਾਹ। ਉਹਨਾਂ ਕਿਹਾ ਕਿ ਤੁਸੀਂ ਸਰਕਾਰ ਦੀਆਂ ਨੀਤੀਆਂ ਉੱਤੇ ਚੱਲਦੇ ਹੋਏ ਵਿਕਾਸ ਦੇ ਮੁੱਦੇ ਉੱਤੇ ਚੋਣ ਲੜੀ ਅਤੇ ਜਿੱਤਾਂ ਪ੍ਰਾਪਤ ਕੀਤੀਆਂ। ਇਸ ਮੌਕੇ ਵਿਧਾਇਕ ਇੰਦਰਬੀਰ ਸਿੰਘ ਨਿੱਜਰ ਨੇ ਪੰਚਾਂ ਸਰਪੰਚਾਂ ਨੂੰ ਕਿਹਾ ਕਿ ਹੁਣ ਤੁਸੀਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੰਮ ਕਰੋ। ਇਸ ਮੌਕੇ ਅਮਨਦੀਪ ਕੌਰ ਧਾਲੀਵਾਲ ਨੇ ਕਿਹਾ ਕਿ ਤੁਸੀਂ ਪਿਛਲੀਆਂ ਸਰਕਾਰਾਂ ਦੀ ਰੀਸ ਨਹੀਂ ਕਰਨੀ ਬਲਕਿ ਕੰਮ ਕਰਨਾ ਹੈ। ਕਿਸੇ ਵੀ ਪਿੰਡ ਵਾਸੀ ਨੂੰ ਝੂਠੇ ਕੇਸਾਂ ਵਿੱਚ ਫਸਾਉਣਾ ਨਹੀਂ। ਇਸ ਮੌਕੇ ਪੰਚਾਇਤ ਪ੍ਰਕਾਸ਼ਨਾਂ ਦਾ ਕਿਤਾਬਚਾ ਜਾਰੀ ਕਰਕੇ ਪੰਚਾਂ ਸਰਪੰਚਾਂ ਨੂੰ ਉਹਨਾਂ ਦੇ ਹੱਕਾਂ ਅਤੇ ਕਾਨੂੰਨੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਗਈ।ਹੋਰਨਾਂ ਤੋਂ ਇਲਾਵਾ ਇਸ ਮੌਕੇ ਚੇਅਰਮੈਨ ਅਸ਼ੋਕ ਤਲਵਾਰ, ਚੇਅਰਮੈਨ ਜਸਪ੍ਰੀਤ ਸਿੰਘ, ਤਲਬੀਰ ਸਿੰਘ ਗਿੱਲ, ਇਕਬਾਲ ਸਿੰਘ ਭੁੱਲਰ, ਚੇਅਰਮੈਨ ਬਲਦੇਵ ਸਿੰਘ ਮਿਆਦੀਆਂ, ਗੁਰਸ਼ਰਨ ਸਿੰਘ ਛੀਨਾ, ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਥਾਂਦੇ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਜੱਸਾ ਸਿੰਘ ਆਹਲੂਵਾਲੀਆ ਦੀ ਸਲਾਨਾ ਬਰਸੀ 23 ਨੂੰ ਮਨਾਈ ਜਾਵੇਗੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੀ ਅਗਵਾਈ ਤੇ ਪ੍ਰਬੰਧਾਂ ਹੇਠ 23 ਅਕਤੂਬਰ ਨੂੰ ਮਨਾਈ ਜਾਣ ਵਾਲੀ ਸੁਲਤਾਨ ਉਲ-ਏ-ਕੌਮ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ ਸਲਾਨਾ ਬਰਸੀ ਦੀਆਂ ਤਿਆਰੀਆਂ ਬੁੱਢਾ ਦਲ ਵੱਲੋਂ ਮੁਕੰਮਲ ਕਰ ਲਈਆਂ ਗਈਆਂ ਹਨ। ਸ਼੍ਰੋਮਣੀ ਪੰਥ ਅਕਾਲੀ ਬਾਬਾ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਹੇਠ ਗੁਰਦੁਆਰਾ ਮਲ ਅਖਾੜਾ ਪਾ: ਛੇਵੀਂ ਛਾਉਣੀ ਬੁੱਢਾ ਦਲ ਵਿਖੇ ਗੁਰਮਤਿ ਪ੍ਰੰਪਰਾਵਾਂ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਆਰੰਭ ਹੋ ਗਏ ਹਨ, ਜਿਸ ਦੇ ਭੋਗ 23 ਅਕਤੂਬਰ ਨੂੰ ਪਾਏ ਜਾਣਗੇ।ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸਿੱਖ ਕੌਮ ਦੇ ਮਹਾਨ ਜਰਨੈਲ ਬੁੱਢਾ ਦਲ ਦੇ ਚੌਥੇ ਜਥੇਦਾਰ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ 241ਵੀਂ ਬਰਸੀ ਪੂਰਨ ਸ਼ਰਧਾ ਸਤਿਕਾਰ ਤੇ ਖਾਲਸਾਈ ਪ੍ਰੰਪਰਾ ਅਨੁਸਾਰ ਮਨਾਈ ਜਾਵੇਗੀ। ਉਨ੍ਹਾਂ ਕਿਹਾ 23 ਅਕਤੂਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਭੋਗ 12 ਵਜੇ ਪਵੇਗਾ ਉਪਰੰਤ ਗੁਰਮਤਿ ਸਮਾਗਮ ਹੋਵੇਗਾ, ਜਿਸ ਵਿਚ ਧਾਰਮਿਕ ਸ਼ਖ਼ਸੀਅਤਾਂ, ਰਾਗੀ, ਢਾਡੀ, ਕਥਾਵਾਚਕ ਤੇ ਪ੍ਰਚਾਰਕ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਸਤਿਕਾਰ ਭੇਟ ਕਰਨਗੇ। ਉਪਰੰਤ ਬੇਬੇ ਨਾਨਕੀ ਇਸਤਰੀ ਸਤਿਸੰਗ ਸਭਾ ਵੱਲੋਂ ਲਗਾਤਾਰ ਗੁਰਮਤਿ ਸਮਾਗਮ ਹੋਵੇਗਾ।

ਸਰਕਾਰੀ ਕੰਨਿਆ ਸੀਨੀ: ਸੈਕੰ : ਸਕੂਲ ਡੇਰਾ ਬਾਬਾ ਨਾਨਕ ਵਿਖੇ ਸਵੀਪ ਗਤੀਵਿਧੀਆਂ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਤੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ-ਕਮ-ਜ਼ਿਲ੍ਹਾ ਸਿੱਖਿਆ ਅਫ਼ਸਰ ਪਰਮਜੀਤ ਕੌਰ ਦੀ ਅਗਵਾਈ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਡੇਰਾ ਬਾਬਾ ਨਾਨਕ ਵਿਖੇ ਜ਼ਿਲ੍ਹਾ ਸਵੀਪ ਟੀਮ ਵੱਲੋਂ ਪਹੁੰਚ ਕੇ ਵੋਟਰਾਂ ਨੂੰ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ-ਕਮ-ਜ਼ਿਲ੍ਹਾ ਸਿੱਖਿਆ ਅਫ਼ਸਰ ਪਰਮਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਸਵੀਪ ਟੀਮ ਵੱਲੋਂ ਉੱਪ ਚੋਣ 2024 ਡੇਰਾ ਬਾਬਾ ਨਾਨਕ ਵਿਖੇ ਸਵੀਪ ਗਤੀਵਿਧੀਆਂ ਦੁਆਰਾ ਆਮ ਨਾਗਰਿਕਾਂ ਤੇ ਵਿਦਿਆਰਥੀਆਂ ਨੂੰ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਪ੍ਰਤੀ ਪ੍ਰੇਰਿਤ ਕੀਤਾ ਗਿਆ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਬਿਨਾਂ ਕਿਸੇ ਡਰ, ਭੈਅ ਤੇ ਲਾਲਚ ਤੋਂ ਵੋਟ ਦਾ ਅਧਿਕਾਰ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨ ਲਈ ਵਿਦਿਆਰਥੀਆਂ ਵਿੱਚ ਮਹਿੰਦੀ ਲਗਾਉਣ ਦੇ ਮੁਕਾਬਲੇ, ਭਾਸ਼ਣ ਮੁਕਾਬਲੇ ਵੀ ਕਰਵਾਏ ਗਏ।ਇਸ ਦੌਰਾਨ ਸਹਾਇਕ ਨੋਡਲ ਅਫ਼ਸਰ ਸਵੀਪ ਮੈਂਬਰ ਵੱਲੋਂ ਵੋਟਰ ਪ੍ਰਣ ਕਰਵਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਕਮ ਹਲਕਾ ਨੋਡਲ ਅਫ਼ਸਰ ਸਵੀਪ ਰੁਪਿੰਦਰਜੀਤ ਧਾਲੀਵਾਲ ਵੱਲੋਂ ਜ਼ਿਲ੍ਹਾ ਸਵੀਪ ਟੀਮ ਦਾ ਸਕੂਲ ਪਹੁੰਚਣ 'ਤੇ ਧੰਨਵਾਦ ਕੀਤਾ। ਇਸ ਦੌਰਾਨ ਸਹਾਇਕ ਨੋਡਲ ਅਫ਼ਸਰ ਜ਼ਿਲ੍ਹਾ ਗਾਇਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ, ਜ਼ਿਲ੍ਹਾ ਸਵੀਪ ਮੀਡੀਆ ਇੰਚਾਰਜ ਗਗਨਦੀਪ ਸਿੰਘ, ਸਵੀਪ ਮੈਂਬਰ ਸੰਦੀਪ ਸਿੰਘ, ਪ੍ਰਿੰਸੀਪਲ ਕਮ ਹਲਕਾ ਨੋਡਲ ਅਫ਼ਸਰ ਸਵੀਪ ਸੁਰਿੰਦਰ ਕੁਮਾਰ, ਗੁਰਮੀਤ ਸਿੰਘ ਬਾਜਵਾ, ਡੀ.ਈ.ਓ. ਦਫ਼ਤਰ ਤੋਂ ਅਨੂੰ ਅਰੋੜਾ, ਮਲਕਿੰਦਰ ਸਿੰਘ, ਕੰਵਲਜੀਤ ਸੋਢੀ, ਦਵਿੰਦਰ ਕੌਰ, ਗੁਰਮੀਤ ਕੌਰ, ਸੁਖਜਿੰਦਰ ਕੌਰ, ਲਵ ਕੁਮਾਰ ਸਮੇਤ ਸਮੂਹ ਸਟਾਫ ਅਮਨਪ੍ਰੀਤ ਕੌਰ, ਬਲਜਿੰਦਰ ਸਿੰਘ ਕੈਂਪਸ ਮੈਨੇਜਰ ਹਰਪਾਲ ਸਿੰਘ, ਪਲਵਿੰਦਰ ਸਿੰਘ ਹਾਜ਼ਰ ਸਨ ।

ਆਇਓਡੀਨ ਯੁਕਤ ਲੂਣ ਤੇ ਇਸ ਦੇ ਫਾਇਦਿਆਂ ਬਾਰੇ ਮਰੀਜ਼ਾਂ ਨੂੰ ਕੀਤਾ ਜਾਗਰੂਕ : ਡਾ. ਕਰਨਵੀਰ ਸਿੰਘ

ਚੋਹਲਾ ਸਾਹਿਬ (ਰਮਨ ਚੱਡਾ)-ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾ. ਕਰਨਵੀਰ ਸਿੰਘ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਮਰੀਜ਼ਾਂ ਨੂੰ ਆਇਓਡੀਨ ਯੁਕਤ ਲੈਣ ਦੀ ਪਹਿਚਾਣ ਅਤੇ ਇਸ ਦੇ ਫਾਇਦਿਆਂ ਬਰੇ ਜਾਗਰੂਕ ਕੀਤਾ ਗਿਆ। ਇਸ ਸਮੇਂ ਡਾਕਟਰ ਕਰਨਵੀਰ ਸਿੰਘ ਨੇ ਦੱਸਿਆ ਕਿ ਜੱਚਾ ਬੱਚਾ ਦੀ ਤੰਦਰੁਸਤੀ ਲਈ ਅਤੇ ਗਰਭ ਵਿੱਚ ਪਲ ਰਹੇ ਬੱਚੇ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਪੂਰੇ ਪਰਵਾਰ ਲਈ ਭੋਜਨ ਵਿੱਚ ਆਇਓਡੀਨ ਵਾਲੇ ਲੂਣ ਦੀ ਵਰਤੋਂ ਕਰੋ।

ਉਹਨਾਂ ਦੱਸਿਆ ਕਿ ਆਇਓਡੀਨ ਲੂਣ ਲੈਣ ਨਾਲ ਥਾਇਰਾਇਡ ਸਾਡੇ ਸਰੀਰ ਵਿੱਚ ਇੱਕ ਗਲੈਂਡ ਹੈ ਜੋ ਕਿ ਇੱਕ ਖਾਸ ਤੱਤ ਬਣਾਉਂਦਾ ਹੈ ਜੋ ਕਿ ਸਾਡੇ ਸਰੀਰ ਦੇ ਚੰਗੇ ਤਰੀਕੇ ਨਾਲ ਕੰਮ ਕਰਨ ਵਿੱਚ ਮਦਦ ਕਰਦਾ ਜੋ ਹੱਡੀਆਂ ਅਤੇ ਨਸਾਂ ਦਾ ਵਿਕਾਸ ਵੀ ਕਰਦਾ ਹੈ। ਉਹਨਾਂ ਦੱਸਿਆ ਕਿ ਆਇਓਡੀਨ ਵਾਲਾ ਲੂਣ ਨਾ ਖਾਣ ਨਾਲ ਬੱਚਾ ਮੰਦਬੁੱਧੀ, ਭੈਂਗਾ, ਗੂੰਗਾ ਅਤੇ ਬੋਲਾ ਪੈਦਾ ਹੁੰਦਾ ਹੈ, ਸਰੀਰਕ ਵਿਕਾਸ ਵਿੱਚ ਕਮੀ ਅਤੇ ਘੱਟ ਬੁੱਧੀ ਹੁੰਦੀ ਹੈ, ਗਿੱਲੜ੍ਹ ਰੋਗ, ਗਰਭਵਤੀ ਔਰਤ ਦਾ ਗਰਭਪਾਤ, ਜਮਾਂਦਰੂ ਨੁਕਸ ਵਾਲਾ ਜਾਂ ਮਰਿਆ ਹੋਇਆ ਬੱਚਾ ਪੈਦਾ ਹੁੰਦਾ ਹੈ। ਇਸ ਸਮੇਂ ਡਾ. ਕਰਨਵੀਰ ਸਿੰਘ ਨੇ ਸਮੂਹ ਸਿਹਤ ਮੁਲਾਜ਼ਮਾਂ ਨੂੰ ਹਦਾਇਤ ਕੀਤੀ ਕਿ ਉਹ ਆਇਓਡੀਨ ਲੂਣ ਦੇ ਫਾਇਦਿਆਂ ਅਤੇ ਲੂਣ ਨਾਲ ਖਾਣ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਲੋਕਾਂ ਨੂੰ ਖਾਸ ਕਰਕੇ ਗਰਭਵਤੀ ਔਰਤਾਂ ਨੂੰ ਜਾਗਰੂਕ ਕਰਨ। ਇਸ ਸਮੇਂ ਬਲਰਾਜ ਸਿੰਘ ਬੀ ਈ ਈ ਨੇ ਦੱਸਿਆ ਕਿ ਜੇਕਰ ਬੱਚਿਆਂ ਅਤੇ ਗਰਭਵਤੀ ਔਰਤਾਂ ਵਿੱਚ ਆਇਓਡੀਨ ਦੀ ਕਮੀ ਹੁੰਦੀ ਹੈ ਤਾਂ ਇਸ ਦੀ ਕਮੀ ਨਾਲ ਹੋਣ ਵਾਲੇ ਰੋਗ ਹਮੇਸ਼ਾਂ ਲਈ ਹੁੰਦੇ ਹਨ,ਜਿਨ੍ਹਾਂ ਦਾ ਕੋਈ ਇਲਾਜ ਨਹੀਂ ਹੁੰਦਾ। ਇਸ ਸਮੇਂ ਉਹਨਾਂ ਨੇ ਮਰੀਜਾਂ ਨੂੰ ਕਿਹਾ ਕਿ ਉਹ ਆਪਣੇ ਪੂਰੇ ਪਰਵਾਰ ਦੇ ਖਾਣੇ ਵਿੱਚ ਆਇਓਡੀਨ ਯੁਕਤ ਲੈਣ ਤਾਂ ਜੋ ਉਹ ਭਿਆਨਕ ਬਿਮਾਰੀਆਂ ਤੋਂ ਬਚ ਸਕਣ। ਇਸ ਸਮੇਂ ਅਪਥਾਲਮਿਕ ਅਫਸਰ ਜਸਵਿੰਦਰ ਸਿੰਘ, ਸਰਬਜੀਤ ਕੌਰ, ਜਤਿੰਦਰ ਕੌਰ, ਰੁਪਿੰਦਰ ਕੌਰ, ਐਸ ਆਈ ਸਤਨਾਮ ਸਿੰਘ, ਜਸਪਿੰਦਰ ਸਿੰਘ, ਜਸਕੀਰਤ ਸਿੰਘ, ਜੋਬਨ ਸਿੰਘ, ਲਖਵਿੰਦਰ ਸਿੰਘ ਲੱਖਾ ਆਦਿ ਹਾਜ਼ਰ ਸਨ।

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਜ਼ਿਮਨੀ ਚੋਣਾਂ 'ਚ ਪੰਜਾਬ ਸਰਕਾਰ ਨੂੰ ਘੇਰਨ ਦੀਆਂ ਤਿਆਰੀਆਂ

ਤਰਨ ਤਾਰਨ : ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਫਰੰਟ ਦੇ ਕਨਵੀਨਰ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ ਹੇਠ ਹੋਈ । ਮੀਟਿੰਗ ਦੇ ਫੈਸਲਿਆਂ ਬਾਰੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਆਗੂਆਂ ਸਤੀਸ਼ ਰਾਣਾ, ਭਜਨ ਸਿੰਘ ਗਿੱਲ, ਸਵਿੰਦਰਪਾਲ ਸਿੰਘ ਮੋਲੋਵਾਲੀ, ਗਗਨਦੀਪ ਸਿੰਘ ਭੁੱਲਰ , ਸੁਖਦੇਵ ਸਿੰਘ ਸੈਣੀ, ਬਾਜ ਸਿੰਘ ਖਹਿਰਾ, ਹਰਦੀਪ ਸਿੰਘ ਟੋਡਰਪੁਰ, ਰਘਵੀਰ ਸਿੰਘ, ਪ੍ਰਵੀਨ ਕੁਮਾਰ, ਜਗਦੀਸ਼ ਸਿੰਘ ਚਾਹਲ, ਰਾਧੇਸ਼ਯਾਮ, ਬੋਬਿੰਦਰ ਸਿੰਘ ਨੇ ਦੱਸਿਆ ਕਿ ਸਰਕਾਰ ਦੀ ਵਾਅਦਾ ਖਿਲਾਫੀ ਅਤੇ ਵਾਰ-ਵਾਰ ਮੀਟਿੰਗਾਂ ਦੇ ਕੇ ਭੱਜਣ ਖਿਲਾਫ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਪੰਜਾਬ ਅੰਦਰ ਹੋ ਰਹੀਆਂ ਚਾਰ ਵਿਧਾਨ ਸਭਾ ਦੀਆਂ ਜ਼ਿਮਨੀ ਚੋਣਾਂ ਵਿੱਚ ਸਰਕਾਰ ਨੂੰ ਘੇਰਿਆ ਜਾਵੇਗਾ, ਜਿਸ ਦੀਆਂ ਤਿਆਰੀਆਂ ਲਈ 25 ਅਤੇ 26 ਅਕਤੂਬਰ ਨੂੰ ਜ਼ਿਲ੍ਹਾ ਮੀਟਿੰਗਾਂ ਕਰਨ ਉਪਰੰਤ 28 ਅਤੇ 29 ਅਕਤੂਬਰ ਨੂੰ ਸਮੁੱਚੇ ਪੰਜਾਬ ਵਿੱਚ ਸਰਕਾਰ ਦੀਆਂ ਅਰਥੀਆਂ ਫੂਕਣ ਤੋਂ ਬਾਅਦ 3 ਨਵੰਬਰ ਨੂੰ ਚੱਬੇਵਾਲ, 7 ਨਵੰਬਰ ਨੂੰ ਗਿੱਦੜਬਾਹਾ , 9 ਨਵੰਬਰ ਨੂੰ ਡੇਰਾ ਬਾਬਾ ਨਾਨਕ ਅਤੇ 10 ਨਵੰਬਰ ਨੂੰ ਬਰਨਾਲਾ ਵਿਧਾਨ ਸਭਾ ਹਲਕਿਆਂ ਅੰਦਰ ਝੰਡਾ ਮਾਰਚ ਕਰਕੇ ਪੰਜਾਬ ਸਰਕਾਰ ਦੀ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀ ਖਿਲਾਫ਼ ਅਵਾਜ਼ ਬੁਲੰਦ ਕੀਤੀ ਜਾਵੇਗੀ। ਇਸ ਮੀਟਿੰਗ ਦੌਰਾਨ ਸਾਂਝਾ ਮੁਲਾਜ਼ਮ ਮੰਚ ਅਤੇ ਪੰਜਾਬ ਮਨਿਸਟਰੀਅਲ ਯੂਨੀਅਨ ਵੱਲੋਂ ਉਲੀਕੇ ਸੰਘਰਸ਼ਾਂ ਦੀ ਹਮਾਇਤ ਦਾ ਮਤਾ ਪਾਸ ਕੀਤਾ ਗਿਆ। ਇਕ ਵੱਖਰੇ ਮਤੇ ਰਾਹੀਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵੱਲੋਂ ਕਰਮਚਾਰੀਆਂ ਨੂੰ ਮਿਲ ਰਹੀਆਂ ਪੈਨਸ਼ਨਾਂ ਖਿਲਾਫ਼ ਦਿੱਤੇ ਬਿਆਨ ਦੀ ਜ਼ੋਰਦਾਰ ਨਿੰਦਾ ਕੀਤੀ ਗਈ। ਸਾਂਝਾ ਫਰੰਟ ਦੇ ਆਗੂਆਂ ਆਖਿਆ ਕਿ ਇਹ ਪਹਿਲੀ ਵਾਰ ਹੈ ਜਦੋਂ ਤਿਉਹਾਰਾਂ ਦੇ ਸਮੇਂ ਵੀ ਪੰਜਾਬ ਸਰਕਾਰ ਕੋਈ ਬਕਾਇਆ , ਕੋਈ ਮਹਿੰਗਾਈ ਭੱਤਾ ਜਾਂ ਕੋਈ ਹੋਰ ਰਾਹਤ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਨਹੀਂ ਦੇ ਰਹੀ। ਇਹ ਸਰਕਾਰ ਪੂਰੀ ਤਰ੍ਹਾਂ ਕਾਰਪੋਰੇਟ ਪੱਖੀ ਸਰਕਾਰ ਸਾਬਤ ਹੋਈ ਹੈ। ਆਗੂਆਂ ਦੋਸ਼ ਲਾਇਆ ਕਿ ਇਸ ਸਰਕਾਰ ਵੱਲੋਂ ਦੂਸਰੇ ਸੂਬਿਆਂ ਵਿੱਚ ਸੱਤਾ ਦੀ ਪ੍ਰਾਪਤੀ ਲਈ ਖਜ਼ਾਨੇ ਦੀ ਅੰਨ੍ਹੀ ਲੁੱਟ ਕੀਤੀ ਜਾ ਰਹੀ ਹੈ। ਪੰਜਾਬ ਵਿੱਚ ਹਰੇਕ ਕਿਸਮ ਦਾ ਮਾਫੀਆ ਲਗਾਤਾਰ ਪਹਿਲਾਂ ਨਾਲੋਂ ਵੀ ਵੱਧ ਪਨਪ ਰਿਹਾ ਹੈ। ਇਸ ਮੌਕੇ ਸਾਂਝਾ ਫਰੰਟ ਦੇ ਆਗੂਆਂ

22-Oct-PAGE-12.qxd 10/21/2024 11:21 PM Page 1

ਸ੍ਰੀ ਚਮਕੌਰ ਸਾਹਿਬ ਮੰਡੀਆਂ ਦੇ ਆੜ੍ਹਤੀਆਂ ਵੱਲੋਂ ਹੜਤਾਲ ਜਾਰੀ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੱਬੀ)- ਸ੍ਰੀ ਚਮਕੌਰ ਸਾਹਿਬ ਅਧੀਨ ਪੈਂਦੀਆਂ ਅਨਾਜ ਮੰਡੀਆਂ ਵਿੱਚ ਹੁਣ ਤੱਕ 2 ਲੱਖ ਕੁਇੰਟਲ ਖਰੀਦੇ ਗਏ ਝੋਨੇ ਦੀ ਚੁਕਾਈ ਨਾ ਹੋਣ ਕਾਰਨ ਆੜ੍ਹਤੀਆਂ ਨੂੰ ਮੁੜ ਹੜਤਾਲ 'ਤੇ ਜਾਣ ਲਈ ਮਜਬੂਰ ਹੋਣਾ ਪਿਆ। ਆੜ੍ਹਤੀ ਮਨਜੀਤ ਸਿੰਘ ਕੰਗ ਅਤੇ ਉੱਜਲ ਸਿੰਘ ਨੇ ਦੱਸਿਆ ਕਿ ਇੱਥੋਂ ਦੀ ਮੰਡੀ ਵਿੱਚ ਹੁਣ ਤੱਕ 1 ਲੱਖ ਕੁਇੰਟਲ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ, ਪਰ 90 ਹਜ਼ਾਰ ਕੁਇੰਟਲ ਝੋਨਾ ਮੰਡੀ ਵਿੱਚ ਪਿਆ ਹੈ ਅਤੇ ਇਸ ਤੋਂ ਇਲਾਵਾ 2 ਹਜ਼ਾਰ ਕੁਇੰਟਲ ਝੋਨਾ ਢੇਰੀਆਂ ਦੇ ਰੂਪ ਵਿੱਚ ਪਿਆ ਹੈ। ਉਨ੍ਹਾਂ ਦੱਸਿਆ ਕਿ ਇੱਥੋਂ ਦੀ ਮੰਡੀ ਸਮੇਤ ਕਸਬਾ ਬੇਲਾ, ਬਸੀ ਗੁੱਜਰਾਂ, ਗੱਗੋ ਅਤੇ ਹਾਫਿਜ਼ਾਬਾਦ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਬੰਦ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਮਾੜੀ ਕਾਰਗੁਜ਼ਾਰੀ ਕਾਰਨ ਸਰਕਾਰੀ ਖਰੀਦ ਏਜੰਸੀ ਐਫਸੀਆਈ ਨੂੰ ਝੋਨੇ ਦੀ ਖਰੀਦ ਦਾ ਕੰਮ ਸੌਂਪਿਆ ਗਿਆ ਸੀ, ਪਰ ਉਕਤ ਏਜੰਸੀ ਵੱਲੋਂ ਸਿਰਫ 3 ਹਜ਼ਾਰ ਕੁਇੰਟਲ ਝੋਨਾ ਹੀ ਖਰੀਦ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਹੁਣ ਤਾਂ ਇਨ੍ਹਾਂ ਹਾਲਾਤਾਂ ਕਾਰਨ ਮੰਡੀਆਂ ਵਿੱਚੋਂ ਲੇਬਰ ਵੀ ਭੱਜਣੀ ਸ਼ੁਰੂ ਹੋ ਗਈ ਹੈ, ਜਿਸ ਕਾਰਨ ਆੜ੍ਹਤੀ ਵਰਗ ਲਈ ਹੋਰ ਨਵੀਂ ਮੁਸੀਬਤ ਖੜ੍ਹੀ ਹੋ ਗਈ ਹੈ। ਉਕਤ ਮੰਡੀਆਂ ਦੇ ਸਮੂਹ ਆੜ੍ਹਤੀਆਂ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਜਦੋਂ ਤੱਕ ਮੰਡੀਆਂ ਵਿੱਚ ਝੋਨੇ ਦੀ ਚੁਕਾਈ ਮੁਕੰਮਲ ਨਹੀਂ ਕੀਤੀ ਕੀਤੀ ਜਾਂਦੀ, ਉਦੋਂ ਤੱਕ ਮੰਡੀਆਂ ਵਿੱਚ ਝੋਨੇ ਦੀ ਖਰੀਦ ਨਹੀਂ ਹੋਵੇਗੀ। ਦੂਜੇ ਪਾਸੇ ਝੋਨੇ ਦੀ ਖਰੀਦ ਨਾ ਹੋਣ ਕਾਰਨ ਦੁਕਾਨਦਾਰ ਵਰਗ ਵੀ ਬਾਜ਼ਾਰਾਂ ਵਿੱਚ ਮੰਦਹਾਲੀ ਕਾਰਨ ਪ੍ਰੇਸ਼ਾਨ ਹੋ ਰਹੇ ਹਨ। ਮਾਂਗਟ ਮੋਟਰਜ਼ ਦੇ ਚੇਅਰਮੈਨ ਅਮਨਦੀਪ ਸਿੰਘ ਮਾਂਗਟ ਨੇ ਕਿਹਾ ਕਿ ਦੀਵਾਲੀ ਦਾ ਤਿਉਹਾਰ ਨੇੜੇ ਹੋਣ ਕਾਰਨ ਉਨ੍ਹਾਂ ਦੇ ਦਰਜਨਾਂ ਹੀ ਮੋਟਰਸਾਈਕਲ ਕਿਸਾਨਾਂ ਵੱਲੋਂ ਹਰ ਸਾਲ ਖਰੀਦ ਕੀਤੇ ਜਾਂਦੇ ਸਨ ਪਰ ਇਸ ਵਾਰ ਝੋਨੇ ਦੀ ਖਰੀਦ ਨਾ ਹੋਣ ਕਾਰਨ ਉਨ੍ਹਾਂ ਦੇ ਮੋਟਰਸਾਈਕਲਾਂ ਦੀ ਵਿਕਰੀ ਵਿੱਚ ਗਿਰਾਵਟ ਆਈ ਹੈ, ਜਦੋਂ ਕਿ ਉਨ੍ਹਾਂ ਵੱਲੋਂ ਲੱਖਾਂ ਰੁਪਏ ਲਗਾ ਕੇ ਕੰਪਨੀ ਤੋਂ ਮੋਟਰਸਾਈਕਲ ਖਰੀਦ ਕੀਤੇ ਜਾ ਚੁੱਕੇ ਹਨ। ਕੱਪੜਾ ਵਪਾਰੀ ਭੁਪਿੰਦਰ ਸਿੰਘ ਨੇ ਕਿਹਾ ਕਿ ਕਿਸਾਨਾਂ ਦੇ ਸਿਰ ਤੇ ਹੀ ਸਭ ਵਪਾਰ ਚਲਦਾ ਹੈ ਪਰ ਇਸ ਵਾਰ ਝੋਨੇ ਦੀ ਖਰੀਦ ਨਾ ਹੋਣ ਕਾਰਨ ਪੈਸਿਆਂ ਦਾ ਲੈਣ-ਦੇਣ ਵੀ ਨਹੀਂ ਹੋ ਰਿਹਾ, ਜਿਸ ਕਾਰਨ ਹਰੇਕ ਵਰਗ ਦੇ ਵਪਾਰ ਵਿਚ ਖੜੋਤ ਆ ਗਈ ਹੈ। ਬਾਈ ਪਰਮਿੰਦਰ ਸਿੰਘ ਸੋਖੋਂ ਨੇ ਕਿਹਾ ਕਿ ਝੋਨੇ ਦੀ ਖਰੀਦ ਨਾ ਹੋਣ ਕਾਰਨ ਹਰੇਕ ਵਰਗ ਦਾ ਵਪਾਰੀ ਇਸ ਸਮੇਂ ਪ੍ਰੇਸ਼ਾਨ ਹੋ ਰਿਹਾ ਹੈ, ਕਿਉਂਕਿ ਝੋਨੇ ਦੇ ਸੀਜ਼ਨ ਦੌਰਾਨ ਕਿਸਾਨ ਝੋਨਾ ਵੇਚ ਕੇ ਹਰੇਕ ਵਪਾਰੀ ਨਾਲ ਲੈਣ ਦੇਣ ਕਰਕੇ ਨਵੇਂ ਸਿਰੇ ਤੋਂ ਆਪਣਾ ਕੰਮਕਾਜ ਚਲਾਉਂਦੇ ਹਨ।

ਬਲਜੀਤ ਸਿੰਘ ਪਾਹੜਾ ਚੋਣ ਪ੍ਰਚਾਰ ਤਾਲਮੇਲ ਕਮੇਟੀ ਦੇ ਇੰਚਾਰਜ ਬਣੇ

ਗੁਰਦਾਸਪੁਰ (ਜਨਕ ਮਹਾਜਨ)- ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਲਈ ਪੰਜਾਬ ਯੂਥ ਕਾਂਗਰਸ ਵੱਲੋਂ ਚੋਣ ਪ੍ਰਚਾਰ ਤਾਲਮੇਲ ਕਮੇਟੀ ਦਾ ਗਠਨ ਕੀਤਾ ਗਿਆ ਹੈ। ਗੁਰਦਾਸਪੁਰ ਨਗਰ ਕੌਂਸਲ ਦੇ ਪ੍ਰਧਾਨ ਐਡਵੋਕੇਟ ਬਲਜੀਤ ਸਿੰਘ ਪਾਹੜਾ ਨੂੰ ਇਸ ਕਮੇਟੀ ਦਾ ਇੰਚਾਰਜ ਬਣਾਇਆ ਗਿਆ ਹੈ। ਜਦੋਂਕਿ ਕਨਵੀਨਰ ਦੀ ਜ਼ਿੰਮੇਵਾਰੀ ਮਨਿੰਦਰ ਸਿੰਘ ਨੂੰ ਸੌਂਪੀ ਗਈ ਹੈ। ਅੰਮ੍ਰਿਤਪਾਲ ਸਿੰਘ ਸੰਧੂ, ਹਰਮਨਦੀਪ ਸਿੰਘ, ਨਕੁਲ ਮਹਾਜਨ ਅਤੇ ਪ੍ਰਭਜੋਤ ਸਿੰਘ ਚੱਠਾ ਨੂੰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਪਾਹੜਾ ਨੇ ਇਸ ਨਿਯੁਕਤੀ ਲਈ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਜਿਸ ਵੀ ਉਮੀਦਵਾਰ ਨੂੰ ਮੈਦਾਨ ਵਿੱਚ ਉਤਾਰੇਗੀ, ਅਸੀਂ ਉਸ ਦੀ ਹਮਾਇਤ ਵਿੱਚ ਦਿਨ ਰਾਤ ਇੱਕ ਕਰ ਦੇਵਾਂਗੇ। ਪਾਹੜਾ ਨੇ ਕਿਹਾ ਕਿ ਅੱਜ ਸੂਬੇ ਦਾ ਹਰ ਵਰਗ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਦੁਖੀ ਹੈ। ਵੱਡੇ-ਵੱਡੇ ਦਾਅਵੇ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਆਪਣਾ ਇੱਕ ਵੀ ਵਾਅਦਾ ਪੂਰਾ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ। ਕਾਂਗਰਸੀ ਵਰਕਰ ਪਾਰਟੀ ਦੇ ਉਮੀਦਵਾਰ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਕੇ ਜਿੱਤ ਯਕੀਨੀ ਬਣਾਉਣਗੇ।

75ਵੀਂ ਸੀਨੀਅਰ ਸਟੇਟ ਫੁੱਟਬਾਲ ਚੈਂਪੀਅਨਸ਼ਿਪ ਸ਼ਾਨੋ-ਸ਼ੌਕਤ ਨਾਲ ਸਮਾਪਤ

ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਚੱਲ ਰਹੇ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਵੱਲੋਂ 75ਵੀਂ ਸੀਨੀਅਰ ਸਟੇਟ ਫੁੱਟਬਾਲ ਚੈਂਪੀਅਨਸ਼ਿਪ ਅੱਜ ਬੜੀ ਸ਼ਾਨੋ ਸ਼ੌਕਤ ਨਾਲ ਸੰਪੰਨ ਹੋਈ । ਇਸ ਸਮਾਪਤੀ ਸਮਾਗਮ ਵਿੱਚ ਮਹਿੰਦਰ ਭਗਤ, ਮੰਤਰੀ ਡਿਫੈਂਸ ਸਰਵਿਸਸ ਵੈਲਫੇਅਰ, ਵੈਲਫੇਅਰ ਆਫ ਫਰੀਡੰਮ ਫਾਈਟਰ ਅਤੇ ਹੋਰਟੀਕਲਚਰ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ । ਇਸ ਸਮਾਗਮ ਦੀ ਪ੍ਰਧਾਨਗੀ ਸ੍ਰ. ਜਸਪਾਲ ਵੜੈਚ ਸੰਯੁਕਤ ਸਕੱਤਰ ਗਰਵਨਿੰਗ ਕੌਂਸਲ, ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਹੁਣਾਂ ਨੇ ਕੀਤੀ । ਡਾ. ਧਰਮਜੀਤ ਸਿੰਘ, ਵਾਈਸ ਚਾਂਸਲਰ, ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਹਨਾਂ ਸਖਸ਼ੀਅਤਾਂ ਦਾ ਸਵਾਗਤ ਡੀ.ਐਫ.ਏ. ਦੇ ਪ੍ਰਧਾਨ ਸ. ਇੰਦਰਜੀਤ ਸਿੰਘ ਅਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਕੀਤਾ। ਮੁੱਖ ਮਹਿਮਾਨ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਖਿਡਾਰੀ ਖੇਡ ਦੇ ਖੇਤਰ ਵਿਚ ਪੌੜੀ-ਦਰ-ਪੌੜੀ ਆਪਣਾ ਸਫ਼ਰ ਤਹਿ ਕਰਦੇ ਹੋਏ ਆਪਣੀ ਵੱਖਰੀ ਪਹਿਚਾਣ ਬਣਾਉਂਦੇ ਹਨ । ਉਨ੍ਹਾਂ ਖਿਡਾਰੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਮਿਹਨਤ ਅਤੇ ਇਮਾਨਦਾਰੀ ਨਾਲ ਅੱਗੇ ਵੱਧਣ ਦੀ ਪ੍ਰੇਰਣਾ ਵੀ ਦਿੱਤੀ। ਅੱਜ ਤੀਜੇ ਤੇ ਚੌਥੇ ਸਥਾਨ ਲਈ ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ ਦੀ ਟੀਮਾਂ ਵਿਚਕਾਰ ਮੈਚ ਖੇਡਿਆ ਗਿਆ, ਜੋ ਪੂਰੇ ਸਮੇਂ ਤੱਕ 2-2 ਨਾਲ ਬਰਾਬਰ ਰਿਹਾ। ਪਨੈਲਟੀ ਕਿੱਕ ਰਾਹੀਂ ਜਲੰਧਰ ਨੇ 2 ਦੇ ਮੁਕਾਬਲੇ 4 ਗੋਲ ਨਾਲ ਮੈਚ ਜਿੱਤਿਆ ਅਤੇ ਤੀਜਾ ਸਥਾਨ ਹਾਸਿਲ ਕੀਤਾ। ਅੱਜ ਦਾ ਫਾਈਨਲ ਮੈਚ ਕਪੂਰਥਲਾ ਅਤੇ ਪਟਿਆਲਾ ਦੀਆਂ ਟੀਮਾਂ ਦਰਮਿਆਨ ਹੋਇਆ, ਇਸ ਸੰਘਰਸ਼ ਪੂਰਨ ਮੈਚ ਵਿਚ ਕਪੂਰਥਲਾ ਦੀ ਟੀਮ 1-0 ਨਾਲ ਜੇਤੂ ਰਹੀ ਅਤੇ 75ਵੀਂ ਸੀਨੀਅਰ ਸਟੇਟ ਫੁੱਟਬਾਲ ਚੈਂਪੀਅਨਸ਼ਿਪ ਦਾ ਚੈਂਪੀਅਨ ਹੋਣ ਦਾ ਮਾਣ ਹਾਸਲ ਕੀਤਾ । ਇਸ ਚੈਂਪੀਅਨਸ਼ਿਪ ਵਿਚ ਅਰਪਨ ਸਿੰਘ ਪਟਿਆਲਾ ਬੈਸਟ ਗੋਲਕੀਪਰ, ਕਰਮਜੀਤ ਸਿੰਘ ਕਪੂਰਥਲਾ ਬੈਸਟ ਡੀਫੈਂਡਰ, ਜੋਗਿੰਦਰ ਕਪੂਰਥਲਾ ਬੈਸਟ ਹਾਫ ਬੈਕ, ਹਰਜੋਤ ਸਿੰਘ ਕਪੂਰਥਲਾ ਨੂੰ ਬੈਸਟ ਸਟਰਾਈਕਰ ਐਲਾਨਿਆ ਗਿਆ। ਇਸ ਮੌਕੇ ਸੁੱਖੀ ਮਾਨ, ਵਿਜੈ ਵੈਸ਼, ਬਲਵਿੰਦਰ ਰਾਣਾ, ਸੰਤੋਖ ਸਿੰਘ ਨਾਰਵੇ, ਧਨਵੰਤ ਕੁਮਾਰ, ਵਿਜੈ ਬਾਲੀ, ਹਰਜਿੰਦਰ ਸਿੰਘ ਸੈਕਟਰੀ ਡੀ.ਐਫ.ਏ., ਜੁਆਇੰਟ ਸਕੱਤਰ ਪੰਜਾਬ ਫੁੱਟਬਾਲ ਐਸੋਸੀਏਸ਼ਨ, ਹਰਦੀਪ ਸਿੰਘ ਸਾਬਕਾ ਅੰਤਰ-ਰਾਸ਼ਟਰੀ ਫੁੱਟਬਾਲ ਖਿਡਾਰੀ, ਸ੍ਰੀ ਰਮੇਸ਼ ਲਾਲ, ਭੁਪਿੰਦਰ ਸਿੰਘ ਭਿੰਡੀ, ਜਗਦੀਸ਼ ਸਿੰਘ, ਅੰਮ੍ਰਿਤ ਲਾਲ ਸੈਣੀ, ਬੰਧਨਾਂ ਸਿੰਘ, ਡਾ. ਪਰਮਪ੍ਰੀਤ, ਪਿਸ਼ੋਰਾ ਸਿੰਘ, ਪ੍ਰਦੀਪ ਕੁਮਾਰ ਫੁੱਟਬਾਲ ਕੋਚ ਜੀ ਐੱਨ ਡੀ ਯੂ ਅਤੇ ਹੋਰ ਫੁੱਟਬਾਲ ਪ੍ਰੇਮੀ ਹਾਜ਼ਰ ਸਨ। ਅੰਤ 'ਚ ਡਾ. ਗੋਪਾਲ ਸਿੰਘ ਬੁੱਟਰ ਨੇ ਖਿਡਾਰੀਆਂ, ਪ੍ਰੈੱਸ ਰਿਪੋਰਟਰਾਂ, ਕੋਚ, ਮੈਨੇਜਰ ਅਤੇ ਸਮੂਹ ਫੁੱਟਬਾਲ ਪ੍ਰੇਮੀਆਂ ਦਾ ਧੰਨਵਾਦ ਕੀਤਾ ।

ਹਰਿਆਣਾ 'ਚ ਭਾਜਪਾ ਦੀ ਸਰਕਾਰ ਬਣਨ 'ਤੇ ਲੱਡੂ ਵੰਡੇ

ਮੋਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਡਾਂਡੀਆਂ ਵਿਖੇ ਉਘੇ ਸਮਾਜ ਸੇਵਕ, ਸੀਨੀਅਰ ਭਾਜਪਾ ਆਗੂ ਅਵਤਾਰ ਸਿੰਘ ਡਾਂਡੀਆਂ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਮੋਰਚਾ ਹੁਸ਼ਿਆਰਪੁਰ ਦੀ ਅਗਵਾਈ ਹੇਠ ਹਰਿਆਣਾ ਸਟੇਟ ਵਿੱਚ ਭਾਜਪਾ ਦੀ ਸਰਕਾਰ ਬਣਨ ਅਤੇ ਜੰਮੂ ਕਸ਼ਮੀਰ 'ਚ ਵਧੀਆ ਪ੍ਰਦਰਸ਼ਨ ਕਰਨ ਤੇ ਭਾਜਪਾ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ। ਇਸ ਮੌਕੇ ਭਾਜਪਾ ਵਰਕਰਾਂ ਵੱਲੋਂ ਸੀਨੀਅਰ ਆਗੂ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਮੋਰਚਾ ਹੁਸ਼ਿਆਰਪੁਰ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਭਾਜਪਾ ਵਰਕਰਾਂ ਵੱਲੋਂ ਜਿੱਤ ਦੀ ਖੁਸ਼ੀ ਮੌਕੇ ਨਾਅਰੇਬਾਜ਼ੀ ਕੀਤੀ ਗਈ ਅਤੇ ਭੰਗੜਾ ਪਾਕੇ ਕੇ ਖੁਸ਼ੀ ਮਨਾਈ ਗਈ। ਇਸ ਮੌਕੇ ਉਘੇ ਸਮਾਜ ਸੇਵਕ, ਸੀਨੀਅਰ ਭਾਜਪਾ ਆਗੂ ਅਵਤਾਰ ਸਿੰਘ ਡਾਂਡੀਆਂ ਨੇ ਸਮੂਹ ਹਰਿਆਣਾ ਅਤੇ ਜੰਮੂ ਕਸ਼ਮੀਰ ਸਟੇਟ ਦੇ ਲੋਕਾਂ ਦਾ ਭਾਰਤੀ ਜਨਤਾ ਪਾਰਟੀ ਨੂੰ ਵੋਟ ਪਾਉਣ ਤੇ ਧੰਨਵਾਦ ਕੀਤਾ।ਅਵਤਾਰ ਸਿੰਘ ਡਾਂਡੀਆ ਜ਼ਿਲ੍ਹਾ ਪ੍ਰਧਾਨ ਕਿਸਾਨ ਮੋਰਚਾ, ਸੰਤੋਖ ਸਿੰਘ, ਇੰਦਰ ਪ੍ਰੀਤ ਸਿੰਘ, ਦਵਿੰਦਰ ਸਿੰਘ, ਸੁਰਿੰਦਰ ਸਿੰਘ, ਨਿਸ਼ਾਨ ਸਿੰਘ, ਸ਼ੈਰੀ ਗੀਤਕਾਰ, ਹਰਮੇਲ ਸਿੰਘ, ਨੰਬਰਦਾਰ ਖੁਸ਼ੀਆਂ ਸਿੰਘ, ਦਰਸ਼ਨ ਸਿੰਘ ਸ਼ੋਂਕੀ ਆਦਿ ਹਾਜ਼ਰ ਸਨ।

ਬਾਬਾ ਇੰਦਰ ਸਿੰਘ ਮੋਨੀ ਦੀ 84ਵੀਂ ਬਰਸੀ 'ਤੇ ਸਮਾਗਮ

ਰਾਹੋਂ (ਕੁਲਵਿੰਦਰ ਸਿੰਘ ਰਾਹੋਂ) ਗੱਦੀ ਨਸ਼ੀਨ ਸੰਤ ਰਜਿੰਦਰ ਸਿੰਘ ਜੀ ਛੋਕਰਾਂ ਵਾਲਿਆਂ ਵੱਲੋ ਜਾਣਕਾਰੀ ਦਿੱਤੀ ਗਈ ਕਿ ਪਿੰਡ ਤੇ ਇਲਾਕਾ ਨਿਵਾਸੀ, ਸਾਧ ਸੰਗਤ ਅਤੇ ਐੱਨ ਆਰ ਆਈ ਵੀਰ ਦੇ ਸਹਿਯੋਗ ਨਾਲ ਪਿੰਡ ਛੋਕਰਾਂ ਸੰਤ ਬਾਬਾ ਇੰਦਰ ਸਿੰਘ ਮੋਨੀ ਦੀ 84ਵੀਂ ਬਰਸੀ 22 ਅਕਤੂਬਰ ਤੋਂ ਲੈ ਕੇ 24 ਅਕਤੂਬਰ ਤੱਕ ਮਨਾਈ ਜਾ ਰਹੀ ਹੈ 22 ਅਕਤੂਬਰ ਦਿਨ ਮੰਗਲਵਾਰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਸਵੇਰੇ 9-00 ਵਜੇ ਹੋਵੇਗੀ ਅਤੇ ਨਗਰ ਕੀਰਤਨ ਸਵੇਰੇ10 ਵਜੇ ਤੋ ਰਵਾਨਾ ਹੋਵੇਗਾ ਜੋ ਪਿੰਡ ਛੋਕਰਾਂ, ਕੋਟ ਰਾਂਝਾ, ਪੱਲੀਆਂ ਖੁਰਦ, ਪੱਲੀਆਂ ਕਲਾਂ, ਬਸਤੀ ਬਾਬਾ ਸ਼ਾਹ ਅਲੀ ਜੀ ਤੋਂ ਹੁੰਦਾ ਹੋਇਆ ਕੁਟੀਆ ਛੋਕਰਾਂ ਵਿਖੇ ਸਮਾਪਤੀ ਹੋਵੇਗੀ ।ਅਤੇ 23 ਤਰੀਕ ਦਿਨ ਬੁੱਧਵਾਰ ਨੂੰ ਸੰਤ ਸਮਾਗਮ ਦੀ ਆਰੰਭਤਾ ਸਵੇਰੇ 10 ਵਜੇ ਹੋਵੇਗੀ ਜਿਸ ਵਿੱਚ ਅਟਾਰੀ ਵਾਲਿਆਂ ਦਾ ਰਾਗੀ ਜੱਥਾ ਕੀਰਤਨ ਦੀ ਹਾਜਰੀ ਭਰੇਗਾ ਅਤੇ ਆਏ ਹੋਏ ਸੰਤ ਮਹਾਂਪੁਰਸ਼ ਆਈਆਂ ਸੰਗਤਾਂ ਨੂੰ ਆਪਣੇ ਪ੍ਰਬਚਨਾਂ ਨਾਲ ਨਿਹਾਲ ਕਰਨਗੇ ਅਤੇ ਰਾਤ ਦੇ ਸਮਾਗਮ ਸ਼ਾਮ 6-00 ਵਜੇ ਰਹਿਰਾਸ ਸਾਹਿਬ ਜੀ ਦੀ ਆਰੰਭਤਾ ਹੋਵੇਗੀ, 6:45 ਤੋਂ 7:30 ਵਜੇ ਤੱਕ ਕੀਰਤਨ ਭਾਈ ਹਰਦੀਪ ਸਿੰਘ ਪਰਮਜੀਤ ਸਿੰਘ ਲੁਧਿਆਣੇ ਵਾਲਿਆਂ ਦਾ ਜੱਥਾ, 7:30 ਤੋਂ 9:30 ਵਜੇ ਤੱਕ ਸੰਤ ਬਾਬਾ ਪਿਆਰਾ ਸਿੰਘ ਸਿਰਥਲੇ ਵਾਲੇ ਕਰਨਗੇ 24 ਤਰੀਕ ਦਿਨ ਵੀਰਵਾਰ ਨੂੰ ਕੀਰਤਨ ਸਮਾਗਮ 10.00 ਵਜੇ ਆਰੰਭ ਹੋਵੇਗਾ, ਜਿਸ ਵਿੱਚ ਭਾਈ ਵਰਿੰਦਰ ਸਿੰਘ ਕਵਿਸ਼ਰੀ ਜੱਥਾ, ਅੰਗਦਵੀਰ ਸਿੰਘ ਢਾਡੀ ਜੱਥਾ, ਭਾਈ ਸੁਖਵਿੰਦਰ ਸਿੰਘ ਅਨਮੋਲ ਆਈਆਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਬਬਲਾ ਸਟੂਡਿਉ ਰਾਹੋਂ ਵੱਲੋਂ ਲਾਇਵ ਸਮਾਗਮ ਦਿਖਾਇਆ ਜਾਵੇਗਾ ਅਤੇ ਅਤੁੱਟ ਲੰਗਰ ਵਰਤਾਇਆ ਜਾਵੇਗਾ।

ਸ਼ਹੀਦ ਪੁਲਸ ਮੁਲਾਜ਼ਮਾਂ ਨੂੰ ਸ਼ਰਧਾਂਜਲੀਆਂ ਕੀਤੀਆਂ ਭੇਟ

ਹੁਸ਼ਿਆਰਪੁਰ (ਓ ਪੀ ਰਾਣਾ) ਪੁਲਸ ਸ਼ਹੀਦੀ ਯਾਦਗਾਰੀ ਦਿਵਸ ਮੌਕੇ ਅੱਜ ਇੱਥੇ ਪੁਲਸ ਲਾਈਨ ਵਿਖੇ ਰੱਖੇ ਯਾਦਗਾਰੀ ਸਮਾਗਮ ਦੌਰਾਨ ਦੇਸ਼ ਦੀ ਏਕਤਾ, ਅਖੰਡਤਾ ਅਤੇ ਅਮਨ-ਕਾਨੂੰਨ ਵਿਵਸਥਾ ਨੂੰ ਬਰਕਰਾਰ ਰੱਖਣ ਲਈ ਸ਼ਹਾਦਤ ਦੇਣ ਵਾਲੇ ਪੁਲਸ ਵਿਭਾਗ ਅਤੇ ਅਰਧ ਸੈਨਿਕ ਬਲਾਂ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਮੌਕੇ ਡਿਪਟੀ ਕਮਿਸਨਰ ਕੋਮਲ ਮਿੱਤਲ ਅਤੇ ਜ਼ਿਲ੍ਹਾ ਪੁਲਸ ਮੁਖੀ ਸੁਰੇਂਦਰ ਲਾਂਬਾ ਸਮੇਤ ਵੱਖ-ਵੱਖ ਅਧਿਕਾਰੀਆਂ ਅਤੇ ਸਹੀਦਾਂ ਦੇ ਪਰਿਵਾਰਕ ਮੈਂਬਰਾਂ ਨੇ ਸਹੀਦਾਂ ਨੂੰ ਨਮਨ ਕਰਦਿਆਂ ਉਨ੍ਹਾਂ ਦੀਆਂ ਲਾਮਿਸਾਲ ਕੁਰਬਾਨੀਆਂ ਨੂੰ ਯਾਦ ਕੀਤਾ। ਡਿਪਟੀ ਕਮਿਸਨਰ ਕੋਮਲ ਮਿੱਤਲ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਦਾ ਕਦੇ ਵੀ ਦੇਣਾ ਨਹੀਂ ਦਿੱਤਾ ਜਾ ਸਕਦਾ। ਜ਼ਿਲ੍ਹਾ ਪ੍ਰਸ਼ਾਸ਼ਨ ਦੇਸ ਦੇ ਸ਼ਹੀਦਾਂ ਨੂੰ ਸਿਜਦਾ ਕਰਦਾ ਹੈ। ਇਸ ਮੌਕੇ ਐਸਐਸਪੀ ਸੁਰੇਂਦਰ ਲਾਂਬਾ ਨੇ ਸ਼ਹੀਦਾਂ ਨੂੰ ਨਮਨ ਕਰਦਿਆਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਵਿਸਾਰਿਆ ਨਹੀਂ ਜਾ ਸਕਦਾ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਸ਼ਹੀਦਾਂਦੇ ਪਰਿਵਾਰਾਂ ਦੀ ਹਰ ਸੰਭਵ ਮਦਦ ਲਈ ਵਚਨਬੱਧ ਹੈ ਅਤੇ ਪੁਲਸ ਇਨ੍ਹਾਂ ਪਰਿਵਾਰਾਂ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਕਾਂਸਟੇਬਲ ਅੰਮ੍ਰਿਤਪਾਲ ਸਿੰਘ ਵੱਲੋਂ ਪਿਛਲੇ ਸਾਲ ਆਪਣੀ ਡਿਊਟੀ ਨਿਭਾਉਂਦਿਆਂ ਸ਼ਹੀ